ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ



ਮਾਸਿਕ

# ਸੇਵਾ ਸਰਗਰਮੀਆਂ

ਲੜੀ ਨੰਬਰ 14, ਅਪ੍ਰੈਲ 2019 (ਚੇਤ-ਵੈਸਾਖ ਸੰਮਤ ਨਾਨਕਸ਼ਾਹੀ 551) । ਮੁੱਖ ਸੰਪਾਦਕ : ਬਲਵਿੰਦਰ ਸਿੰਘ ਜੌੜਾਸਿੰਘਾ । ਪ੍ਰਕਾਸ਼ਕ : ਧਰਮ ਪ੍ਰਚਾਰ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ । ਫੋਨ : 01832553956-60 । ਈਮੇਲ : sgpcsargarmiya@gmail.com

## ਸ਼੍ਰੋਮਣੀ ਕਮੇਟੀ ਦਾ 12 ਅਰਬ 5 ਕਰੋੜ 3 ਲੱਖ ਦਾ ਸਾਲਾਨਾ ਬਜਟ ਜੈਕਾਰਿਆਂ ਦੀ ਗੂੰਜ 'ਚ ਪਾਸ

### ਬਜਟ ਵਿਚ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ, ਧਰਮ ਪ੍ਰਚਾਰ, ਵਿਦਿਅਕ ਪਾਸਾਰ, ਸਿਹਤ ਸਹੂਲਤਾਂ, ਸਮਾਜ ਭਲਾਈ ਕਾਰਜਾਂ ਦੇ ਨਾਲ-ਨਾਲ ਸਿਕਲੀਗਰ ਤੇ ਵਣਜਾਰੇ ਸਿੱਖਾਂ ਲਈ ਵੀ ਕੀਤਾ ਗਿਆ ਹੈ ਪ੍ਰਬੰਧ -ਭਾਈ ਲੌਂਗੋਵਾਲ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਪ੍ਰਧਾਨਗੀ ਹੇਠ ਹੋਏ ਜਨਰਲ ਇਜਲਾਸ ਦੌਰਾਨ ਸ਼੍ਰੋਮਣੀ ਕਮੇਟੀ ਦਾ ਸਾਲ 2019-20 ਦਾ 12 ਅਰਬ 5 ਕਰੋੜ 3 ਲੱਖ ਰੁਪਏ ਦਾ ਸਾਲਾਨਾ ਬਜਟ ਜੈਕਾਰਿਆਂ ਦੀ ਗੂੰਜ ਵਿਚ ਪਾਸ ਕੀਤਾ ਗਿਆ। ਇਤਿਹਾਸਕ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿਚ ਹੋਏ ਇਜਲਾਸ ਦੌਰਾਨ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਸ. ਗੁਰਬਚਨ ਸਿੰਘ ਕਰਮੂੰਵਾਲਾ ਨੇ ਬਜਟ ਪੇਸ਼ ਕੀਤਾ, ਜਿਸ ਨੂੰ ਹਾਜ਼ਰ ਮੈਬਰਾਂ ਨੇ ਜੈਕਾਰੇ ਗਜਾ ਕੇ ਪ੍ਰਵਾਨਗੀ ਦਿੱਤੀ। ਜਨਰਲ ਇਜਲਾਸ ਦੀ ਆਰੰਭਤਾ ਅਰਦਾਸ ਮਗਰੋਂ ਹੁਕਮਨਾਮੇ ਨਾਲ ਹੋਈ, ਜਦਕਿ ਇਜਲਾਸ ਦੀ ਕਾਰਵਾਈ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਸ਼ੁਰੂ ਕੀਤੀ। ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਜਗਤਾਰ ਸਿੰਘ, ਭਾਈ ਸੁਲਤਾਨ ਸਿੰਘ ਅਰਦਾਸੀਆ ਵੀ ਮੌਜੂਦ ਸਨ। ਬਜਟ ਪੇਸ਼ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਸ. ਗੁਰਬਚਨ ਸਿੰਘ ਕਰਮੂੰਵਾਲਾ ਨੇ ਆਪਣੇ ਬਜਟ ਭਾਸ਼ਣ ਵਿਚ ਜਿਥੇ ਪਿਛਲੇ ਸਮੇਂ ਦੌਰਾਨ ਕੀਤੇ ਗਏ ਵਿਸ਼ੇਸ਼ ਕਾਰਜਾਂ ਦੀ ਸੰਖੇਪ ਜਾਣਕਾਰੀ ਦਿੱਤੀ ਉਥੇ ਹੀ ਭਵਿੱਖ ਦੀਆਂ ਯੋਜਨਾਵਾਂ ਦਾ ਵੀ ਖੁਲਾਸਾ ਕੀਤਾ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਇਸ ਸਾਲਾਨਾ ਬਜਟ ਵਿੱਚ ਜਨਰਲ ਬੋਰਡ ਫੰਡ ਲਈ 72 ਕਰੋੜ 50 ਲੱਖ ਰੁਪਏ, ਟਰੱਸਟ ਫੰਡ ਲਈ 50 ਕਰੋੜ 60 ਲੱਖ ਰੁਪਏ, ਵਿਦਿਆ ਫੰਡ 37 ਕਰੋੜ 40 ਲੱਖ ਰੁਪਏ, ਪ੍ਰਿੰਟਿੰਗ ਪ੍ਰੈਸਾਂ ਲਈ 7 ਕਰੋੜ 65 ਲੱਖ ਰੁਪਏ, ਧਰਮ ਪ੍ਰਚਾਰ ਕਮੇਟੀ ਲਈ 84 ਕਰੋੜ ਰੁਪਏ, ਗੁਰਦੁਆਰਾ ਸਾਹਿਬਾਨ ਸੈਕਸ਼ਨ-85 ਲਈ 7 ਅਰਬ 1 ਕਰੋੜ 52 ਲੱਖ ਰੁਪਏ, ਸਿੱਧੇ ਅਤੇ ਅਟੈਚ ਪ੍ਰਬੰਧ ਵਾਲੇ ਗੁਰਦੁਆਰਾ ਸਾਹਿਬਾਨ ਲਈ 13 ਕਰੋੜ 36 ਲੱਖ ਰੁਪਏ ਅਤੇ ਵਿਦਿਅਕ ਅਦਾਰਿਆਂ ਲਈ 2 ਅਰਬ 38 ਕਰੋੜ ਰੁਪਏ ਰੱਖੇ ਗਏ ਹਨ। ਇਸ ਵਾਰ ਦੇ ਬਜਟ ਵਿਚ ਪਿਛਲੇ ਸਾਲ ਤੋਂ ਕਰੀਬ 4 ਫੀਸਦੀ ਵਾਧਾ ਦਰਜ ਕੀਤਾ ਗਿਆ ਹੈ।

ਇਜਲਾਸ ਮਗਰੋਂ ਪ੍ਰੈੱਸ ਨਾਲ ਗੱਲਬਾਤ ਦੌਰਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਬਜਟ ਦੀ ਪ੍ਰਸ਼ੰਸਾ ਕੀਤੀ ਅਤੇ ਇਸ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਦੱਸਿਆ। ਉਨ੍ਹਾਂ ਆਖਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਸਮੁੱਚੇ ਸਿੱਖ ਜਗਤ ਦੇ ਸਹਿਯੋਗ ਨਾਲ ਇਸ ਸਾਲ ਨਵੰਬਰ ਮਹੀਨੇ ਵਿਚ ਪਹਿਲੇ ਪਾਤਸ਼ਾਹ ਜੀ ਦਾ 550 ਸਾਲਾ ਪ੍ਰਕਾਸ਼ ਪੁਰਬ ਕੌਮਾਂਤਰੀ ਪੱਧਰ 'ਤੇ ਮਨਾਇਆ ਜਾਵੇਗਾ, ਜਿਸ ਲਈ ਧਰਮ ਪ੍ਰਚਾਰ ਕਮੇਟੀ ਦੇ ਬਜਟ ਦਾ ਵੱਡਾ ਹਿੱਸਾ ਖ਼ਰਚ ਕੀਤਾ ਜਾਵੇਗਾ। ਉਨ੍ਹਾਂ ਵਿਸਥਾਰ ਦਿੰਦਿਆਂ ਦੱਸਿਆ ਕਿ ਬਜਟ ਵਿਚ 550ਵੇਂ ਪ੍ਰਕਾਸ਼ ਪੁਰਬ ਮੌਕੇ ਨਵੰਬਰ ਮਹੀਨੇ ਵਿਚ ਕਰਵਾਏ ਜਾਣ ਵਾਲੇ ਸਮਾਗਮਾਂ ਲਈ 12 ਕਰੋੜ 63 ਲੱਖ ਰੁਪਏ ਦੀ ਵਿਸ਼ੇਸ਼ ਰਾਸ਼ੀ ਰੱਖੀ ਗਈ ਹੈ। ਇਸ ਤੋਂ ਇਲਾਵਾ ਸਿੱਖ ਇਤਿਹਾਸ ਸਬੰਧੀ ਪ੍ਰਤੀਯੋਗਤਾ ਮੁਕਾਬਲਿਆਂ, ਧਾਰਮਿਕ ਪ੍ਰੀਖਿਆ, ਪੱਤਰ ਵਿਹਾਰ ਕੋਰਸ ਆਦਿ ਲਈ 19 ਕਰੋੜ 30 ਲੱਖ ਰੁਪਏ ਰੱਖੇ ਗਏ ਹਨ। ਭਾਈ ਲੌਂਗੋਵਾਲ ਨੇ ਦੱਸਿਆ ਕਿ ਬਜਟ ਵਿਚ ਸਿਕਲੀਗਰ, ਵਣਜਾਰੇ ਸਿੱਖਾਂ, ਪੰਜਾਬ ਤੇ ਪੰਜਾਬ ਤੋਂ ਬਾਹਰਲਿਆਂ ਗੁਰਦੁਆਰਾ ਸਾਹਿਬਾਨ ਅਤੇ ਲੋੜਵੰਦ ਵਿਦਿਆਰਥੀਆਂ ਦੀ ਸਹਾਇਤਾ ਲਈ 14 ਕਰੋੜ 50 ਲੱਖ ਰੁਪਏ ਰਾਖਵੇਂ ਹੋਣਗੇ। ਕੌਮੀ ਮਸਲਿਆਂ ਦੀ ਪੈਰਵਾਈ ਲਈ ਵੀ ਵਿਸ਼ੇਸ਼ ਰਾਸ਼ੀ ਰੱਖੀ ਗਈ ਹੈ। ਉਨ੍ਹਾਂ ਦੱਸਿਆ ਕਿ ਖ਼ਾਲਸਾਈ ਖੇਡਾਂ ਲਈ 60 ਲੱਖ ਰੁਪਏ, ਸਿੱਖ ਖਿਡਾਰੀਆਂ ਲਈ 1 ਕਰੋੜ ਰੁਪਏ, ਧਰਮੀ ਫ਼ੌਜੀਆਂ ਤੇ ਉਨ੍ਹਾਂ ਦੇ ਪਰਿਵਾਰਾਂ ਦੀ ਸਹਾਇਤਾ ਲਈ 2 ਕਰੋੜ ਰੁਪਏ, ਸਿੱਖ ਮਿਸ਼ਨਾਂ ਲਈ 8 ਕਰੋੜ ਰੁਪਏ, ਸਿੱਖ ਇਤਿਹਾਸ ਖੋਜ ਅਤੇ ਛਪਾਈ ਲਈ 70 ਲੱਖ ਰੁਪਏ ਅਤੇ ਕੁਦਰਤੀ ਆਫਤਾਂ ਲਈ ਵੀ 70 ਲੱਖ ਰੁਪਏ ਦੀ ਰਾਸ਼ੀ ਰੱਖੀ ਗਈ ਹੈ। ਭਾਈ ਲੌਂਗੋਵਾਲ ਅਨੁਸਾਰ ਬਜਟ ਵਿਚ ਧਰਮ ਪ੍ਰਚਾਰ, ਸਿਹਤ ਸਹੂਲਤਾਂ ਅਤੇ ਵਿਦਿਆ ਦੇ ਪਾਸਾਰ, ਗੁਰਦੁਆਰਾ ਸਾਹਿਬਾਨ ਅੰਦਰ ਸੰਗਤਾਂ ਦੀ ਸਹੂਲਤ ਲਈ ਵੱਖ-ਵੱਖ ਕਾਰਜਾਂ ਦੇ ਨਾਲ-ਨਾਲ ਸਮਾਜ ਭਲਾਈ ਦੇ ਕਾਰਜਾਂ ਲਈ ਵੀ ਯੋਜਨਾਵਾਂ ਬਣਾਈਆਂ ਗਈਆਂ ਹਨ।

ਉਨ੍ਹਾਂ ਕਿਹਾ ਕਿ ਇਹ ਵਰ੍ਹਾ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਹੈ ਅਤੇ ਇਸ ਸਬੰਧ ਵਿਚ ਸ਼੍ਰੋਮਣੀ ਕਮੇਟੀ ਵੱਲੋਂ ਜਿਥੇ ਵਿਸ਼ੇਸ਼ ਸਮਾਗਮ ਕਰਵਾਏ ਜਾ ਰਹੇ ਹਨ, ਉਥੇ ਹੀ ਸੁਲਤਾਨਪੁਰ ਲੋਧੀ ਵਿਖੇ ਯਾਦਗਾਰਾਂ ਅਤੇ ਵੱਖ-ਵੱਖ ਮਾਰਗਾਂ 'ਤੇ ਸੁੰਦਰ ਯਾਦਗਾਰੀ ਗੇਟ ਵੀ ਉਸਾਰੇ ਜਾ ਰਹੇ ਹਨ। ਸੁਲਤਾਨਪੁਰ ਲੋਧੀ ਵਿਖੇ ਗੁਰਦੁਆਰਾ ਸਾਹਿਬ ਸੰਤ ਘਾਟ ਦੇ ਨਜ਼ਦੀਕ ਮੂਲ ਮੰਤਰ ਅਸਥਾਨ ਦਾ ਨਿਰਮਾਣ ਜਾਰੀ ਹੈ ਅਤੇ ਇਸੇ ਤਰ੍ਹਾਂ ਸੰਗਤ ਦੇ ਠਹਿਰਣ ਲਈ ਵਿਸ਼ਾਲ ਪੱਧਰ 'ਤੇ ਨਿਵਾਸਾਂ ਦੇ ਨਾਲ-ਨਾਲ ਵਾਹਨ ਪਾਰਕਿੰਗ ਦਾ ਵੀ ਪ੍ਰਬੰਧ ਕੀਤਾ ਜਾ ਰਿਹਾ ਹੈ।

ਜਨਰਲ ਇਜਲਾਸ ਦੌਰਾਨ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਤੋਤਾ ਸਿੰਘ ਤੇ ਬੀਬੀ ਕਿਰਨਜੋਤ ਕੌਰ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ।

ਬਾਕੀ ਸਫ਼ਾ 2 'ਤੇ




## 550ਵੇਂ ਪ੍ਰਕਾਸ਼ ਪੁਰਬ ਸਬੰਧੀ ਸ਼੍ਰੋਮਣੀ ਕਮੇਟੀ ਨੇ ਸਮਾਗਮਾਂ ਦੀ ਰੂਪ-ਰੇਖਾ ਉਲੀਕੀ

### ਅੰਤਰ-ਧਰਮ ਸੰਵਾਦ ਸੰਮੇਲਨ, ਸਿੱਖ ਇਸਤਰੀ ਸੰਮੇਲਨ, ਵਿਸ਼ਵ ਸਿੱਖ ਸੰਮੇਲਨ, ਸ਼ਬਦ ਵਿਚਾਰ ਤੇ ਰਾਗ ਦਰਬਾਰ, ਕਵੀ ਦਰਬਾਰ ਆਦਿ ਸਮਾਗਮ ਕਰਵਾਏ ਜਾਣਗੇ



### ਪ੍ਰਕਾਸ਼ ਪੁਰਬ ਮੌਕੇ ਸ਼੍ਰੋਮਣੀ ਕਮੇਟੀ 101 ਸ਼ਖ਼ਸੀਅਤਾਂ ਨੂੰ ਕਰੇਗੀ ਸਨਮਾਨਿਤ -ਭਾਈ ਲੌਂਗੋਵਾਲ

ਸੁਲਤਾਨਪੁਰ ਲੋਧੀ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਮੌਕੇ ਸੁਲਤਾਨਪੁਰ ਲੋਧੀ ਵਿਖੇ ਸਾਰੀਆਂ ਧਿਰਾਂ ਨਾਲ ਸਾਂਝੇ ਤੌਰ 'ਤੇ ਇੱਕ ਹੀ ਧਾਰਮਿਕ ਸਟੇਜ ਲਗਾਈ ਜਾਵੇਗੀ। ਇਸ ਸਬੰਧ ਵਿਚ ਸ਼੍ਰੋਮਣੀ ਕਮੇਟੀ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਵੱਲੋਂ ਦਿੱਤੇ ਗਏ ਆਦੇਸ਼ ਅਨੁਸਾਰ ਪੰਜਾਬ ਦੇ ਮੁੱਖ ਮੰਤਰੀ, ਭਾਰਤ ਸਰਕਾਰ ਅਤੇ ਸਾਰੀਆਂ ਸਿੱਖ ਜਥੇਬੰਦੀਆਂ ਨਾਲ ਰਾਬਤਾ ਕਾਇਮ ਕਰੇਗੀ। ਇਹ ਪ੍ਰਗਟਾਵਾ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਵਿਖੇ ਸ਼ਤਾਬਦੀ ਸਮਾਗਮਾਂ ਸਬੰਧੀ ਬਣਾਈਆਂ ਗਈਆਂ ਵੱਖ-ਵੱਖ ਕਮੇਟੀਆਂ ਨਾਲ ਮੀਟਿੰਗਾਂ ਕਰਨ ਮਗਰੋਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਭਾਈ ਲੌਂਗੋਵਾਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦਾ 550ਵਾਂ ਪ੍ਰਕਾਸ਼ ਪੁਰਬ ਯਾਦਗਾਰੀ ਢੰਗ ਨਾਲ ਮਨਾਉਣ ਲਈ ਵੱਖ-ਵੱਖ ਪ੍ਰੋਗਰਾਮਾਂ ਦੀ ਰੂਪ-ਰੇਖਾ ਤਿਆਰ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਸਾਰੀਆਂ ਧਿਰਾਂ ਅਤੇ ਸੰਗਤਾਂ ਦੇ ਸਹਿਯੋਗ ਨਾਲ ਸਮਾਗਮ ਕਰਵਾਏਗੀ। ਉਲੀਕੇ ਗਏ ਸਮਾਗਮਾਂ ਸਬੰਧੀ ਭਾਈ ਲੌਂਗੋਵਾਲ ਨੇ ਦੱਸਿਆ ਕਿ ਜਿਥੇ 8 ਨਵੰਬਰ ਤੋਂ 13 ਨਵੰਬਰ ਤੱਕ ਸੁਲਤਾਨਪੁਰ ਲੋਧੀ ਵਿਖੇ ਮੁੱਖ ਸਮਾਗਮ ਹੋਣਗੇ, ਉਥੇ ਹੀ ਗੁਰੂ ਸਾਹਿਬ ਦੀ ਵਿਚਾਰਧਾਰਾ ਨੂੰ ਪ੍ਰਚਾਰਨ ਲਈ ਕਈ ਹੋਰ ਸਮਾਗਮ ਆਯੋਜਿਤ ਕੀਤੇ ਜਾਣਗੇ। ਇਨ੍ਹਾਂ ਸਮਾਗਮਾਂ ਵਿਚ ਅੰਤਰ-ਧਰਮ ਸੰਵਾਦ ਸੰਮੇਲਨ, ਸਿੱਖ ਇਸਤਰੀ ਸੰਮੇਲਨ, ਵਿਸ਼ਵ ਸਿੱਖ ਸੰਮੇਲਨ, ਸ਼ਬਦ ਵਿਚਾਰ ਤੇ ਰਾਗ ਦਰਬਾਰ, ਇਨਾਮੀ ਕਵੀ ਦਰਬਾਰ, ਸਕੂਲਾਂ ਕਾਲਜਾਂ ਅੰਦਰ ਢਾਡੀ ਤੇ ਕਵੀਸ਼ਰੀ ਮੁਕਾਬਲੇ ਵਿਸ਼ੇਸ਼ ਹੋਣਗੇ। ਇਸ ਤੋਂ ਇਲਾਵਾ 101 ਸ਼ਖ਼ਸੀਅਤਾਂ ਨੂੰ ਸਨਮਾਨਿਤ ਕੀਤਾ ਜਾਵੇਗਾ। ਇਨ੍ਹਾਂ ਸ਼ਖ਼ਸੀਅਤਾਂ ਦੀ ਚੋਣ ਸਮੇਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਮੂਲ ਸਿਧਾਂਤ ਕਿਰਤ ਕਰਨ, ਨਾਮ ਜਪਣ ਤੇ ਵੰਡ ਛਕਣ ਨੂੰ ਸਨਮੁੱਖ ਰੱਖਿਆ ਜਾਵੇਗਾ।

ਭਾਈ ਲੌਂਗੋਵਾਲ ਨੇ ਕਿਹਾ ਕਿ ਸ੍ਰੀ ਗੁਰੂ

ਬਾਕੀ ਸਫ਼ਾ 2 'ਤੇ

## ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਭਾਈ ਬਚਿੱਤਰ ਸਿੰਘ ਯਾਤਰੀ ਨਿਵਾਸ ਸੰਗਤ ਨੂੰ ਕੀਤਾ ਅਰਪਿਤ



ਸ੍ਰੀ ਅਨੰਦਪੁਰ ਸਾਹਿਬ- ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਵਿਖੇ ਦੇਸ਼-ਵਿਦੇਸ਼ਾਂ ਤੋਂ ਵੱਡੀ ਗਿਣਤੀ ਵਿਚ ਦਰਸ਼ਨ ਕਰਨ ਪੁੱਜਦੀਆਂ ਸੰਗਤਾਂ ਦੀ ਸਹੂਲਤ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਉਸਾਰਿਆ ਗਿਆ ਅਤਿ-ਆਧੁਨਿਕ ਸਹੂਲਤਾਂ ਵਾਲਾ ਭਾਈ ਬਚਿੱਤਰ ਸਿੰਘ ਯਾਤਰੀ ਨਿਵਾਸ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਸੰਗਤਾਂ ਨੂੰ ਅਰਪਿਤ ਕੀਤਾ ਗਿਆ। ਇਸ ਸਮੇਂ ਖ਼ਾਲਸਾਈ ਪ੍ਰੰਪਰਾਵਾਂ ਅਨੁਸਾਰ ਤਖ਼ਤ ਸਾਹਿਬ ਦੇ ਹੈਡ ਗ੍ਰੰਥੀ ਭਾਈ ਫੂਲਾ ਸਿੰਘ ਨੇ ਅਰਦਾਸ ਕੀਤੀ ਉਪਰੰਤ ਬੋਲੇ ਸੋ ਨਿਹਾਲ ਸਤਿ ਸ੍ਰੀ ਅਕਾਲ ਦੇ ਜੈਕਾਰਿਆਂ ਦੀ ਗੂੰਜ ਵਿਚ ਭਾਈ ਲੌਂਗੋਵਾਲ ਨੇ ਪਰਦਾ ਹਟਾਉਣ ਦੀ ਰਸਮ ਅਦਾ ਕੀਤੀ। ਉਨ੍ਹਾਂ ਨਾਲ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ, ਸ਼੍ਰੋਮਣੀ ਕਮੇਟੀ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਪ੍ਰਿੰਸੀਪਲ ਸੁਰਿੰਦਰ ਸਿੰਘ ਤੇ ਸ. ਦਲਜੀਤ ਸਿੰਘ ਭਿੰਡਰ ਵੀ ਹਾਜ਼ਰ ਸਨ।

ਇਸ ਮੌਕੇ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਆਪਣੇ ਸੰਬੋਧਨ ਵਿਚ ਕਿਹਾ ਕਿ ਇਹ ਯਾਤਰੀ ਨਿਵਾਸ ਕਰੀਬ 28 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਕੀਤਾ ਗਿਆ ਹੈ ਅਤੇ ਸੰਗਤਾਂ ਲਈ ਆਧੁਨਿਕ ਸਹੂਲਤਾਂ ਦਾ ਵਿਸ਼ੇਸ਼ ਧਿਆਨ ਰੱਖਿਆ ਗਿਆ ਹੈ। ਉਨ੍ਹਾਂ ਕਿਹਾ ਕਿ ਦੂਰ-ਦੁਰੇਡਿਓਂ ਆਉਂਦੀਆਂ ਸੰਗਤਾਂ ਦੀ ਰਿਹਾਇਸ਼ ਲਈ ਇਹ ਨਿਵਾਸ ਸ਼ੁਰੂ ਕੀਤਾ ਗਿਆ ਹੈ ਅਤੇ ਸੰਗਤਾਂ ਦੀ ਰਿਹਾਇਸ਼ ਲਈ ਵੱਡੀ ਸਹੂਲਤ ਪੈਦਾ ਕੀਤੀ ਗਈ ਹੈ। ਇਸ ਮੌਕੇ ਤਖ਼ਤ ਸਾਹਿਬ ਦੇ ਮੈਨੇਜਰ ਸ. ਜਸਵੀਰ ਸਿੰਘ, ਵਧੀਕ ਮੈਨੇਜਰ ਸ. ਲਖਵਿੰਦਰ ਸਿੰਘ, ਮੀਤ ਮੈਨੇਜਰ ਸ. ਮਲਕੀਤ ਸਿੰਘ, ਸੂਚਨਾ ਅਧਿਕਾਰੀ ਸ. ਹਰਦੇਵ ਸਿੰਘ, ਜੇ.ਈ. ਸ.

ਬਾਕੀ ਸਫ਼ਾ 2 'ਤੇ

## ਰਾਜਸਥਾਨ ਯੂਨੀਵਰਸਿਟੀ ਜੈਪੁਰ ਵਿਖੇ ਵਿਸ਼ੇਸ ਸੈਮੀਨਾਰ

ਅੰਮ੍ਰਿਤਸਰ- ਜੈਪੁਰ ਵਿਖੇ ਸਥਿਤ ਯੂਨੀਵਰਸਿਟੀ ਆਫ਼ ਰਾਜਸਥਾਨ 'ਚ ਸਥਾਪਤ ਸ੍ਰੀ ਗੁਰੂ ਗੋਬਿੰਦ ਸਿੰਘ ਰਾਸ਼ਟਰੀ ਏਕਤਾ ਅਤੇ ਸਿੱਖ ਅਧਿਐਨ ਕੇਂਦਰ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਇਕ ਰੋਜ਼ਾ ਰਾਸ਼ਟਰੀ ਸੈਮੀਨਾਰ ਕਰਵਾਇਆ ਗਿਆ। ਸੈਮੀਨਾਰ ਦੇ ਦੋ ਸੈਸ਼ਨਾਂ ਦੌਰਾਨ ਦੇਸ਼ ਭਰ ਵਿੱਚੋਂ ਪਹੁੰਚੇ ਬੁਲਾਰਿਆਂ ਨੇ ਪਹਿਲੇ ਪਾਤਸ਼ਾਹ ਜੀ ਦੇ ਜੀਵਨ ਅਤੇ ਉਨ੍ਹਾਂ ਦੇ ਫਲਸਫੇ 'ਤੇ ਵਿਚਾਰ ਪੇਸ਼ ਕੀਤੇ। ਸੈਮੀਨਾਰ ਵਿਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ ਅਤੇ ਹਾਜ਼ਰੀਨ ਨੂੰ ਸੰਬੋਧਨ ਕੀਤਾ। ਗਿਆਨੀ ਹਰਪ੍ਰੀਤ ਸਿੰਘ ਨੇ ਆਖਿਆ ਕਿ ਵਿਸ਼ਵ ਦੇ ਧਾਰਮਿਕ ਇਤਿਹਾਸ ਅੰਦਰ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਸਥਾਨ ਪ੍ਰਥਮ ਹੈ



ਅਤੇ ਉਨ੍ਹਾਂ ਦੀ ਵਿਚਾਰਧਾਰਾ ਸਮੁੱਚੇ ਵਿਸ਼ਵ ਨੂੰ ਆਪਣੇ ਕਲਾਵੇ ਵਿਚ ਲੈਂਦੀ ਹੈ। ਉਨ੍ਹਾਂ ਸੈਮੀਨਾਰ ਪ੍ਰਬੰਧਕਾਂ ਦੇ ਉੱਦਮ ਦੀ ਸ਼ਲਾਘਾ ਕੀਤੀ ਅਤੇ ਸ਼੍ਰੋਮਣੀ ਕਮੇਟੀ ਵੱਲੋਂ ਅਜਿਹੇ ਸੈਮੀਨਾਰਾਂ ਵਿਚ ਸਹਿਯੋਗ ਦੇਣ ਲਈ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ

ਬਾਕੀ ਸਫ਼ਾ 2 'ਤੇ

# 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਹੋ ਰਹੇ ਗੁਰਮਤਿ ਸਮਾਗਮਾਂ ਵਿਚ ਭਾਰੀ ਉਤਸ਼ਾਹ ਨਾਲ ਸ਼ਾਮਲ ਹੋ ਰਹੀਆਂ ਹਨ ਸੰਗਤਾਂ

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸਿੱਖ ਕੌਮ ਦੀ ਸਿਰਮੌਰ ਧਾਰਮਿਕ ਜਥੇਬੰਦੀ ਹੈ ਜਿਸਦੀ ਬੁਨਿਆਦ ਸਿੱਖਾਂ ਦੀਆਂ ਸ਼ਹਾਦਤਾਂ ਨਾਲ ਰੱਖੀ ਗਈ। ਸ਼੍ਰੋਮਣੀ ਕਮੇਟੀ ਆਪਣੀ ਸਥਾਪਨਾ ਤੋਂ ਲੈ ਕੇ ਜਿੱਥੇ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧ ਦੇਖਦੀ ਹੈ ਉਥੇ ਧਰਮ ਪ੍ਰਚਾਰ ਸਿੱਖਿਆ ਦੇ ਪ੍ਰਸਾਰ ਤੇ ਸਮਾਜ ਭਲਾਈ ਕਾਰਜਾਂ ਲਈ ਵੀ ਕਾਰਜਸ਼ੀਲ ਹੈ। ਸ਼੍ਰੋਮਣੀ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਦਾ ਮੁੱਖ ਮਕਸਦ ਗੁਰੂ ਸਾਹਿਬਾਨ ਵੱਲੋਂ ਬਖ਼ਸ਼ੇ ਫਲਸਫ਼ੇ ਦਾ ਘਰ-ਘਰ ਪ੍ਰਚਾਰ ਕਰਨਾ ਹੈ। ਇਸ ਮਕਸਦ ਦੀ ਪੂਰਤੀ ਲਈ ਸਮੇਂ-ਸਮੇਂ ਸਮਾਗਮਾਂ ਦੀ ਰੂਪ-ਰੇਖਾ ਉਲੀਕੀ ਜਾਂਦੀ ਹੈ। ਇਹ ਵਰ੍ਹਾ ਗੁਰੂ ਨਾਨਕ ਸਾਹਿਬ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਹੈ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਨਿਰਦੇਸ਼ਾਂ ਅਨੁਸਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਸਾਰੇ ਪ੍ਰੋਗਰਾਮ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕਰ ਕੇ ਕਰਵਾਏ ਜਾ ਰਹੇ ਹਨ।

ਨਵੰਬਰ 2017 ਵਿਚ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬਨਣ ਉਪਰੰਤ ਸਿੱਖ ਨੌਜਵਾਨੀ ਨੂੰ ਆਪਣੇ ਅਮੀਰ ਵਿਰਸੇ ਨਾਲ ਜੋੜਨ ਲਈ ਧਰਮ ਪ੍ਰਚਾਰ ਦੇ ਕਾਰਜਾਂ ਨੂੰ ਤਰਜੀਹੀ ਤੌਰ 'ਤੇ ਕਰਨ ਦਾ ਫੈਸਲਾ ਕੀਤਾ ਗਿਆ। ਉਨ੍ਹਾਂ ਦੀ ਅਗਵਾਈ ਵਿਚ ਧਰਮ ਪ੍ਰਚਾਰ ਕਮੇਟੀ ਵੱਲੋਂ ਧਰਮ ਪ੍ਰਚਾਰ ਲਹਿਰ ਗੁਰੂ ਨਾਨਕ ਸਾਹਿਬ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕਰਕੇ ਪ੍ਰੋਗਰਾਮਾਂ ਦੀ ਵਿਉਂਤਬੰਦੀ ਕੀਤੀ ਗਈ। ਧਰਮ ਪ੍ਰਚਾਰ ਕਾਰਜਾਂ ਵਿਚ ਗਤੀਸ਼ੀਲਤਾ ਲਈ ਤਿੰਨ ਜ਼ੋਨ ਬਣਾ ਕੇ ਹਲਕਿਆਂ ਦੀ ਵੰਡ ਕਰ ਕੇ ਧਰਮ ਪ੍ਰਚਾਰ ਕਮੇਟੀ, ਸ਼੍ਰੋਮਣੀ ਕਮੇਟੀ ਮੈਂਬਰਾਂ ਅਤੇ ਧਾਰਮਿਕ ਸ਼ਖ਼ਸੀਅਤਾਂ ਨਾਲ ਮੀਟਿੰਗਾਂ ਕੀਤੀਆਂ ਗਈਆਂ। ਗੁਰੂ ਨਾਨਕ ਸਾਹਿਬ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪ੍ਰਧਾਨ ਜੀ ਵੱਲੋਂ ਇੱਕ ਲੱਖ ਸੰਗਤਾਂ ਨੂੰ ਅੰਮ੍ਰਿਤਧਾਰੀ ਬਣਾਉਣ ਦਾ ਟੀਚਾ ਮਿੱਥਿਆ ਗਿਆ ਸੀ। ਸੰਗਤਾਂ ਦੇ ਸਹਿਯੋਗ ਨਾਲ ਇਸ ਅੰਕੜੇ ਨੂੰ ਸਹਿਜੇ ਹੀ ਪੂਰਿਆਂ ਕਰ ਲਿਆ ਗਿਆ। ਸ਼੍ਰੋਮਣੀ ਕਮੇਟੀ ਵੱਲੋਂ ਆਰੰਭੀ ਗਈ ਇਸ ਧਰਮ ਪ੍ਰਚਾਰ ਲਹਿਰ ਪ੍ਰਤੀ ਸੰਗਤਾਂ ਵਿਚ ਭਾਰੀ ਉਤਸ਼ਾਹ ਰਿਹਾ ਜੋ ਅੱਗੇ ਵੀ ਬਰਕਰਾਰ ਹੈ।

550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਤੋਂ ਜਨਵਰੀ ਮਹੀਨੇ ਆਰੰਭ ਹੋਈ ਸ਼ਬਦ ਗੁਰੂ ਯਾਤਰਾ ਵੱਖ-ਵੱਖ ਹਲਕਿਆਂ ਤੋਂ ਹੁੰਦੀ ਹੋਈ ਆਪਣੇ ਅਗਲੇ ਪੜਾਵਾਂ ਲਈ ਨਿਰੰਤਰ ਜਾਰੀ ਹੈ। ਇਸ ਯਾਤਰਾ ਪ੍ਰਤੀ ਸੰਗਤਾਂ ਵਿਚ ਭਾਰੀ ਉਤਸ਼ਾਹ, ਇਸਦੀ ਸਫਲਤਾ ਨੂੰ ਬਿਆਨ ਕਰਦਾ ਹੈ। ਧਰਮ ਪ੍ਰਚਾਰ ਕਮੇਟੀ ਵੱਲੋਂ ਪੰਜਾਬ ਸਮੇਤ ਹੋਰਨਾ ਸੂਬਿਆਂ ਵਿਚ ਕੀਤੇ ਜਾ ਰਹੇ ਗੁਰਮਤਿ ਸਮਾਗਮ ਗੁਰੂ ਨਾਨਕ ਸਾਹਿਬ ਦੇ ਫਲਸਫ਼ੇ ਨੂੰ ਪ੍ਰਚਾਰਨ-ਪ੍ਰਸਾਰਨ ਵਿਚ ਸਹਾਈ ਹੋ ਰਹੇ ਹਨ। ਮਾਰਚ ਮਹੀਨੇ ਪੰਜਾਬ ਸਮੇਤ ਉੱਤਰ ਪ੍ਰਦੇਸ਼, ਉਤਰਾਖੰਡ, ਗੁਜਰਾਤ, ਕਰਨਾਟਕ ਆਦਿ ਰਾਜਾਂ ਵਿਚ ਕੀਤੇ ਗਏ ਗੁਰਮਤਿ ਸਮਾਗਮਾਂ ਵਿਚ ਸੰਗਤਾਂ ਦੀ ਭਾਰੀ ਆਮਦ ਗੁਰੂ ਪ੍ਰਤੀ ਪਿਆਰ ਨੂੰ ਦਰਸਾਉਂਦੀ ਹੈ।

ਸ੍ਰੀ ਗੁਰੂ ਨਾਨਕ ਸਾਹਿਬ ਦੀ ਵਿਚਾਰਧਾਰਾ ਤੋਂ ਵਿਦਿਆਰਥੀ ਵਰਗ ਨੂੰ ਜਾਣੂੰ ਕਰਵਾਉਣ ਦੇ ਮਕਸਦ ਨਾਲ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵੱਖ-ਵੱਖ ਸੰਸਥਾਵਾਂ ਦੇ ਸਹਿਯੋਗ ਨਾਲ ਪੂਰੇ ਦੇਸ਼ ਵਿਚ ਸੈਮੀਨਾਰ ਕਰਵਾਏ ਜਾ ਰਹੇ ਹਨ। ਇਸੇ ਤਹਿਤ ਪਿਛਲੇ ਦਿਨੀਂ ਯੂਨੀਵਰਸਿਟੀ ਆਫ਼ ਰਾਜਸਥਾਨ ਜੈਪੁਰ ਅਤੇ ਹਿੰਦੂ ਯੁਨੀਵਰਸਿਟੀ ਬਨਾਰਸ ਵਿਖੇ ਸੈਮੀਨਾਰ ਕੀਤੇ ਗਏ ਜਿਸ ਵਿਚ ਨਾਮਵਰ ਵਿਦਵਾਨਾਂ ਨੇ ਗੁਰੂ ਨਾਨਕ ਸਾਹਿਬ ਦੀ ਸਰਬ ਕਲਿਆਣਕਾਰੀ ਵਿਚਾਰਧਾਰਾ ਬਾਰੇ ਜਾਣਕਾਰੀ ਦਿੱਤੀ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਆਪਣੇ ਪ੍ਰਬੰਧ ਅਧੀਨ ਕਾਲਜਾਂ ਵਿਚ ਵੀ ਸੈਮੀਨਾਰ ਕਰਵਾਏ ਜਾ ਰਹੇ ਹਨ ਤਾਂ ਜੋ ਗੁਰੂ ਸਾਹਿਬ ਜੀ ਦੇ ਫਲਸਫ਼ੇ ਤੋਂ ਨੌਜਵਾਨਾਂ ਨੂੰ ਜਾਣੂੰ ਕਰਵਾਇਆ ਜਾ ਸਕੇ।

ਸ੍ਰੀ ਗੁਰੂ ਨਾਨਕ ਸਾਹਿਬ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਆਰੰਭੀ ਗਈ ਧਰਮ ਪ੍ਰਚਾਰ ਲਹਿਰ ਪ੍ਰਤੀ ਸੰਗਤਾਂ ਵਿਚ ਭਾਰੀ ਉਤਸ਼ਾਹ ਹੈ। ਧਰਮ ਪ੍ਰਚਾਰ ਕਮੇਟੀ ਵੱਲੋਂ ਕੀਤੇ ਜਾ ਰਹੇ ਗੁਰਮਤਿ ਸਮਾਗਮਾਂ ਅਤੇ ਅੰਮ੍ਰਿਤ ਸੰਚਾਰ ਸਮਾਗਮਾਂ ਨੂੰ ਸੰਗਤਾਂ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਸ੍ਰੀ ਗੁਰੂ ਨਾਨਕ ਸਾਹਿਬ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਆਰੰਭੀ ਗਈ ਇਸ ਲਹਿਰ ਨੂੰ ਸੰਗਤਾਂ ਦੇ ਸਹਿਯੋਗ ਨਾਲ ਨਿਰੰਤਰ ਜਾਰੀ ਰੱਖਿਆ ਜਾਵੇਗਾ।

-ਬਲਵਿੰਦਰ ਸਿੰਘ ਜੌੜਾਸਿੰਘਾ



ਧਰਮ ਪ੍ਰਚਾਰ ਕਮੇਟੀ ਵੱਲੋਂ ਚਲਾਏ ਜਾ ਰਹੇ ਸਿੱਖ ਮਿਸ਼ਨ ਜੰਮੂ-ਕਸ਼ਮੀਰ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕਰਵਾਏ ਜਾ ਰਹੇ ਗੁਰਮਤਿ ਸਮਾਗਮਾਂ ਦੀ ਲੜੀ ਤਹਿਤ 31 ਮਾਰਚ ਨੂੰ ਗੁਰਦੁਆਰਾ ਸਾਹਿਬ ਸਾਵਨ ਚੱਕ, ਕਠੂਆ ਜੰਮੂ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 97 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ। ਇਸ ਸਮੇਂ ਧਰਮ ਪ੍ਰਚਾਰ ਕਮੇਟੀ ਵੱਲੋਂ ਅੰਮ੍ਰਿਤ ਅਭਿਲਾਖੀਆਂ ਨੂੰ ਕਕਾਰ ਭੇਟਾ ਰਹਿਤ ਦਿੱਤੇ ਗਏ।

ਸਫ਼ਾ 1 ਦਾ ਬਾਕੀ...

## ਸ਼੍ਰੋਮਣੀ ਕਮੇਟੀ ਦਾ ਬਜਟ...

### ਬਜਟ ਇਜਲਾਸ ਦੌਰਾਨ ਭਾਈ ਲੌਂਗੋਵਾਲ ਵੱਲੋਂ ਪੇਸ਼ ਕੀਤੇ ਮਤਿਆਂ ਨੂੰ ਪ੍ਰਵਾਨਗੀ-

ਸ਼੍ਰੋਮਣੀ ਕਮੇਟੀ ਦੇ ਬਜਟ ਇਜਲਾਸ ਦੌਰਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕੁਝ ਮਤੇ ਪੇਸ਼ ਕੀਤੇ ਜਿਨ੍ਹਾਂ ਨੂੰ ਸਮੁੱਚੇ ਹਾਊਸ ਨੇ ਜੈਕਾਰਿਆਂ ਦੀ ਗੂੰਜ 'ਚ ਪ੍ਰਵਾਨਗੀ ਦਿੱਤੀ। ਪਾਸ ਕੀਤੇ ਗਏ ਇਕ ਮਤੇ ਰਾਹੀਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨਾਂ ਨੂੰ ਆਉਣ ਵਾਲੇ ਯਾਤਰੂਆਂ ਦੀ ਸਹੂਲਤ ਵਾਸਤੇ ਬੁਰਜ ਅਕਾਲੀ ਬਾਬਾ ਫੂਲਾ ਸਿੰਘ, ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ ਅਤੇ ਸੁਲਤਾਨਵਿੰਡ ਗੇਟ ਤੋਂ ਸ੍ਰੀ ਦਰਬਾਰ ਸਾਹਿਬ ਤੱਕ ਆਉਂਦੇ ਰਸਤਿਆਂ ਨੂੰ ਖੁੱਲ੍ਹਾ ਕਰ ਕੇ ਸਿੱਖ ਵਿਰਾਸਤੀ ਦਿੱਖ ਦੇਣ ਦੀ ਪੰਜਾਬ ਸਰਕਾਰ ਤੋਂ ਮੰਗ ਕੀਤੀ ਗਈ। ਇਸ ਮਤੇ ਰਾਹੀਂ ਇਹ ਮੰਗ ਵੀ ਕੀਤੀ ਗਈ ਕਿ ਇਨ੍ਹਾਂ ਸਾਰੇ ਰਸਤਿਆਂ 'ਤੇ ਹਰਿਆਵਲ ਪੈਦਾ ਕਰਨ ਲਈ ਵੀ ਉਚੇਚਾ ਧਿਆਨ ਦਿੱਤਾ ਜਾਵੇ।

ਜਨਰਲ ਹਾਊਸ ਦੌਰਾਨ ਮਾਂ ਬੋਲੀ ਪੰਜਾਬੀ ਨਾਲ ਪੰਜਾਬ, ਚੰਡੀਗੜ੍ਹ ਤੇ ਇਸ ਦੇ ਨਾਲ ਲੱਗਦੇ ਹਰਿਆਣਾ, ਹਿਮਾਚਲ, ਦਿੱਲੀ ਸਮੇਤ ਹੋਰ ਪੰਜਾਬੀ ਵੱਸੋਂ ਵਾਲੇ ਸੂਬਿਆਂ ਵਿਚ ਹੋ ਰਹੇ ਵਿਤਕਰੇ ਨੂੰ ਖ਼ਤਮ ਕਰਨ ਲਈ ਭਾਰਤ ਅਤੇ ਸੂਬਾ ਸਰਕਾਰਾਂ ਪਾਸੋਂ ਮੰਗ ਕੀਤੀ ਗਈ। ਪੰਜਾਬੀਆਂ ਨੂੰ ਵੀ ਇਸ ਮਤੇ ਰਾਹੀਂ ਅਪੀਲ ਕੀਤੀ ਗਈ ਕਿ ਉਹ ਆਪਣੀ ਮਾਂ ਬੋਲੀ ਪੰਜਾਬੀ ਨਾਲ ਜੁੜ ਕੇ ਬੋਲਚਾਲ ਅਤੇ ਲਿਖਤ ਵਿਚ ਇਸ ਨੂੰ ਸਨਮਾਨਯੋਗ ਰੁਤਬਾ ਦੇਣ।

ਇਕ ਮਤੇ ਰਾਹੀਂ ਦੇਸ਼ ਦੀਆਂ ਵੱਖ-ਵੱਖ ਜੇਲ੍ਹਾਂ ਵਿਚ ਪਿਛਲੇ ਲੰਮੇ ਸਮੇਂ ਤੋਂ 'ਟਾਡਾ' ਤੇ ਹੋਰ ਕਾਲੇ ਕਾਨੂੰਨਾਂ ਅਧੀਨ ਨਜ਼ਰਬੰਦ ਨਿਰਦੋਸ਼ ਸਿੱਖਾਂ ਦੀ ਰਿਹਾਈ ਲਈ ਭਾਰਤ ਅਤੇ ਵੱਖ-ਵੱਖ ਰਾਜ ਸਰਕਾਰਾਂ ਨੂੰ ਅਪੀਲ ਕੀਤੀ। ਇਸ ਤੋਂ ਇਲਾਵਾ ਫਾਂਸੀ ਦੀ ਸਜ਼ਾ ਦਾ ਸਾਹਮਣਾ ਕਰ ਰਹੇ ਭਾਈ ਬਲਵੰਤ ਸਿੰਘ ਰਾਜੋਆਣਾ ਦੀ ਸਜ਼ਾ ਬਾਰੇ ਕੇਸ ਨਿਬੇੜਨ ਲਈ ਭਾਰਤ ਸਰਕਾਰ ਪਾਸੋਂ ਰਾਸ਼ਟਰਪਤੀ ਨੂੰ ਅਪੀਲ ਕਰਨ ਦੀ ਮੰਗ ਵੀ ਕੀਤੀ ਗਈ।

ਜਨਰਲ ਇਜਲਾਸ 'ਚ ਇਕ ਅਹਿਮ ਮਤਾ ਪਾਸ ਕਰਦਿਆਂ ਗੁਰੂਆਂ ਦੀ ਧਰਤੀ ਤੋਂ ਨੌਜੁਆਨੀ ਦੇ ਪੱਕੇ ਤੌਰ 'ਤੇ ਵਿਦੇਸ਼ ਵੱਸਣ ਦੇ ਰੁਝਾਨ ਸਬੰਧੀ ਚਿੰਤਾ ਦਾ ਪ੍ਰਗਟਾਵਾ ਕੀਤਾ ਗਿਆ। ਮਤੇ ਰਾਹੀਂ ਇਸ ਚਲਣ ਨੂੰ ਭਵਿੱਖ ਅੰਦਰ ਪੰਜਾਬ ਦੀ ਆਰਥਿਕਤਾ, ਸਮਾਜਿਕ, ਭਾਈਚਾਰਕ, ਰਾਜਨੀਤਕ ਤੇ ਸਿੱਖਿਆ ਦੇ ਖੇਤਰ ਲਈ ਘਾਟੇਵੰਦਾ ਦੱਸਿਆ। ਇਸ ਸਬੰਧੀ ਪੰਜਾਬ ਦੀ ਮੌਜੂਦਾ ਸਰਕਾਰ ਤੋਂ ਮੰਗ ਕੀਤੀ ਗਈ ਕਿ ਸੂਬੇ ਦੀ ਆਰਥਿਕ, ਸਮਾਜਿਕ, ਸੱਭਿਆਚਾਰਕ ਤੇ ਸਿੱਖਿਅਕ ਖ਼ੁਸ਼ਹਾਲੀ ਲਈ ਬੇਹਤਰ ਵਾਤਾਵਰਨ ਤਿਆਰ ਕੀਤਾ ਜਾਵੇ, ਤਾਂ ਜੋ ਨੌਜੁਆਨਾਂ ਨੂੰ ਇਥੇ ਹੀ ਸਾਰੀਆਂ ਸਹੂਲਤਾਂ ਮਿਲ ਸਕਣ।

ਪਾਕਿਸਤਾਨ ਸਥਿਤ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਕਰਤਾਰਪੁਰ ਸਾਹਿਬ ਦੇ ਦਰਸ਼ਨ ਦੀਦਾਰ ਲਈ ਲਾਂਘਾ ਖੋਲ੍ਹਣ ਸਬੰਧੀ ਮਤਾ ਪਾਸ ਕਰਦਿਆਂ ਭਾਰਤ ਤੇ ਪਾਕਿਸਤਾਨ ਦੀਆਂ ਸਰਕਾਰਾਂ ਦੀ ਸ਼ਲਾਘਾ ਕੀਤੀ ਗਈ। ਇਸ ਮਤੇ 'ਚ ਸ਼੍ਰੋਮਣੀ ਕਮੇਟੀ ਵੱਲੋਂ ਕਰਤਾਰਪੁਰ ਸਾਹਿਬ ਵਿਖੇ ਸਰਕਾਰਾਂ ਦੀ ਸਹਿਮਤੀ ਨਾਲ ਸੰਗਤ ਦੀ ਸਹੂਲਤ ਲਈ ਹਰ ਤਰ੍ਹਾਂ ਦੇ ਪ੍ਰਬੰਧ ਕਰਨ ਦੀ ਵਚਨਬੱਧਤਾ ਵੀ ਪ੍ਰਗਟਾਈ ਗਈ ਹੈ। ਦੋਹਾਂ ਸਰਕਾਰਾਂ ਤੋਂ ਇਹ ਮੰਗ ਵੀ ਕੀਤੀ ਗਈ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਤੋਂ ਪਹਿਲਾਂ ਇਹ ਲਾਂਘਾ ਤਿਆਰ ਕਰਕੇ ਸੰਗਤ ਅਰਪਣ ਕਰਨ ਨੂੰ ਯਕੀਨੀ ਬਣਾਇਆ ਜਾਵੇ।

ਫਿਲਮਾਂ, ਨਾਟਕਾਂ ਅਤੇ ਟੀ.ਵੀ. ਸੀਰੀਅਲਾਂ ਵਿਚ ਸਿੱਖ ਪਾਤਰਾਂ ਨੂੰ ਮਜ਼ਾਕੀਆ ਲਹਿਜ਼ੇ ਵਿਚ ਪੇਸ਼ ਕਰਨ ਦੀ ਸਖ਼ਤ ਨਿੰਦਾ ਕੀਤੀ ਗਈ। ਸੋਸ਼ਲ ਮੀਡੀਆ ਉਪਰ ਗੁਰੂ ਸਾਹਿਬਾਨ ਅਤੇ ਸਿੱਖ ਯੋਧਿਆਂ ਬਾਰੇ ਅਪਮਾਨਜਨਕ ਟਿੱਪਣੀਆਂ ਕਰਨ ਤੇ ਗਲਤ ਢੰਗ ਨਾਲ ਤਸਵੀਰਾਂ ਅਪਲੋਡ ਕਰਨ ਦੀ ਵੀ ਨਿੰਦਾ ਕਰਦਿਆਂ ਇਸ ਮਤੇ ਰਾਹੀਂ ਭਾਰਤ ਤੇ ਵੱਖ-ਵੱਖ ਸੂਬਿਆਂ ਦੀਆਂ ਸਰਕਾਰਾਂ ਨੂੰ ਸਖ਼ਤ ਕਦਮ ਉਠਾਉਣ ਲਈ ਆਖਿਆ ਗਿਆ। ਇਸ ਤੋਂ ਇਲਾਵਾ ਫਿਲਮ ਸੈਂਸਰ ਬੋਰਡ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਇਕ ਨੁਮਾਇੰਦਾ ਪੱਕੇ ਤੌਰ 'ਤੇ ਸ਼ਾਮਲ ਕਰਨ ਦੀ ਮੰਗ ਕੀਤੀ ਗਈ।

ਦੇਸ਼ ਵਿਦੇਸ਼ ਅੰਦਰ ਸਿੱਖਾਂ ਸਮੇਤ ਹੋਰ ਘੱਟਗਿਣਤੀਆਂ 'ਤੇ ਹੋ ਰਹੇ ਨਸਲੀ ਹਮਲਿਆਂ ਸਬੰਧੀ ਵੀ ਇਕ ਮਤਾ ਪਾਸ ਕੀਤਾ ਗਿਆ। ਇਸ ਮਤੇ ਰਾਹੀਂ ਕੁਝ ਦਿਨ ਪਹਿਲਾਂ ਹਰਿਆਣਾ ਦੇ ਕੈਥਲ ਜ਼ਿਲ੍ਹੇ ਵਿਚ ਪੈਂਦੇ ਪਿੰਡ ਬਦਸੂਈ ਵਿਖੇ ਦੰਗਾਕਾਰੀਆਂ ਵੱਲੋਂ ਸਿੱਖਾਂ 'ਤੇ ਹਮਲੇ ਦੀ ਨਿੰਦਾ ਕੀਤੀ ਗਈ। ਭਾਰਤ ਸਰਕਾਰ ਪਾਸੋਂ ਮੰਗ ਕੀਤੀ ਗਈ ਕਿ ਸਿੱਖਾਂ ਸਮੇਤ ਹੋਰ ਘੱਟਗਿਣਤੀਆਂ ਦੀ ਦੇਸ਼ ਅੰਦਰ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਕਦਮ ਉਠਾਏ ਜਾਣ ਅਤੇ ਵੱਖ-ਵੱਖ ਸੂਬਿਆਂ ਦੀਆਂ ਸਰਕਾਰਾਂ ਨੂੰ ਇਸ ਬਾਰੇ ਨਿਰਦੇਸ਼ ਦਿੱਤੇ ਜਾਣ। ਇਸੇ ਮਤੇ ਰਾਹੀਂ ਹੀ ਵੱਖ-ਵੱਖ ਦੇਸ਼ਾਂ ਦੀਆਂ ਸਰਕਾਰਾਂ ਨਾਲ ਘੱਟ ਗਿਣਤੀਆਂ ਦੀ ਸੁਰੱਖਿਆ ਸਬੰਧੀ ਕੂਟਨੀਤਕ ਪੱਧਰ 'ਤੇ ਗੱਲਬਾਤ ਕਰਨ ਦੀ ਅਪੀਲ ਕੀਤੀ ਗਈ।

ਜਨਰਲ ਇਜਲਾਸ ਦੌਰਾਨ ਪਾਸ ਕੀਤੇ ਗਏ ਇਕ ਮਤੇ ਰਾਹੀਂ ਦੇਸ਼ ਅੰਦਰ ਹੁੰਦੀਆਂ ਉੱਚ ਮੁਕਾਬਲਾ ਪ੍ਰੀਖਿਆਵਾਂ ਵਿਚ ਗੁਰਸਿੱਖ ਵਿਦਿਆਰਥੀਆਂ ਨੂੰ ਕਕਾਰਾਂ ਸਮੇਤ ਬੈਠਣ ਨੂੰ ਯਕੀਨੀ ਬਣਾਉਣ ਦੀ ਭਾਰਤ ਸਰਕਾਰ ਪਾਸੋਂ ਮੰਗ ਕੀਤੀ ਗਈ ਹੈ। ਕਈ ਪ੍ਰੀਖਿਆ ਕੇਦਰਾਂ ਵੱਲੋਂ ਮੁਕਾਬਲਾ ਪ੍ਰੀਖਿਆਵਾਂ ਦੌਰਾਨ ਗੁਰਸਿੱਖ ਵਿਦਿਆਰਥੀਆਂ ਨੂੰ ਕਕਾਰ ਉਤਾਰਨ ਲਈ ਮਜ਼ਬੂਰ ਕਰਨ ਨੂੰ ਧਾਰਮਿਕ ਅਧਿਕਾਰਾਂ ਦੀ ਉਲੰਘਣਾ ਕਰਾਰ ਦਿੰਦਿਆਂ ਅਜਿਹੇ ਵਰਤਾਰੇ ਨੂੰ ਰੋਕਣ ਲਈ ਕਿਹਾ ਗਿਆ। ਮਤੇ ਰਾਹੀਂ ਮੰਗ ਕੀਤੀ ਗਈ ਕਿ ਭਾਰਤ ਸਰਕਾਰ ਇਸ ਵੱਲ ਵਿਸ਼ੇਸ਼ ਤੌਰ 'ਤੇ ਧਿਆਨ ਦੇਵੇ ਅਤੇ ਸਮੁੱਚੇ ਦੇਸ਼ ਅੰਦਰ ਸੂਬਾ ਸਰਕਾਰਾਂ ਨੂੰ ਪੱਕੇ ਤੌਰ 'ਤੇ ਇਸ ਬਾਰੇ ਹਦਾਇਤਾਂ ਜਾਰੀ ਕਰੇ। ਇਸ ਦੇ ਨਾਲ ਹੀ ਵਿਦੇਸ਼ਾਂ ਅੰਦਰ ਹਵਾਈ ਅੱਡਿਆਂ 'ਤੇ ਦਸਤਾਰ ਦੀ ਸ਼ਾਨ ਬਰਕਰਾਰ ਰੱਖਣ ਲਈ ਭਾਰਤ ਸਰਕਾਰ ਨੂੰ ਵਿਦੇਸ਼ ਵਿਭਾਗ ਰਾਹੀਂ ਠੋਸ ਕਦਮ ਉਠਾਉਣ ਦੀ ਅਪੀਲ ਕੀਤੀ ਗਈ।

ਨਵੰਬਰ 1984 ਦੇ ਦਿੱਲੀ ਸਿੱਖ ਕਤਲੇਆਮ ਦੇ ਦੋਸ਼ੀ ਸੱਜਣ ਕੁਮਾਰ ਨੂੰ ਦਿੱਲੀ ਹਾਈਕੋਰਟ ਵੱਲੋਂ ਦਿੱਤੀ ਗਈ ਉਮਰ ਕੈਦ ਦੀ ਸਜ਼ਾ 'ਤੇ ਤਸੱਲੀ ਪ੍ਰਗਟ ਕਰਦਾ ਮਤਾ ਵੀ ਪਾਸ ਕੀਤਾ ਗਿਆ। ਇਸ ਮਤੇ ਰਾਹੀਂ ਅਦਾਲਤ ਦੇ ਫੈਸਲੇ ਦਾ ਸਵਾਗਤ ਕਰਦਿਆਂ ਸੱਜਣ ਕੁਮਾਰ ਸਬੰਧੀ ਰਹਿੰਦੇ ਕੇਸਾਂ ਦੇ ਨਾਲ-ਨਾਲ ਜਗਦੀਸ਼ ਟਾਈਟਲਰ, ਕਮਲ ਨਾਥ ਸਮੇਤ ਹੋਰਨਾਂ ਦੋਸ਼ੀਆਂ ਨੂੰ ਵੀ ਸਖ਼ਤ ਸਜ਼ਾਵਾਂ ਦੇਣ ਦੀ ਮੰਗ ਕੀਤੀ ਗਈ।

ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਨੂੰ ਆਉਂਦੇ ਰਸਤਿਆਂ ਵਿਚ ਪਾਨ, ਬੀੜੀ, ਸ਼ਰਾਬ, ਤੰਬਾਕੂ ਆਦਿ ਦੀਆਂ ਦੁਕਾਨਾਂ ਬੰਦ ਕਰਵਾਉਣ ਸਬੰਧੀ ਵੀ ਇਕ ਮਤਾ ਪਾਸ ਕੀਤਾ ਗਿਆ। ਆਖਿਆ ਗਿਆ ਕਿ ਇਸ ਨਾਲ ਸੰਗਤਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪੁੱਜਦੀ ਹੈ ਅਤੇ ਪੰਜਾਬ ਸਰਕਾਰ ਸ੍ਰੀ ਦਰਬਾਰ ਸਾਹਿਬ ਦੀ ਇਤਿਹਾਸਕ ਮਹੱਤਤਾ ਦੇ ਮੱਦੇਨਜ਼ਰ ਇਥੇ ਆਉਂਦੇ ਰਸਤਿਆਂ ਤੋਂ ਪਾਨ, ਬੀੜੀ, ਸ਼ਰਾਬ, ਤੰਬਾਕੂ ਆਦਿ ਦੀਆਂ ਦੁਕਾਨਾਂ ਬੰਦ ਕਰਵਾਏ।

ਇਸ ਤੋਂ ਇਲਾਵਾ ਤਿੰਨ ਸਿੱਖ ਸ਼ਖ਼ਸੀਅਤਾਂ ਦੇ ਅਕਾਲ ਚਲਾਣੇ 'ਤੇ ਸ਼ੋਕ ਮਤੇ ਪੜ੍ਹੇ ਗਏ। ਇਨ੍ਹਾਂ ਸ਼ਖ਼ਸੀਅਤਾਂ ਵਿਚ ਸ਼੍ਰੋਮਣੀ ਕਮੇਟੀ ਦੇ ਦੋ ਵਾਰ ਸੀਨੀਅਰ ਮੀਤ ਪ੍ਰਧਾਨ ਅਤੇ ਸ੍ਰੀ ਗੁਰੂ ਰਾਮਦਾਸ ਚੈਰੀਟੇਬਲ ਹਸਪਤਾਲ ਟਰੱਸਟ ਦੇ ਲੰਮੇ ਸਮਾਂ ਮੈਂਬਰ ਰਹੇ ਜਥੇਦਾਰ ਦਲੀਪ ਸਿੰਘ ਮੱਲੂਨੰਗਲ, ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਸਬੰਧੀ ਖੋਜ ਕਾਰਜ ਕਰਨ ਵਾਲੇ ਸਿੱਖ ਪੰਥ ਦੇ ਉੱਘੇ ਵਿਦਵਾਨ ਗਿਆਨੀ ਬਲਵੰਤ ਸਿੰਘ ਕੋਠਾ ਗੁਰੂ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਮੈਂਬਰ ਤੇ ਬਜ਼ੁਰਗ ਪੰਥਕ ਆਗੂ ਜਥੇਦਾਰ ਮੋਖਾ ਸਿੰਘ ਸ਼ਾਮਲ ਹਨ। ਇਨ੍ਹਾਂ ਤਿੰਨਾਂ ਸ਼ਖ਼ਸੀਅਤਾਂ ਦੀਆਂ ਪੰਥਕ ਸੇਵਾਵਾਂ ਦੀ ਸ਼ਲਾਘਾ ਕੀਤੀ ਗਈ।

### ਇਜਲਾਸ ਦੌਰਾਨ ਹਾਜ਼ਰ ਰਹੇ ਮੈਂਬਰ ਸਾਹਿਬਾਨ:

ਸ਼੍ਰੋਮਣੀ ਕਮੇਟੀ ਦੇ ਬਜਟ ਇਜਲਾਸ ਮੌਕੇ ਸਿੰਘ ਸਾਹਿਬਾਨ ਅਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਤੋਂ ਇਲਾਵਾ ਜੂਨੀਅਰ ਮੀਤ ਸ. ਬਿੱਕਰ ਸਿੰਘ ਚੰਨੂ, ਸਾਬਕਾ ਪ੍ਰਧਾਨ ਬੀਬੀ ਜਗੀਰ ਕੌਰ, ਜਥੇਦਾਰ ਤੋਤਾ ਸਿੰਘ, ਅੰਤ੍ਰਿੰਗ ਕਮੇਟੀ ਮੈਂਬਰ ਭਾਈ ਮਨਜੀਤ ਸਿੰਘ, ਸ. ਸ਼ਿੰਗਾਰਾ ਸਿੰਘ ਲੋਹੀਆ, ਸ. ਭੁਪਿੰਦਰ ਸਿੰਘ ਭਲਵਾਨ, ਸ. ਅਮਰੀਕ ਸਿੰਘ ਕੋਟਸ਼ਮੀਰ, ਬਾਬਾ ਗੁਰਮੀਤ ਸਿੰਘ ਤ੍ਰਿਲੋਕੇਵਾਲਾ, ਸ. ਜਗਜੀਤ ਸਿੰਘ ਤਲਵੰਡੀ, ਬੀਬੀ ਜਸਬੀਰ ਕੌਰ ਜ਼ਫਰਵਾਲ, ਸ. ਖੁਸ਼ਵਿੰਦਰ ਸਿੰਘ ਭਾਟੀਆ, ਸ. ਤਾਰਾ ਸਿੰਘ ਸੱਲਾ, ਸ. ਜਰਨੈਲ ਸਿੰਘ ਕਰਤਾਰਪੁਰ, ਸ. ਅਮਰੀਕ ਸਿੰਘ ਵਿਛੋਆ, ਭਾਈ ਅਮਰਜੀਤ ਸਿੰਘ ਚਾਵਲਾ, ਭਾਈ ਰਾਜਿੰਦਰ ਸਿੰਘ ਮਹਿਤਾ, ਭਾਈ ਗੁਰਚਰਨ ਸਿੰਘ ਗਰੇਵਾਲ, ਭਾਈ ਰਾਮ ਸਿੰਘ, ਸ. ਬਲਦੇਵ ਸਿੰਘ ਚੂੰਘਾ, ਸ. ਭਗਵੰਤ ਸਿੰਘ ਸਿਆਲਕਾ, ਸ. ਨਵਤੇਜ ਸਿੰਘ ਕਾਉਣੀ, ਸ. ਬਲਜੀਤ ਸਿੰਘ ਜਲਾਲਉਸਮਾ, ਸ. ਪਰਮਜੀਤ ਸਿੰਘ ਖ਼ਾਲਸਾ ਬਰਨਾਲਾ, ਸ. ਗੁਰਿੰਦਰਪਾਲ ਸਿੰਘ ਗੋਰਾ, ਬੀਬੀ ਪਰਮਜੀਤ ਕੌਰ ਲਾਂਡਰਾਂ, ਬੀਬੀ ਰਣਜੀਤ ਕੌਰ ਮਹਿਲਪੁਰ, ਸ. ਸਰਵਨ ਸਿੰਘ ਕੁਲਾਰ, ਸ. ਕੇਵਲ ਸਿੰਘ ਬਾਦਲ, ਬੀਬੀ ਗੁਰਪ੍ਰੀਤ ਕੌਰ ਰੂਹੀ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਸ. ਜਰਨੈਲ ਸਿੰਘ ਡੋਗਰਾਂ ਵਾਲਾ, ਸ. ਗੁਰਮੀਤ ਸਿੰਘ ਬੂਹ, ਸ. ਦਵਿੰਦਰ ਸਿੰਘ ਖੱਟੜਾ, ਸ. ਸੱਜਣ ਸਿੰਘ ਬੱਜੂਮਾਨ, ਸ. ਗੁਰਮੇਲ ਸਿੰਘ ਸੰਗਤਪੁਰਾ, ਸ. ਬਲਦੇਵ ਸਿੰਘ ਕਲਿਆਣ, ਸ. ਜੈਪਾਲ ਸਿੰਘ ਮੰਡੀਆ, ਸ. ਸੁਰਜੀਤ ਸਿੰਘ ਭਿੱਟੇਵੱਡ, ਸ. ਕੁਲਵੰਤ ਸਿੰਘ ਮੰਨਣ, ਸ. ਹਰਜਾਪ ਸਿੰਘ ਸੁਲਤਾਨਵਿੰਡ, ਸ. ਅਮਰਜੀਤ ਸਿੰਘ ਭਲਾਈਪੁਰ, ਸ. ਹਰਪਾਲ ਸਿੰਘ ਜੱਲਾ, ਸ. ਪਰਮਜੀਤ ਸਿੰਘ ਰਾਏਪੁਰ, ਸ. ਗੁਰਨਾਮ ਸਿੰਘ ਜੱਸਲ, ਜਥੇਦਾਰ ਬਾਵਾ ਸਿੰਘ ਗੁਮਾਨਪੁਰਾ, ਬੀਬੀ ਕਿਰਨਜੋਤ ਕੌਰ, ਸ. ਹਰਪਾਲ ਸਿੰਘ ਪਾਲੀ, ਬੀਬੀ ਹਰਜਿੰਦਰ ਕੌਰ, ਸ. ਬਲਦੇਵ ਸਿੰਘ ਖ਼ਾਲਸਾ ਹਿਸਾਰ, ਸ. ਜਗਸੀਰ ਸਿੰਘ ਮਾਂਗੇਆਣਾ, ਬੀਬੀ ਕਿਰਨਵੀਰ ਕੌਰ, ਸ. ਸੁਖਦਰਸ਼ਨ ਸਿੰਘ ਮਰਾੜ, ਸ. ਕੌਰ ਸਿੰਘ, ਬੀਬੀ ਪ੍ਰਮਿੰਦਰ ਕੌਰ ਅਬੋਹਰ, ਸ. ਸੂਬਾ ਸਿੰਘ ਡੱਬਵਾਲਾ, ਸ. ਦਰਸ਼ਨ ਸਿੰਘ ਬਰਾੜ, ਸ. ਪ੍ਰੀਤਮ ਸਿੰਘ ਮਲਸੀਹਾਂ, ਬੀਬੀ ਜਸਵਿੰਦਰ ਕੌਰ ਜੀਰਾ, ਸ. ਯੁਗਰਾਜ ਸਿੰਘ, ਬੀਬੀ ਨਰਿੰਦਰ ਕੌਰ, ਸ. ਸੁਖਹਰਪ੍ਰੀਤ ਸਿੰਘ ਰੋਡੇ, ਸ. ਸ਼ੇਰ ਸਿੰਘ, ਸ. ਸੁਖਦੇਵ ਸਿੰਘ ਬਾਠ, ਕੈਪਟਨ ਅਵਤਾਰ ਸਿੰਘ, ਬੀਬੀ ਜਸਪਾਲ ਕੌਰ, ਸ. ਸੁਖਦੇਵ ਸਿੰਘ ਬਾਹੀਆ, ਬੀਬੀ ਜੋਗਿੰਦਰ ਕੌਰ, ਸ. ਗੁਰਤੇਜ ਸਿੰਘ ਢੱਡੇ, ਸ. ਸੁਰਜੀਤ ਸਿੰਘ ਰਾਏਪੁਰ, ਸ. ਮਿੱਠੂ ਸਿੰਘ ਕਾਹਨੇਕੇ, ਬੀਬੀ ਪਰਮਜੀਤ ਕੌਰ, ਸ. ਇੰਦਰਮੋਹਨ ਸਿੰਘ ਲਖਮੀਰ ਵਾਲਾ, ਬੀਬੀ ਜਸਪਾਲ ਕੌਰ ਸੁਨਾਮ, ਸ. ਮਲਕੀਤ ਸਿੰਘ ਚੰਗਾਲ, ਬੀਬੀ ਸ਼ਰਨਜੀਤ ਕੌਰ ਧੂਰੀ, ਸ. ਹਰਦੇਵ ਸਿੰਘ ਰੋਗਲਾ, ਬੀਬੀ ਮਲਕੀਤ ਕੌਰ ਕਮਾਲਪੁਰ, ਸ. ਸਤਵਿੰਦਰ ਸਿੰਘ ਟੌਹੜਾ, ਸ. ਸਵਿੰਦਰ ਸਿੰਘ ਸੱਭਰਵਾਲ, ਸ. ਨਿਰਮੈਲ ਸਿੰਘ ਜੌਲਾਂ, ਸ. ਅਵਤਾਰ ਸਿੰਘ ਰਿਆ, ਸ. ਰਵਿੰਦਰ ਸਿੰਘ ਖ਼ਾਲਸਾ, ਸ. ਰਘਬੀਰ ਸਿੰਘ ਸਹਾਰਨਮਾਜਰਾ, ਸ. ਚਰਨ ਸਿੰਘ ਆਲਮਗੀਰ, ਸ. ਬਲਵਿੰਦਰ ਸਿੰਘ ਬੈਂਸ, ਬੀਬੀ ਰਾਜਿੰਦਰ ਕੌਰ, ਸ. ਕੰਵਲਇੰਦਰ ਸਿੰਘ ਠੇਕੇਦਾਰ, ਸ. ਗੁਰਬਖ਼ਸ ਸਿੰਘ ਖ਼ਾਲਸਾ, ਬੀਬੀ ਦਵਿੰਦਰ ਕੌਰ ਕਾਲੜਾ, ਸ. ਰਣਜੀਤ ਸਿੰਘ ਕਾਹਲੋਂ, ਬੀਬੀ ਗੁਰਮੀਤ ਕੌਰ, ਬੀਬੀ ਗੁਰਪ੍ਰੀਤ ਕੌਰ ਫਗਵਾੜਾ, ਸ. ਬਲਵਿੰਦਰ ਸਿੰਘ ਵੇਂਈਪੂਈਂ, ਬੀਬੀ ਹਰਜਿੰਦਰ ਕੌਰ ਪੱਟੀ, ਬਾਬਾ ਨਿਰਮਲ ਸਿੰਘ ਨੌਸ਼ਿਹਰਾਢਾਲਾ, ਬੀਬੀ ਬਲਵਿੰਦਰ ਕੌਰ ਲੋਪੋਕੇ, ਬੀਬੀ ਸਰਵਨ ਕੌਰ ਤੇੜਾ, ਸ. ਬਿਕਰਮਜੀਤ ਸਿੰਘ ਕੋਟਲਾ, ਸ. ਸੁਰਜੀਤ ਸਿੰਘ ਤੁਗਲਵਾਲਾ, ਬੀਬੀ ਜੋਗਿੰਦਰ ਕੌਰ ਡੇਰਾ ਬਾਬਾ ਨਾਨਕ, ਸ. ਅਜਮੇਰ ਸਿੰਘ ਖੇੜਾ, ਸ. ਚਰਨਜੀਤ ਸਿੰਘ ਕਾਲੇਵਾਲ, ਸ. ਹਰਦੀਪ ਸਿੰਘ ਮੋਹਾਲੀ, ਸ. ਸੁਖਮੀਤ ਸਿੰਘ, ਸ. ਗੁਰਮਿੰਦਰ ਸਿੰਘ ਮਠਾਰੂ, ਸ. ਜਗਤਾਰ ਸਿੰਘ, ਭਾਈ ਪ੍ਰਿਤਪਾਲ ਸਿੰਘ ਲੁਧਿਆਣਾ, ਸ. ਰਤਨ ਸਿੰਘ ਜੱਫਰਵਾਲ ਆਦਿ ਸ਼੍ਰੋਮਣੀ ਕਮੇਟੀ ਮੈਂਬਰ, ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਮਨਜੀਤ ਸਿੰਘ ਬਾਠ, ਸ. ਅਵਤਾਰ ਸਿੰਘ ਸੈਂਪਲਾ, ਸ. ਬਲਵਿੰਦਰ ਸਿੰਘ ਜੌੜਾਸਿੰਘਾ, ਸ. ਮਹਿੰਦਰ ਸਿੰਘ ਆਹਲੀ, ਸ. ਕੇਵਲ ਸਿੰਘ ਗਿੱਲ, ਨਿੱਜੀ ਸਕੱਤਰ ਇੰਜ: ਸੁਖਮਿੰਦਰ ਸਿੰਘ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ, ਡਾ. ਪਰਮਜੀਤ ਸਿੰਘ ਸਰੋਆ ਆਦਿ ਹਾਜ਼ਰ ਸਨ।

## 550ਵੇਂ ਪ੍ਰਕਾਸ਼ ਪੁਰਬ ਸਬੰਧੀ...

ਨਾਨਕ ਦੇਵ ਜੀ ਦਾ ਇਹ 550ਵਾਂ ਪ੍ਰਕਾਸ਼ ਪੁਰਬ ਕੌਮਾਂਤਰੀ ਪੱਧਰ 'ਤੇ ਮਨਾਉਣ ਲਈ ਵਿਸ਼ੇਸ਼ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ। ਇਸੇ ਸਬੰਧ ਵਿਚ ਸ਼੍ਰੋਮਣੀ ਕਮੇਟੀ ਵੱਲੋਂ ਵੱਖ-ਵੱਖ ਸਮਾਗਮਾਂ ਸਬੰਧੀ ਸਬ-ਕਮੇਟੀਆਂ ਗਠਿਤ ਕੀਤੀਆਂ ਗਈਆਂ ਹਨ। ਇਨ੍ਹਾਂ ਕਮੇਟੀਆਂ ਨੂੰ ਜਲਦ ਹੀ ਉਕਤ ਸਾਰੇ ਸਮਾਗਮਾਂ ਸਬੰਧੀ ਮੁਕੰਮਲ ਵਿਉਂਤਬੰਦੀ ਕਰਨ ਲਈ ਕਿਹਾ ਗਿਆ ਹੈ, ਤਾਂ ਜੋ ਸਾਰੇ ਸਮਾਗਮ ਸਫ਼ਲਤਾ ਸਹਿਤ ਕਰਵਾਏ ਜਾ ਸਕਣ। ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਸੁਲਤਾਨਪੁਰ ਲੋਧੀ ਵਿਖੇ ਸ਼ਤਾਬਦੀ ਸਮੇਂ ਪੁੱਜਣ ਵਾਲੀ ਸੰਗਤ ਦੀ ਰਿਹਾਇਸ਼ ਅਤੇ ਲੰਗਰ ਆਦਿ ਸਬੰਧੀ ਪ੍ਰਬੰਧਾਂ ਨੂੰ ਅੰਤਮ ਰੂਪ ਦੇਣ ਲਈ ਵੀ ਸਬ-ਕਮੇਟੀ ਬਣਾਈ ਗਈ ਹੈ। ਸ਼੍ਰੋਮਣੀ ਕਮੇਟੀ ਇਨ੍ਹਾਂ ਪ੍ਰਬੰਧਾਂ ਲਈ ਜ਼ਮੀਨ ਠੇਕੇ 'ਤੇ ਲਵੇਗੀ ਅਤੇ ਇਸ ਲਈ ਗੱਲਬਾਤ ਆਖ਼ਰੀ ਪੜਾਅ 'ਤੇ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਇਸੇ ਦੌਰਾਨ ਗੁਰਦੁਆਰਾ ਸ੍ਰੀ ਬੇਰ ਸਾਹਿਬ ਵਿਖੇ ਚੱਲ ਰਹੇ ਵੱਖ-ਵੱਖ ਕਾਰਜਾਂ ਅਤੇ ਗੁਰਦੁਆਰਾ ਸੰਤਘਾਟ ਨਜ਼ਦੀਕ ਤਿਆਰ ਕੀਤੇ ਜਾ ਰਹੇ ਮੂਲ ਮੰਤਰ ਅਸਥਾਨ ਦਾ ਜਾਇਜ਼ਾ ਵੀ ਲਿਆ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਸ. ਗੁਰਬਚਨ ਸਿੰਘ ਕਰਮੂੰਵਾਲਾ, ਸਾਬਕਾ ਪ੍ਰਧਾਨ ਬੀਬੀ ਜਗੀਰ ਕੌਰ, ਸਾਬਕਾ ਮੰਤਰੀ ਬੀਬੀ ਉਪਿੰਦਰਜੀਤ ਕੌਰ, ਅੰਤ੍ਰਿੰਗ ਮੈਂਬਰ ਸ. ਸ਼ਿੰਗਾਰਾ ਸਿੰਘ ਲੋਹੀਆ, ਭਾਈ ਮਨਜੀਤ ਸਿੰਘ, ਬੀਬੀ ਜਸਬੀਰ ਕੌਰ ਜੱਫਰਵਾਲ, ਭਾਈ ਗੁਰਚਰਨ ਸਿੰਘ ਗਰੇਵਾਲ, ਭਾਈ ਰਾਜਿੰਦਰ ਸਿੰਘ ਮਹਿਤਾ, ਸ. ਪਰਮਜੀਤ ਸਿੰਘ ਖ਼ਾਲਸਾ ਬਰਨਾਲਾ, ਸ. ਸਰਵਨ ਸਿੰਘ ਕੁਲਾਰ, ਸ. ਜਰਨੈਲ ਸਿੰਘ ਡੋਗਰਾਂਵਾਲਾ, ਸ. ਕੁਲਵੰਤ ਸਿੰਘ ਮੰਨਣ, ਸ. ਭਗਵੰਤ ਸਿੰਘ ਸਿਆਲਕਾ, ਬੀਬੀ ਗੁਰਪ੍ਰੀਤ ਕੌਰ ਰੂਹੀ, ਸ. ਰਾਮਪਾਲ ਸਿੰਘ ਬਹਿਣੀਵਾਲ, ਭਾਈ ਅਜਾਇਬ ਸਿੰਘ ਅਭਿਆਸੀ, ਸ. ਰਣਜੀਤ ਸਿੰਘ ਕਾਹਲੋਂ, ਸ. ਸੁਖਵਰਸ਼ ਸਿੰਘ ਪੰਨੂ, ਸ. ਗੁਰਮੀਤ ਸਿੰਘ ਬੂਹ, ਸ. ਪਰਮਜੀਤ ਸਿੰਘ ਰਾਏਪੁਰ, ਸ. ਮਨਜੀਤ ਸਿੰਘ ਬੱਪੀਆਣਾ, ਸ. ਰਤਨ ਸਿੰਘ ਜੱਫਰਵਾਲ, ਬੀਬੀ ਦਵਿੰਦਰ ਕੌਰ ਕਾਲੜਾ, ਸ. ਅਮਰਜੀਤ ਸਿੰਘ ਭਲਾਈਪੁਰ, ਮਾਸਟਰ ਰਾਜਬੀਰ ਸਿੰਘ, ਸ. ਹਰਵਿੰਦਰ ਸਿੰਘ ਖ਼ਾਲਸਾ, ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਮਨਜੀਤ ਸਿੰਘ ਬਾਠ, ਸ. ਅਵਤਾਰ ਸਿੰਘ ਸੈਂਪਲਾ, ਸ. ਮਹਿੰਦਰ ਸਿੰਘ ਆਹਲੀ, ਨਿੱਜੀ ਸਕੱਤਰ ਇੰਜ: ਸੁਖਮਿੰਦਰ ਸਿੰਘ, ਸ. ਸੁਖਦੇਵ ਸਿੰਘ ਭੂਰਾਕੋਹਨਾ, ਸ. ਪਰਮਜੀਤ ਸਿੰਘ ਸਰੋਆ, ਸ. ਕੁਲਵਿੰਦਰ ਸਿੰਘ ਰਮਦਾਸ, ਸ. ਸਕੱਤਰ ਸਿੰਘ, ਬਾਬਾ ਸੁਖਵਿੰਦਰ ਸਿੰਘ ਭੂਰੀਵਾਲੇ, ਬਾਬਾ ਭੁਪਿੰਦਰ ਸਿੰਘ, ਬਾਬਾ ਸੁਬੇਗ ਸਿੰਘ, ਡਾ. ਧਰਮਿੰਦਰ ਸਿੰਘ ਉੱਭਾ, ਸ. ਰਾਮ ਸਿੰਘ ਭਿੰਡਰ, ਸ. ਚਾਨਣ ਸਿੰਘ, ਸ. ਗੁਰਮੁਖ ਸਿੰਘ ਐਮ.ਏ., ਮੈਨੇਜਰ ਸ. ਸਤਨਾਮ ਸਿੰਘ ਰਿਆੜ, ਸ. ਸਰਜਬੀਤ ਸਿੰਘ ਧੂੰਦਾ, ਸ. ਮੇਜਰ ਸਿੰਘ ਅਰਜਨ ਮਾਂਗਾ, ਸ. ਸਵਿੰਦਰ ਸਿੰਘ ਭੰਗੂ, ਸ. ਜੋਗਾ ਸਿੰਘ ਭਾਗੋਵਾਲੀਆ, ਭਾਈ ਸੁਰਜੀਤ ਸਿੰਘ ਸਭਰਾ ਆਦਿ ਮੌਜੂਦ ਸਨ।

## ਵਿਸ਼ੇਸ਼ ਸੈਮੀਨਾਰ...

ਪ੍ਰਕਾਸ਼ ਪੁਰਬ ਸਬੰਧੀ ਪਹਿਲਕਦਮੀ ਕਰਾਰ ਦਿੱਤਾ।

ਸੈਮੀਨਾਰ ਦੌਰਾਨ ਰਾਜਸਥਾਨ ਯੂਨੀਵਰਸਿਟੀ ਦੇ ਉੱਪ ਕੁਲਪਤੀ ਪ੍ਰੋ. ਆਰ. ਕੇ. ਕੋਠਾਰੀ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਪਰਚੇ ਪੜ੍ਹਨ ਵਾਲੇ ਵਿਦਵਾਨਾਂ ਵਿਚ ਪ੍ਰਸਿੱਧ ਵਿਦਵਾਨ ਡਾ. ਜਸਪਾਲ ਸਿੰਘ ਸਾਬਕਾ ਵੀ. ਸੀ., ਡਾ. ਰੂਪ ਸਿੰਘ ਮੁੱਖ ਸਕੱਤਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਡਾ. ਬਲਵੰਤ ਸਿੰਘ ਢਿੱਲੋਂ, ਡਾ. ਸਰਬਜਿੰਦਰ ਸਿੰਘ, ਪ੍ਰੋ. ਬਲਵਿੰਦਰ ਸਿੰਘ ਜੌੜਾਸਿੰਘਾ ਸਕੱਤਰ ਧਰਮ ਪ੍ਰਚਾਰ ਕਮੇਟੀ, ਪ੍ਰੋਫੈਸਰ ਮਹਿੰਦਰ ਸਿੰਘ, ਡਾ. ਮਨਜੀਤ ਸਿੰਘ ਦਿੱਲੀ ਯੂਨੀਵਰਸਿਟੀ, ਸ. ਅਜੈਪਾਲ ਸਿੰਘ ਜੈਪੁਰ, ਐਸ.ਕੇ.ਐਸ. ਬੈਂਸ, ਸ. ਅੰਗਰੇਜ਼ ਸਿੰਘ ਤੇ ਡਾ. ਮਨਜੀਤ ਕੌਰ ਸ਼ਾਮਲ ਸਨ।

ਸੈਮੀਨਾਰ ਦੌਰਾਨ ਬੁਲਾਰਿਆਂ ਨੇ ਸਮਾਜਿਕ ਵਿਕਾਸ ਅਤੇ ਸਮਾਜ ਵਿਚ ਫੈਲੀਆਂ ਕੁਰੀਤੀਆਂ ਨੂੰ ਦੂਰ ਕਰਨ ਲਈ ਗੁਰੂ ਸਾਹਿਬਾਨ ਵੱਲੋਂ ਬਖ਼ਸ਼ੀ ਬਾਣੀ ਅਤੇ ਉਨ੍ਹਾਂ ਦੇ ਸਿਧਾਂਤਾਂ ਨੂੰ ਅਮਲ ਵਿਚ ਲਿਆਉਣ ਦੀ ਲੋੜ 'ਤੇ ਜ਼ੋਰ ਦਿੱਤਾ।

## ਯਾਤਰੀ ਨਿਵਾਸ...

ਬਲਜਿੰਦਰ ਸਿੰਘ, ਭਾਈ ਬਲਵਿੰਦਰ ਸਿੰਘ, ਅਕਾਲੀ ਆਗੂ ਜਥੇਦਾਰ ਹੀਰਾ ਸਿੰਘ ਗੂੰਬਰ, ਸ. ਹਰਜੀਤ ਸਿੰਘ ਅਚਿੰਤ, ਸ. ਸੰਦੀਪ ਸਿੰਘ ਕਲੋਤਾ, ਇਸਤਰੀ ਸਤਿਸੰਗ ਸਭਾ ਦੀ ਪ੍ਰਧਾਨ ਮਾਤਾ ਗੁਰਚਰਨ ਸਿੰਘ, ਇਸਤਰੀ ਅਕਾਲੀ ਦਲ ਦੀ ਪ੍ਰਧਾਨ ਬੀਬੀ ਕਲਵਿੰਦਰ ਕੌਰ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

ਮੁੱਖ ਸੰਪਾਦਕ:
ਬਲਵਿੰਦਰ ਸਿੰਘ ਜੌੜਾਸਿੰਘਾ
ਸਹਾਇਕ:
ਜਗਤਾਰ ਸਿੰਘ ਖੋਦੇਬੇਟ
ਪ੍ਰਕਾਸ਼ਕ:
ਸਕੱਤਰ, ਧਰਮ ਪ੍ਰਚਾਰ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।
ਛਾਪਕ:
ਗੋਲਡਨ ਆਫਸੈੱਟ ਪ੍ਰੈਸ,
ਗੁਰਦੁਆਰਾ ਰਾਮਸਰ ਸਾਹਿਬ,
ਸ੍ਰੀ ਅੰਮ੍ਰਿਤਸਰ ਸਾਹਿਬ।

# ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਨਾਨਕਸ਼ਾਹੀ ਕੈਲੰਡਰ ਜਾਰੀ ਕੀਤਾ

## ਸੰਗਤਾਂ ਗੁਰਪੁਰਬ ਅਤੇ ਹੋਰ ਇਤਿਹਾਸਕ ਦਿਹਾੜੇ ਨਾਨਕਸ਼ਾਹੀ ਕੈਲੰਡਰ ਅਨੁਸਾਰ ਮਨਾਉਣ- ਗਿਆਨੀ ਹਰਪ੍ਰੀਤ ਸਿੰਘ



ਅੰਮ੍ਰਿਤਸਰ- ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਦਫ਼ਤਰ ਸਕੱਤਰੇਤ ਵਿਖੇ ਸੰਮਤ ਨਾਨਕਸ਼ਾਹੀ 551 (2019-20) ਦਾ ਕੈਲੰਡਰ ਜਾਰੀ ਕੀਤਾ ਗਿਆ। ਇਸ ਮੌਕੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ, ਤਖ਼ਤ ਸ੍ਰੀ ਪਟਨਾ ਸਾਹਿਬ ਤੋਂ ਗਿਆਨੀ ਰਾਜਿੰਦਰ ਸਿੰਘ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਨਾਨਕਸ਼ਾਹੀ ਕੈਲੰਡਰ ਜਾਰੀ ਕਰਨ ਮਗਰੋਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਸੰਗਤ ਨੂੰ ਇਸ ਨਾਨਕਸ਼ਾਹੀ ਕੈਲੰਡਰ ਅਨੁਸਾਰ ਹੀ ਗੁਰਪੁਰਬ ਅਤੇ ਇਤਿਹਾਸਕ ਦਿਹਾੜੇ ਮਨਾਉਣ ਲਈ ਕਿਹਾ। ਉਨ੍ਹਾਂ ਆਖਿਆ ਕਿ ਇਹ ਨਾਨਕਸ਼ਾਹੀ ਕੈਲੰਡਰ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕੀਤਾ ਗਿਆ ਹੈ ਅਤੇ ਸਮੁੱਚੇ ਸਿੱਖ ਜਗਤ ਦਾ ਫ਼ਰਜ਼ ਹੈ ਕਿ ਇਸ ਇਤਿਹਾਸਕ ਮੌਕੇ ਨੂੰ ਖ਼ਾਲਸਾਈ ਜਾਹੋ-ਜਲਾਲ ਨਾਲ ਮਨਾਉਣ ਲਈ ਸਾਂਝੇ ਯਤਨ ਕਰਦਿਆਂ ਗੁਰੂ ਸਾਹਿਬ ਦੇ ਫਲਸਫ਼ੇ ਅਤੇ ਉਨ੍ਹਾਂ ਦੇ ਜੀਵਨ ਇਤਿਹਾਸ ਨੂੰ ਵੱਧ ਤੋਂ ਵੱਧ ਪ੍ਰਚਾਰਨ ਲਈ ਯਤਨ ਕੀਤੇ ਜਾਣ।

ਇਸ ਦੌਰਾਨ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਜਾਰੀ ਕੀਤੇ ਗਏ ਅਗਲੇ ਵਰ੍ਹੇ ਦੇ ਨਾਨਕਸ਼ਾਹੀ ਕੈਲੰਡਰ ਲਈ ਸੰਗਤ ਨੂੰ ਵਧਾਈ ਦਿੱਤੀ। ਉਨ੍ਹਾਂ ਦੱਸਿਆ ਕਿ ਨਾਨਕਸ਼ਾਹੀ ਕੈਲੰਡਰ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਪ੍ਰਸਤੀ ਹੇਠ ਧਰਮ ਪ੍ਰਚਾਰ ਕਮੇਟੀ ਵੱਲੋਂ ਪ੍ਰਕਾਸ਼ਤ ਕੀਤਾ ਗਿਆ ਹੈ। ਇਸ ਤੋਂ ਇਲਾਵਾ ਨਾਨਕਸ਼ਾਹੀ ਕੈਲੰਡਰ ਦੇ ਅਧਾਰਿਤ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਇਕ ਵਿਸ਼ੇਸ਼ ਡਾਇਰੀ ਵੀ ਤਿਆਰ ਕੀਤੀ ਜਾ ਰਹੀ ਹੈ।

ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅੰਤ੍ਰਿੰਗ ਮੈਂਬਰ ਭਾਈ ਮਨਜੀਤ ਸਿੰਘ, ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਸ. ਸੁਖਵਰਸ਼ ਸਿੰਘ ਪੰਨੂ, ਭਾਈ ਦਿਲਬਾਗ ਸਿੰਘ, ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ, ਵਧੀਕ ਸਕੱਤਰ ਸ. ਪਰਮਜੀਤ ਸਿੰਘ ਸਰੋਆ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ, ਸ. ਸਿਮਰਜੀਤ ਸਿੰਘ ਕੰਗ, ਸ. ਗੁਰਬਚਨ ਸਿੰਘ ਲੇਹਲ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ, ਵਧੀਕ ਮੈਨੇਜਰ ਸ. ਰਾਜਿੰਦਰ ਸਿੰਘ, ਸ. ਜਸਪਾਲ ਸਿੰਘ ਢੱਡੇ ਆਦਿ ਹਾਜ਼ਰ ਸਨ।

# 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਕਮੇਟੀ ਵੱਲੋਂ ਗੁਰਦੁਆਰਾ ਅੱਚਲ ਸਾਹਿਬ ਵਿਖੇ ਗੁਰਮਤਿ ਸਮਾਗਮ




ਬਟਾਲਾ, 6 ਮਾਰਚ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪੰਜਾਬ ਅੰਦਰ ਜ਼ਿਲ੍ਹਾ ਪੱਧਰ 'ਤੇ ਆਰੰਭੀ ਗਈ ਗੁਰਮਤਿ ਸਮਾਗਮਾਂ ਦੀ ਲੜੀ ਤਹਿਤ ਗੁਰਦੁਆਰਾ ਸ੍ਰੀ ਅੱਚਲ ਸਾਹਿਬ ਸੱਲ੍ਹੋ ਚਾਹਲ (ਬਟਾਲਾ) ਵਿਖੇ ਗੁਰਮਤਿ ਸਮਾਗਮ ਦਾ ਆਯੋਜਨ ਕੀਤਾ ਗਿਆ। ਇਹ ਅਸਥਾਨ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਛਰਨ ਛੋਹ ਪ੍ਰਾਪਤ ਹੈ ਅਤੇ ਇਥੇ ਗੁਰੂ ਸਾਹਿਬ ਨੇ ਸਿੱਧਾਂ ਨਾਲ ਵਿਚਾਰ ਚਰਚਾ ਕੀਤੀ ਸੀ। ਸਮਾਗਮ ਦੌਰਾਨ ਵਿਸ਼ੇਸ਼ ਤੌਰ 'ਤੇ ਪਹੁੰਚੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਨੇ ਸੰਗਤ ਨਾਲ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦਾ 550 ਸਾਲਾ ਪ੍ਰਕਾਸ਼ ਪੁਰਬ ਸਾਡੇ ਸਮਿਆਂ ਵਿਚ ਆ ਰਿਹਾ ਇਤਿਹਾਸਕ ਮੌਕਾ ਹੈ ਅਤੇ ਸਾਡਾ ਫ਼ਰਜ਼ ਹੈ ਕਿ ਅਸੀਂ ਇਸ ਨੂੰ ਸਮਰਪਿਤ ਹੋ ਕੇ ਗੁਰੂ ਸਾਹਿਬ ਦੀ ਵਿਚਾਰਧਾਰਾ ਦੇ ਧਾਰਨੀ ਬਣੀਏ। ਉਨ੍ਹਾਂ ਸ਼੍ਰੋਮਣੀ ਕਮੇਟੀ ਵੱਲੋਂ ਕਰਵਾਏ ਜਾ ਰਹੇ ਵੱਖ-ਵੱਖ ਗੁਰਮਤਿ ਸਮਾਗਮਾਂ ਲਈ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਸੰਗਤ ਨੂੰ 550 ਸਾਲਾ ਪ੍ਰਕਾਸ਼ ਪੁਰਬ ਸਬੰਧੀ ਸਜਾਏ ਜਾਣ ਵਾਲੇ ਸਮਾਗਮਾਂ ਦਾ ਹਿੱਸਾ ਬਣਨ ਦੀ ਅਪੀਲ ਕੀਤੀ। ਸਮਾਗਮ ਦੌਰਾਨ ਪੰਥ ਪ੍ਰਸਿੱਧ ਰਾਗੀ, ਢਾਡੀ ਤੇ ਕਵੀਸ਼ਰ ਜਥਿਆਂ ਨੇ ਸੰਗਤ ਨੂੰ ਗੁਰਬਾਣੀ ਕੀਰਤਨ ਅਤੇ ਪਹਿਲੇ ਪਾਤਸ਼ਾਹ ਜੀ ਦਾ ਜੀਵਨ ਇਤਿਹਾਸ ਸਰਵਣ ਕਰਵਾਇਆ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਬੀਬੀ ਜਸਬੀਰ ਕੌਰ ਜੱਫਰਵਾਲ, ਮੈਂਬਰ ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ, ਸ. ਗੁਰਨਾਮ ਸਿੰਘ ਜੱਸਲ, ਸ. ਸੱਜਣ ਸਿੰਘ ਬੱਜੂਮਾਨ, ਸ. ਰਤਨ ਸਿੰਘ ਜੱਫਰਵਾਲ ਤੇ ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਡਾ. ਪਰਮਜੀਤ ਸਿੰਘ ਸਰੋਆ ਨੇ ਵੀ ਸੰਬੋਧਨ ਕੀਤਾ। ਗੁਰਦੁਆਰਾ ਅੱਚਲ ਸਾਹਿਬ ਦੇ ਪ੍ਰਬੰਧਕਾਂ ਵੱਲੋਂ ਆਈਆਂ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਨਮਾਨਿਤ ਵੀ ਕੀਤਾ ਗਿਆ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਮੈਨੇਜਰ ਸ. ਗੁਰਤਿੰਦਰਪਾਲ ਸਿੰਘ ਭਾਟੀਆ, ਸ. ਮਨਜੀਤ ਸਿੰਘ, ਸ. ਕੁਲਵੰਤ ਸਿੰਘ, ਸ. ਬਲਜੀਤ ਸਿੰਘ ਤਲਵੰਡੀ ਰਾਮਾ, ਸ. ਮੁਖ਼ਤਿਆਰ ਸਿੰਘ ਹੈੱਡ ਗ੍ਰੰਥੀ, ਸ. ਜਰਨੈਲ ਸਿੰਘ ਮਾਹਲ, ਬਾਬਾ ਅਮਰੀਕ ਸਿੰਘ, ਬਾਬਾ ਅਮੋਲਕ ਸਿੰਘ, ਬਾਬਾ ਮਲਕੀਤ ਸਿੰਘ, ਮਾਸਟਰ ਜੋਗਿੰਦਰ ਸਿੰਘ ਅੱਚਲੀ ਗੇਟ, ਐਡਵੋਕੇਟ ਰਜਿੰਦਰ ਸਿੰਘ ਪਦਮ, ਸ. ਬਲਕਾਰ ਸਿੰਘ ਦੌਲਤਪੁਰ, ਸ. ਕੰਵਲਜੀਤ ਸਿੰਘ ਬਾਜਵਾ, ਸ. ਸੁਖਬੀਰ ਸਿੰਘ ਜਾਦਪੁਰ, ਸ. ਈਸ਼ਵਰ ਸਿੰਘ, ਸ. ਬਖ਼ਸ਼ੀਸ ਸਿੰਘ ਸੰਦਲਪੁਰ, ਸ. ਦਿਲਬਾਗ ਸਿੰਘ ਨੱਤ, ਸ. ਦਰਸ਼ਨ ਸਿੰਘ ਪੁਰੀਆਂ, ਸ. ਬਲਜੀਤ ਸਿੰਘ ਅਮੋਨੰਗਲ, ਪ੍ਰਚਾਰਕ ਭਾਈ ਬਲਵੰਤ ਸਿੰਘ ਐਨੋਕੋਟ ਆਦਿ ਮੌਜੂਦ ਸਨ।

# ਗੁਰਦੁਆਰਾ ਸਾਹਿਬ ਪਾਤਸ਼ਾਹੀ ਪਹਿਲੀ ਲੱਖੀ ਜੰਗਲ ਵਿਖੇ ਵਿਸ਼ਾਲ ਗੁਰਮਤਿ ਸਮਾਗਮ



ਬਠਿੰਡਾ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸਾਹਿਬ ਪਾਤਸ਼ਾਹੀ ਪਹਿਲੀ ਲੱਖੀ ਜੰਗਲ ਬਠਿੰਡਾ ਵਿਖੇ ਬੀਤੀ ਰਾਤ ਇਕ ਵਿਸ਼ਾਲ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ।

ਸਮਾਗਮ ਦੌਰਾਨ ਸੰਗਤ ਨੂੰ ਸੰਬੋਧਨ ਕਰਦਿਆਂ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਸਮੁੱਚੇ ਵਿਸ਼ਵ ਦੇ ਸਰਬਸਾਂਝੇ ਗੁਰੂ ਹਨ ਅਤੇ ਉਨ੍ਹਾਂ ਦੀ ਵਿਚਾਰਧਾਰਾ ਮਨੁੱਖਤਾ ਨੂੰ ਨਵੀਂ ਦਿਸ਼ਾ ਦਿੰਦੀ ਹੈ। ਉਨ੍ਹਾਂ ਆਖਿਆ ਕਿ ਸਾਡੀ ਖੁਸ਼ਕਿਸਮਤੀ ਹੈ ਕਿ ਗੁਰੂ ਸਾਹਿਬ ਜੀ ਦਾ 550 ਸਾਲਾ ਪ੍ਰਕਾਸ਼ ਪੁਰਬ ਸਾਡੇ ਜੀਵਨ ਅੰਦਰ ਆ ਰਿਹਾ ਹੈ। ਉਨ੍ਹਾਂ ਸੰਗਤ ਨੂੰ ਅਪੀਲ ਕੀਤੀ ਕਿ ਪਹਿਲੇ ਪਾਤਸ਼ਾਹ ਜੀ ਦੇ ਇਸ ਇਤਿਹਾਸਕ ਪੁਰਬ ਨੂੰ ਸਮਰਪਿਤ ਹੋ ਕੇ ਗੁਰਮਤਿ ਵਿਚਾਰਧਾਰਾ ਨਾਲ ਜੁੜੀਏ। ਇਸ ਤੋਂ ਪਹਿਲਾਂ ਸਮਾਗਮ ਦੌਰਾਨ ਕਥਾਵਾਚਕ ਭਾਈ ਰਣਜੀਤ ਸਿੰਘ ਗੌਹਰ ਨੇ ਸੰਗਤਾਂ ਨੂੰ ਗੁਰਮਤਿ ਵਿਚਾਰਾਂ ਨਾਲ ਜੋੜਿਆ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਜਥਿਆਂ ਨੇ ਗੁਰਬਾਣੀ ਕੀਰਤਨ ਸਰਵਣ ਕਰਵਾਇਆ। ਇਸ ਸਮੇਂ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਅਤੇ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਵੀ ਕੀਤਾ ਗਿਆ।

ਸਮਾਗਮ ਦੌਰਾਨ ਹੋਰਨਾਂ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਸ. ਬਿੱਕਰ ਸਿੰਘ ਚੰਨੂ, ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਅਮਰੀਕ ਸਿੰਘ ਕੋਟਸ਼ਮੀਰ, ਬਾਬਾ ਗੁਰਮੀਤ ਸਿੰਘ ਤ੍ਰਿਲੋਕੇਵਾਲਾ, ਜਥੇਦਾਰ ਅਵਤਾਰ ਸਿੰਘ ਵਣਵਾਲਾ, ਭਾਈ ਅਮਰਜੀਤ ਸਿੰਘ ਚਾਵਲਾ, ਬਾਬਾ ਕਾਹਨ ਸਿੰਘ ਮੁਖੀ ਸੇਵਾ ਪੰਥੀ, ਬਾਬਾ ਜੱਸਾ ਸਿੰਘ ਸ਼੍ਰੋਮਣੀ ਬੁੱਢਾ ਦਲ, ਸ. ਕਰਨ ਸਿੰਘ ਮੈਨੇਜਰ ਸ੍ਰੀ ਦਮਦਮਾ ਸਾਹਿਬ, ਮੈਨੇਜਰ ਸ. ਗੁਰਬਖ਼ਸ਼ ਸਿੰਘ, ਸ. ਭੋਲਾ ਸਿੰਘ ਇੰਚਾਰਜ ਉਪ-ਦਫ਼ਤਰ ਤਲਵੰਡੀ ਸਾਬੋ ਆਦਿ ਮੌਜੂਦ ਸਨ। ਇਸ ਸਮਾਗਮ ਦੌਰਾਨ ਸਟੇਜ ਦੀ ਸੇਵਾ ਪ੍ਰਚਾਰਕ ਭਾਈ ਗੁਰਮੀਤ ਸਿੰਘ ਵੱਲੋਂ ਨਿਭਾਈ ਗਈ।

# ਪਿੰਡ ਬਹਿੜਵਾਲ ਵਿਖੇ ਕਰਵਾਇਆ ਗਿਆ ਗੁਰਮਤਿ ਸਮਾਗਮ



ਅੰਮ੍ਰਿਤਸਰ- ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਧਰਮ ਪ੍ਰਚਾਰ ਕਮੇਟੀ ਵੱਲੋਂ ਅਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਗੁਰਦੁਆਰਾ ਬਾਬਾ ਦੀਪ ਸਿੰਘ ਜੀ ਸ਼ਹੀਦ ਪਿੰਡ ਬਹਿੜਵਾਲ ਵਿਖੇ ਗੁਰਮਤਿ ਸਮਾਗਮ ਤੇ ਅੰਮ੍ਰਿਤ ਸੰਚਾਰ ਕਰਵਾਇਆ ਗਿਆ।

ਸਮਾਗਮ ਬਾਰੇ ਜਾਣਕਾਰੀ ਦਿੰਦਿਆਂ ਸ. ਮਲਕੀਤ ਸਿੰਘ ਬਹਿੜਵਾਲ ਸਹਾਇਕ ਸੁਪ੍ਰਿੰਟੈਂਡੈਂਟ ਸ਼੍ਰੋਮਣੀ ਕਮੇਟੀ ਨੇ ਦੱਸਿਆ ਕਿ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਸਜਾਏ ਗਏ ਦੀਵਾਨ ਵਿਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਜਬਰਤੋੜ ਸਿੰਘ ਤੇ ਭਾਈ ਪ੍ਰਤਾਪ ਸਿੰਘ ਦੇ ਜੱਥਿਆਂ ਨੇ ਗੁਰਬਾਣੀ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕੀਤਾ।

ਸਮਾਗਮ ਦੌਰਾਨ ਵਿਸ਼ੇਸ ਤੌਰ ’ਤੇ ਪਹੁੰਚੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਸੰਗਤ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਇਤਿਹਾਸ ਅਤੇ ਉਨ੍ਹਾਂ ਦੇ ਉਪਦੇਸ਼ਾਂ ਤੋਂ ਜਾਣੂੰ ਕਰਵਾਇਆ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਵਿਚਾਰਧਾਰਾ ਮਨੁੱਖ ਦੇ ਜੀਵਨ ਨੂੰ ਸਵਾਰਨ ਵਾਲੀ ਹੈ ਅਤੇ ਸਾਡਾ ਫ਼ਰਜ਼ ਹੈ ਕਿ ਅਸੀਂ ਗੁਰੂ ਸਾਹਿਬ ਦੇ ਉਪਦੇਸ਼ਾਂ ਅਨੁਸਾਰ ਜੀਵਨ ਬਤੀਤ ਕਰੀਏ। ਉਪਰੰਤ ਗਿਆਨੀ ਰਾਮ ਸਿੰਘ ਤੇ ਭਾਈ ਹਰਸਿਮਰਨ ਸਿੰਘ ਕਥਾਵਾਚਕ ਨੇ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ। ਇਸੇ ਤਰ੍ਹਾਂ ਭਾਈ ਮਨਬੀਰ ਸਿੰਘ ਪਹੁਵਿੰਡ, ਭਾਈ ਸੁਖਪ੍ਰੀਤ ਸਿੰਘ ਸਭਰਾ ਦੇ ਢਾਡੀ ਜਥੇ ਅਤੇ ਭਾਈ ਗੁਰਨਾਮ ਸਿੰਘ ਮਨਿਹਾਲਾ ਦੇ ਕਵੀਸ਼ਰੀ ਜਥੇ ਨੇ ਸੰਗਤਾਂ ਨੂੰ ਗੁਰ ਇਤਿਹਾਸ ਨਾਲ ਜੋੜਿਆ। ਇਸ ਮੌਕੇ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਗੁਰਬਚਨ ਸਿੰਘ ਕਲਸੀਆਂ, ਭਾਈ ਗੁਰਲਾਲ ਸਿੰਘ ਤੇ ਭਾਈ ਹੀਰਾ ਸਿੰਘ ਮਨਿਹਾਲਾ ਨੇ ਵੀ ਗੁਰਮਤਿ ਵੀਚਾਰਾਂ ਰਾਹੀਂ ਹਾਜ਼ਰੀ ਭਰੀ। ਇਸ ਮੌਕੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 19 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ ਜਿਨ੍ਹਾਂ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਕਕਾਰ ਭੇਟਾ ਰਹਿਤ ਦਿੱਤੇ ਗਏ।

ਸਮਾਗਮ ਸਮੇਂ ਬਾਬਾ ਚਰਨਜੀਤ ਸਿੰਘ, ਬਾਬਾ ਸੁਖਵਿੰਦਰ ਸਿੰਘ ਨਵਾਂ ਪਿੰਡ, ਸ. ਪੰਜਾਬ ਸਿੰਘ ਨੰਬਰਦਾਰ, ਸ. ਲਖਬੀਰ ਸਿੰਘ ਮੈਨੇਜਰ, ਸ. ਦਰਸ਼ਨ ਸਿੰਘ, ਸ. ਸਤਨਾਮ ਸਿੰਘ, ਸ. ਕੁਲਦੀਪ ਸਿੰਘ, ਸ. ਮੁਖਤਾਰ ਸਿੰਘ, ਸ. ਦਲੇਰ ਸਿੰਘ ਸਰਪੰਚ, ਸ. ਗੁਰਮੀਤ ਸਿੰਘ, ਸ. ਸੁਖਚੈਨ ਸਿੰਘ, ਸ. ਨਛੱਤਰ ਸਿੰਘ, ਸ. ਮੱਖਣ ਸਿੰਘ, ਸ. ਗੁਰਬਚਨ ਸਿੰਘ ਸਮੇਤ ਵੱਡੀ ਗਿਣਤੀ ਸੰਗਤ ਹਾਜ਼ਰ ਸੀ।

# ਗੁਰਦੁਆਰਾ ਪਾਤਸ਼ਾਹੀ ਨੌਵੀਂ ਬਾਬਾ ਬਕਾਲਾ ਸਾਹਿਬ ਵਿਖੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਮਤਿ ਸਮਾਗਮ





ਬਾਬਾ ਬਕਾਲਾ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਬਾਬਾ ਬਕਾਲਾ ਸਾਹਿਬ ਵਿਖੇ ਗੁਰਮਤਿ ਸਮਾਗਮ ਕਰਵਾਇਆ ਗਿਆ, ਜਿਸ ਵਿਚ ਸੰਗਤ ਨੇ ਵੱਡੀ ਗਿਣਤੀ ਵਿਚ ਹਾਜ਼ਰੀ ਭਰੀ। ਜ਼ਿਕਰਯੋਗ ਹੈ ਕਿ ਸ਼੍ਰੋਮਣੀ ਕਮੇਟੀ ਵੱਲੋਂ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵੱਖ-ਵੱਖ ਥਾਵਾਂ 'ਤੇ ਗੁਰਮਤਿ ਸਮਾਗਮਾਂ ਦੀ ਲੜੀ ਆਰੰਭੀ ਗਈ ਹੈ, ਜਿਸ ਤਹਿਤ ਇਹ ਸਮਾਗਮ ਹੋਇਆ। ਸਮਾਗਮ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਅਨੰਦ ਸਿੰਘ, ਭਾਈ ਹਰਨਾਮ ਸਿੰਘ ਅਤੇ ਗੁਰਦੁਆਰਾ ਸ੍ਰੀ ਬਾਬਾ ਬਕਾਲਾ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਗੁਰਸੇਵਕ ਸਿੰਘ ਨੇ ਸੰਗਤ ਨੂੰ ਗੁਰਬਾਣੀ ਕੀਰਤਨ ਨਾਲ ਜੋੜਿਆ। ਇਸ ਮੌਕੇ ਧਰਮ ਪ੍ਰਚਾਰ ਕਮੇਟੀ ਦੇ ਸੀਨੀਅਰ ਪ੍ਰਚਾਰਕ ਭਾਈ ਜਸਵਿੰਦਰ ਸਿੰਘ ਸ਼ਹੂਰ ਨੇ ਸੰਗਤ ਨਾਲ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਜਗਤ ਦੇ ਉਧਾਰ ਲਈ ਵਿਲੱਖਣ ਅਤੇ ਨਿਰਾਲੀ ਵਿਚਾਰਧਾਰਾ ਦਿੱਤੀ ਹੈ, ਜਿਸ ਨੂੰ ਅਪਣਾ ਕੇ ਅਸੀਂ ਆਪਣਾ ਜੀਵਨ ਸੁੱਖਮਈ ਬਣਾ ਸਕਦੇ ਹਾਂ। ਉਨ੍ਹਾਂ ਸੰਗਤ ਨੂੰ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਹੋ ਕੇ ਆਪੋ-ਆਪਣੇ ਘਰਾਂ ਅੰਦਰ ਗੁਰਸਿੱਖੀ ਦਾ ਪ੍ਰਚਾਰ ਕਰਨ ਲਈ ਅਪੀਲ ਕੀਤੀ। ਇਸ ਤੋਂ ਇਲਾਵਾ ਗੁਰਦੁਆਰਾ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਭੁਪਿੰਦਰ ਸਿੰਘ, ਪ੍ਰਚਾਰਕ ਭਾਈ ਜਸਪਾਲ ਸਿੰਘ, ਭਾਈ ਜੱਜ ਸਿੰਘ, ਭਾਈ ਗੁਰਭੇਜ ਸਿੰਘ, ਭਾਈ ਬਲਵੰਤ ਸਿੰਘ ਤੇ ਭਾਈ ਮਨਦੀਪ ਸਿੰਘ ਨੇ ਗੁਰਮਤਿ ਵਿਚਾਰਾਂ ਸਾਂਝੀਆਂ ਕਰਦਿਆਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਦਰਸ਼ਨ ਤੋਂ ਸੰਗਤ ਨੂੰ ਜਾਣੂੰ ਕਰਵਾਇਆ। ਸਮਾਗਮ ਦੌਰਾਨ ਸਤਿਕਾਰਯੋਗ ਰਾਗੀ ਜੱਥਿਆਂ, ਪ੍ਰਚਾਰਕਾਂ ਤੇ ਕਥਾਵਾਚਕਾਂ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਗੁਰੂ ਬਖ਼ਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਮੈਂਬਰ ਜਥੇਦਾਰ ਬਲਜੀਤ ਸਿੰਘ ਜਲਾਲਉਸਮਾ, ਸ. ਅਮਰਜੀਤ ਸਿੰਘ ਭਲਾਈਪੁਰ, ਮੀਤ ਸਕੱਤਰ ਸ. ਤੇਜਿੰਦਰ ਸਿੰਘ ਪੱਡਾ, ਮੈਨੇਜਰ ਸ. ਸਤਿੰਦਰ ਸਿੰਘ ਬਾਜਵਾ, ਮੀਤ ਮੈਨੇਜਰ ਸ. ਮੋਹਣ ਸਿੰਘ ਕੰਗ ਸਮੇਤ ਵੱਡੀ ਗਿਣਤੀ ਵਿਚ ਸੰਗਤ ਮੌਜੂਦ ਸੀ।




ਪਿੰਡ ਕੋਹਰੀਆਂ ਵਿਖੇ ਲਗਾਏ ਗਏ ਗੁਰਮਤਿ ਸਿਖਲਾਈ ਕੈਂਪ ਦੌਰਾਨ ਨੌਜਵਾਨਾਂ ਨੂੰ ਸਿੱਖ ਰਹਿਤ ਮਰਯਾਦਾ ਦੀ ਜਾਣਕਾਰੀ ਦਿੰਦੇ ਹੋਏ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਗੁਰਸੇਵ ਸਿੰਘ ਘਰਾਚੋਂ ਤੇ ਭਾਈ ਤਰਸੇਮ ਸਿੰਘ ਖੇਤਲਾ।

# ਸੰਮਤ ਨਾਨਕਸ਼ਾਹੀ 551 ਦੀ ਆਮਦ 'ਤੇ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਵਿਖੇ ਗੁਰਮਤਿ ਸਮਾਗਮ



ਅੰਮ੍ਰਿਤਸਰ- ਸੰਮਤ ਨਾਨਕਸ਼ਾਹੀ 551 ਦੀ ਆਮਦ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਵਿਸ਼ੇਸ਼ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਤੇ ਐਡੀਸ਼ਨਲ ਹੈੱਡ ਗ੍ਰੰਥੀ ਗਿਆਨੀ ਜਗਤਾਰ ਸਿੰਘ ਨੇ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਸਾਂਝੀਆਂ ਕੀਤੀਆਂ। ਇਸ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਸੁਖਜੀਤ ਸਿੰਘ, ਭਾਈ ਸਤਨਾਮ ਸਿੰਘ, ਭਾਈ ਰਵਿੰਦਰ ਸਿੰਘ, ਭਾਈ ਕੁਲਦੀਪ ਸਿੰਘ ਤੇ ਭਾਈ ਕਰਨੈਲ ਸਿੰਘ ਦੇ ਜਥਿਆਂ ਨੇ ਸੰਗਤ ਨੂੰ ਗੁਰਬਾਣੀ ਕੀਰਤਨ ਨਾਲ ਜੋੜਿਆ।

ਗਿਆਨੀ ਹਰਪ੍ਰੀਤ ਸਿੰਘ ਨੇ ਆਪਣੇ ਸੰਬੋਧਨ ਦੌਰਾਨ ਜਿੱਥੇ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਨੂੰ ਨਵੇਂ ਨਾਨਕਸ਼ਾਹੀ ਵਰ੍ਹੇ ਦੀ ਵਧਾਈ ਦਿੱਤੀ, ਉੱਥੇ ਹੀ ਉਨ੍ਹਾਂ ਸੰਗਤਾਂ ਨੂੰ ਗੁਰਪੁਰਬ ਅਤੇ ਹੋਰ ਇਤਿਹਾਸਿਕ ਦਿਹਾੜੇ ਨਾਨਕਸ਼ਾਹੀ ਕੈਲੰਡਰ ਅਨੁਸਾਰ ਮਨਾਉਣ ਦੀ ਅਪੀਲ ਕੀਤੀ। ਇਸ ਮੌਕੇ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਗੁਰਮਤਿ ਵਿਚਾਰਾਂ ਸਾਂਝੀਆਂ ਕਰਦਿਆਂ ਸੰਗਤਾਂ ਨੂੰ ਬਾਣੀ ਤੇ ਬਾਣੇ ਨਾਲ ਜੁੜਨ ਦੀ ਪ੍ਰੇਰਨਾ ਕੀਤੀ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਹੋ ਕੇ ਸਾਨੂੰ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਦੇ ਧਾਰਨੀ ਬਣਨਾ ਚਾਹੀਦਾ ਹੈ। ਸਮਾਗਮ ਦੌਰਾਨ ਸਟੇਜ ਦੀ ਸੇਵਾ ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ ਤੇ ਪ੍ਰਚਾਰਕ ਭਾਈ ਤਰਸੇਮ ਸਿੰਘ ਨੇ ਨਿਭਾਈ।

ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਤੇ ਸਾਬਕਾ ਮੰਤਰੀ ਜਥੇਦਾਰ ਤੋਤਾ ਸਿੰਘ, ਸਾਬਕਾ ਜਥੇਦਾਰ ਗਿਆਨੀ ਗੁਰਬਚਨ ਸਿੰਘ, ਗਿਆਨੀ ਜੋਗਿੰਦਰ ਸਿੰਘ ਵੇਦਾਂਤੀ, ਸਿੰਘ ਸਾਹਿਬ ਗਿਆਨੀ ਮੋਹਨ ਸਿੰਘ, ਸ਼੍ਰੋਮਣੀ ਕਮੇਟੀ ਮੈਂਬਰ ਸ. ਜਗਸੀਰ ਸਿੰਘ ਮਾਂਗੇਆਣਾ, ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ, ਸ. ਮਹਿੰਦਰ ਸਿੰਘ ਆਹਲੀ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ ਤੇ ਸ. ਪਰਮਜੀਤ ਸਿੰਘ ਸਰੋਆ, ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ, ਸ. ਗੁਰਿੰਦਰ ਸਿੰਘ ਮਥਰੇਵਾਲ ਤੇ ਸ. ਮੁਖਤਾਰ ਸਿੰਘ, ਮੀਤ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਕਰਮਬੀਰ ਸਿੰਘ ਕਿਆਮਪੁਰ, ਸ. ਤੇਜਿੰਦਰ ਸਿੰਘ ਪੱਡਾ, ਸ. ਸੁਲੱਖਣ ਸਿੰਘ ਭੰਗਾਲੀ, ਸ. ਹਰਜੀਤ ਸਿੰਘ ਲਾਲੂਘੁੰਮਣ, ਵਧੀਕ ਮੈਨੇਜਰ ਸ. ਰਾਜਿੰਦਰ ਸਿੰਘ ਰੂਬੀ ਅਟਾਰੀ, ਸ. ਬਘੇਲ ਸਿੰਘ, ਸ. ਸੁਖਰਾਜ ਸਿੰਘ, ਸ. ਜਗਤਾਰ ਸਿੰਘ ਸ਼ਹੂਰਾ, ਸ. ਨਰਿੰਦਰ ਸਿੰਘ, ਮੀਤ ਮੈਨੇਜਰ ਸ. ਗੁਰਪ੍ਰੀਤ ਸਿੰਘ ਤੇ ਸ. ਜਸਪਾਲ ਸਿੰਘ ਢੱਡੇ ਤੇ ਵੱਡੀ ਗਿਣਤੀ ਵਿੱਚ ਸੰਗਤਾਂ ਮੌਜੂਦ ਸਨ।



ਸ਼੍ਰੋਮਣੀ ਕਮੇਟੀ ਮੈਂਬਰ ਜਥੇ. ਗੁਰਿੰਦਰਪਾਲ ਸਿੰਘ ਗੋਰਾ ਦੇ ਉਦਮ ਸਦਕਾ 10 ਮਾਰਚ ਨੂੰ ਗੁਰਦੁਆਰਾ ਸਿੰਘ ਸਭਾ ਕਾਦੀਆਂ ਵਿਖੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਤੋਂ ਪਹੁੰਚੇ ਪੰਜ ਪਿਆਰੇ ਸਾਹਿਬਾਨ ਵੱਲੋਂ ਅੰਮ੍ਰਿਤ ਸੰਚਾਰ ਕਰਵਾਇਆ ਗਿਆ। ਜਿਸ ਵਿਚ 31 ਪ੍ਰਾਣੀਆਂ ਨੇ ਖੰਡੇ ਬਾਟੇ ਦੀ ਪਾਹੁਲ ਪ੍ਰਾਪਤ ਕੀਤੀ ਜਿਨ੍ਹਾਂ ਨੂੰ ਕਕਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਟਾ ਰਹਿਤ ਦਿੱਤੇ ਗਏ।

# ਖ਼ਾਲਸਾ ਕਾਲਜ ਪਟਿਆਲਾ ਵਿਖੇ ਦੋ ਦਿਨਾ ਗਲੋਬਲ ਪੰਜਾਬੀ ਕਾਨਫਰੰਸ ਕਰਵਾਈ



ਪਟਿਆਲਾ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਖ਼ਾਲਸਾ ਕਾਲਜ ਪਟਿਆਲਾ ਵੱਲੋਂ ਦੂਜੀ ਦੋ ਦਿਨਾ ਖ਼ਾਲਸਾ ਕਾਲਜ ਗਲੋਬਲ ਪੰਜਾਬੀ ਕਾਨਫਰੰਸ ਕਰਵਾਈ ਗਈ। ਜਿਸ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਦਘਾਟਨੀ ਸੈਸ਼ਨ ਦੀ ਪ੍ਰਧਾਨਗੀ ਸ. ਬਲਵਿੰਦਰ ਸਿੰਘ ਭੂੰਦੜ ਮੈਂਬਰ ਪਾਰਲੀਮੈਂਟ ਨੇ ਕੀਤੀ ਅਤੇ ਕੁੰਜੀਵਤ ਭਾਸ਼ਣ ਡਾ. ਸੁਰਜੀਤ ਪਾਤਰ ਨੇ ਦਿੱਤਾ। ਕਾਲਜ ਦੇ ਪ੍ਰਿੰਸੀਪਲ ਡਾ. ਧਰਮਿੰਦਰ ਸਿੰਘ ਉਭਾ ਨੇ ਸਾਰਿਆਂ ਨੂੰ ਜੀ ਆਇਆਂ ਆਖਿਆ ਅਤੇ ਕਾਨਫਰੰਸ ਦੇ ਉਦੇਸ਼ 'ਤੇ ਚਾਨਣਾ ਪਾਇਆ। ਇਸ ਮੌਕੇ ਕਾਲਜ ਦਾ ਸੋਵੀਨਰ ਵੀ ਜਾਰੀ ਕੀਤਾ ਗਿਆ ਅਤੇ ਕਾਲਜ ਦੇ ਪੰਜਾਬੀ ਵਿਭਾਗ ਵੱਲੋਂ ਸੰਪਾਦਿਤ ਕੀਤੀ ਗਈ ਪੁਸਤਕ 'ਪੰਜਾਬੀ ਭਾਸ਼ਾ, ਸਥਿਤੀ ਤੇ ਸੰਭਾਵਨਾਵਾਂ' ਵੀ ਲੋਕ ਅਰਪਣ ਕੀਤੀ ਗਈ। ਸ. ਸੁਰਜੀਤ ਸਿੰਘ ਰੱਖੜਾ ਆਨਰੇਰੀ ਸਕੱਤਰ ਕਾਲਜ ਗਵਰਨਿੰਗ ਨੇ ਸਾਰਿਆਂ ਦਾ ਧੰਨਵਾਦ ਕੀਤਾ। ਕਾਨਫਰੰਸ ਦੇ ਉਦਘਾਟਨੀ ਸਮਾਰੋਹ ਦੌਰਾਨ ਡਾ. ਰਤਨ ਸਿੰਘ ਜੱਗੀ ਨੂੰ ਸਾਹਿਤਕ ਖੇਤਰ ਵਿਚ ਪਾਏ ਯੋਗਦਾਨ ਸਦਕਾ ਖ਼ਾਲਸਾ ਕਾਲਜ ਗਲੋਬਲ ਪੰਜਾਬ ਰਤਨ ਐਵਾਰਡ 2019 ਨਾਲ ਸਨਮਾਨਿਤ ਕੀਤਾ ਗਿਆ। ਪ੍ਰਿੰਸੀਪਲ ਸਰਵਣ ਸਿੰਘ ਨੂੰ ਉਨ੍ਹਾਂ ਦੇ ਸਾਹਿਤ ਅਤੇ ਖੇਡਾਂ ਵਿਚ, ਡਾ. ਗੁਰਨਾਮ ਸਿੰਘ ਨੂੰ ਗੁਰਮਤਿ ਸੰਗੀਤ ਦੇ ਖੇਤਰ ਵਿਚ, ਪ੍ਰੋ. ਗੁਰਭਜਨ ਸਿੰਘ ਗਿੱਲ ਨੂੰ ਪੰਜਾਬੀ ਸਾਹਿਤ ਦੇ ਖੇਤਰ ਵਿਚ, ਡਾ. ਸਤੀਸ਼ ਕੁਮਾਰ ਵਰਮਾ ਨੂੰ ਪੰਜਾਬੀ ਰੰਗ ਮੰਚ ਅਤੇ ਨਾਟਕ ਦੇ ਖੇਤਰ ਵਿਚ ਅਤੇ ਡਾ. ਵਨੀਤਾ ਨੂੰ ਅਲੋਚਨਾ, ਅਨੁਵਾਦ ਤੇ ਪੰਜਾਬੀ ਸਾਹਿਤ ਦੇ ਖੇਤਰ ਵਿਚ ਪਾਏ ਗਏ ਯੋਗਦਾਨ ਲਈ ਖ਼ਾਲਸਾ ਕਾਲਜ ਗਲੋਬਲ ਪੰਜਾਬੀ ਗੌਰਵ ਐਵਾਰਡ 2019 ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਦਰਸ਼ਨ ਸਿੰਘ ਧਾਲੀਵਾਲ ਨੂੰ ਪੰਜਾਬੀਅਤ ਦੀ ਪ੍ਰਫੁੱਲਤਾ ਲਈ ਪਾਏ ਯੋਗਦਾਨ ਲਈ, ਐਸ.ਪੀ.ਐਸ. ਓਬਰਾਏ ਨੂੰ ਵਿਸ਼ਵ ਪੱਧਰ 'ਤੇ ਮਾਨਵਤਾ ਦੀ ਸੇਵਾ ਕਰਨ ਲਈ, ਸ੍ਰੀ ਰਬਿੰਦਰ ਨਾਰਾਇਣ ਨੂੰ ਮੀਡੀਆ ਦੇ ਸਾਧਨ ਰਾਹੀਂ ਪੰਜਾਬੀ ਭਾਸ਼ਾ ਅਤੇ ਸੱਭਿਆਚਾਰ ਨੂੰ ਵਿਸ਼ਵ ਭਰ ਵਿਚ ਪ੍ਰਚਾਰਨ ਅਤੇ ਪ੍ਰਸਾਰਨ ਵਿਚ ਪਾਏ ਯੋਗਦਾਨ ਲਈ ਸੁੱਖੀ ਬਾਠ ਨੂੰ ਕੈਨੇਡਾ ਵਿਚ ਪੰਜਾਬੀ ਭਾਸ਼ਾ ਅਤੇ ਸੱਭਿਆਚਾਰ ਦੀ ਪ੍ਰਫੁੱਲਤਾ ਲਈ ਪਾਏ ਯੋਗਦਾਨ ਲਈ ਮਾਣ ਪੰਜਾਬ ਦਾ ਐਵਾਰਡ 2019 ਨਾਲ ਸਨਮਾਨਿਤ ਕੀਤਾ ਗਿਆ।

ਸੰਮੇਲਨ ਦੇ ਦੂਜੇ ਦਿਨ ਗੁਰੂ ਨਾਨਕ ਕਾਲਜ ਸ੍ਰੀ ਮੁਕਤਸਰ ਸਾਹਿਬ ਦੇ ਪ੍ਰਿੰਸੀਪਲ ਡਾ. ਤੇਜਿੰਦਰ ਕੌਰ ਨੂੰ ਪ੍ਰਸ਼ਾਸਨਿਕ ਅਤੇ ਅਕਾਦਮਿਕ ਪੱਧਰ ' 'ਤੇ ਪਾਏ ਯੋਗਦਾਨ ਲਈ 'ਖ਼ਾਲਸਾ ਕਾਲਜ ਨਾਰੀ ਗੌਰਵ ਐਵਾਰਡ 2019' ਨਾਲ, ਸ. ਅਜੈਬ ਸਿੰਘ ਚੱਠਾ ਨੂੰ ਪੰਜਾਬੀ ਭਾਸ਼ਾ ਅਤੇ ਸੱਭਿਆਚਾਰ ਦੇ ਵਿਸ਼ਵ ਪੱਧਰ 'ਤੇ ਪਸਾਰ ਲਈ 'ਮਾਣ ਪੰਜਾਬ ਦਾ ਐਵਾਰਡ 2019 ਨਾਲ ਅਤੇ ਸ੍ਰੀ ਅਨੁਜ ਅਰੋੜਾ ਪੰਜਾਬੀ ਤੇ ਕਾਰਪੋਰੇਟ ਜਗਤ ਦੀ ਪ੍ਰਸਿੱਧ ਹਸਤੀ ਨੂੰ ਪੰਜਾਬੀਅਤ ਦੇ ਫੈਲਾਓ ਲਈ ਸਨਮਾਨਿਤ ਕੀਤਾ ਗਿਆ।

ਇਸ ਦੌਰਾਨ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਬਾਣੀ ਦੀ ਅੱਜ ਦੇ ਯੁੱਗ ਵਿਚ ਪ੍ਰਸੰਗਿਕਤਾ 'ਤੇ ਵਿਚਾਰ ਵਟਾਂਦਰਾ ਕੀਤਾ ਗਿਆ ਅਤੇ ਨਾਰੀਵਾਦੀ ਚਿੰਤਨ, ਪੰਜਾਬੀ ਭਾਸ਼ਾ ਦਾ ਕੰਪਿਊਟਰੀਕਰਨ ਆਦਿ ਵਿਸ਼ਿਆਂ 'ਤੇ ਵੀ ਵਿਚਾਰ ਵਟਾਂਦਰਾ ਹੋਇਆ।



3 ਮਾਰਚ ਨੂੰ ਪਿੰਡ ਰਾਣੀਪੁਰ ਪਠਾਨਕੋਟ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 30 ਪ੍ਰਾਣੀਆਂ ਨੇ ਖੰਡੇ ਬਾਟੇ ਦੀ ਪਾਹੁਲ ਪ੍ਰਾਪਤ ਕੀਤੀ।

# ਇਤਿਹਾਸਕ ਗੁਰਦੁਆਰਾ ਕਿਲ੍ਹਾ ਲੋਹਗੜ੍ਹ ਸਾਹਿਬ ਦੇ ਨਵੀਨੀਕਰਨ ਲਈ ਕਾਰ ਸੇਵਾ ਦੀ ਸ਼ੁੱਭ ਆਰੰਭਤਾ



ਸ੍ਰੀ ਅਨੰਦਪੁਰ ਸਾਹਿਬ- ਸਰਬੰਸਦਾਨੀ ਸਾਹਿਬ-ਏ-ਕਮਾਲ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਸ੍ਰੀ ਅਨੰਦਪੁਰ ਸਾਹਿਬ ਵਿਖੇ ਬਣਾਏ ਗਏ ਪੰਜ ਇਤਿਹਾਸਕ ਕਿਲ੍ਹਿਆਂ ਵਿਚੋਂ ਗੁਰਦੁਆਰਾ ਕਿਲ੍ਹਾ ਲੋਹਗੜ੍ਹ ਸਾਹਿਬ ਦੇ ਨਵੀਨੀਕਰਨ ਦੀ ਕਾਰ ਸੇਵਾ ਦੀ ਆਰੰਭਤਾ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਜਥੇਦਾਰ ਗਿਆਨੀ ਰਘਬੀਰ ਸਿੰਘ, ਬਾਬਾ ਸੁਬੇਗ ਸਿੰਘ ਅਤੇ ਪੰਜ ਪਿਆਰਿਆਂ ਵੱਲੋਂ ਟੱਪ ਲਗਾ ਕੇ ਕਾਰ ਸੇਵਾ ਦਾ ਸ਼ੁੱਭ ਆਰੰਭ ਕੀਤਾ ਗਿਆ।

ਦੱਸਣਯੋਗ ਹੈ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਸ ਇਤਿਹਾਸਕ ਅਸਥਾਨ ਦੇ ਨਵੀਨੀਕਰਨ ਦੀ ਕਾਰ ਸੇਵਾ ਗੋਇੰਦਵਾਲ ਸਾਹਿਬ ਵਾਲੇ ਬਾਬਾ ਸੁਬੇਗ ਸਿੰਘ ਨੂੰ ਸੌਂਪੀ ਗਈ ਹੈ। ਇਸ ਤੋਂ ਪਹਿਲਾਂ ਕਾਰ ਸੇਵਾ ਦੀ ਆਰੰਭਤਾ ਮੌਕੇ ਗੁਰਦੁਆਰਾ ਸਾਹਿਬ ਵਿਖੇ ਧਾਰਮਿਕ ਦੀਵਾਨ ਸਜਾਏ ਗਏ ਉਪਰੰਤ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਹੈਡ ਗ੍ਰੰਥੀ ਭਾਈ ਫੂਲਾ ਸਿੰਘ ਵੱਲੋਂ ਕਾਰ ਸੇਵਾ ਦੀ ਆਰੰਭਤਾ ਦੀ ਅਰਦਾਸ ਕੀਤੀ ਗਈ ਅਤੇ ਖ਼ਾਲਸਾਈ ਪ੍ਰੰਪਰਾਵਾਂ ਅਨੁਸਾਰ ਕਾਰ ਸੇਵਾ ਦੀ ਸ਼ੁਰੂਆਤ ਕੀਤੀ ਗਈ।

ਇਸ ਮੌਕੇ ਬਾਬਾ ਸੁਬੇਗ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਉਹ ਇਹ ਕਾਰ ਸੇਵਾ ਸੰਗਤਾਂ ਦੇ ਸਹਿਯੋਗ ਨਾਲ ਕਰਨਗੇ। ਉਨ੍ਹਾਂ ਕਿਹਾ ਕਿ ਗੁਰਦੁਆਰਾ ਸਾਹਿਬ ਦੀ ਪੁਰਾਣੀ ਇਮਾਰਤ ਦੇ ਨਵੀਨੀਕਰਨ ਦੇ ਨਾਲ-ਨਾਲ ਵਿਸਥਾਰ ਕਰਨ ਦਾ ਕੰਮ ਵੀ ਕੀਤਾ ਜਾਵੇਗਾ। ਗੁਰਦੁਆਰਾ ਸਾਹਿਬ ਦੀ ਚਾਰਦੀਵਾਰੀ ਨੂੰ ਪੁਰਾਤਨ ਦਿੱਖ ਅਨੁਸਾਰ ਕਿਲ੍ਹੇ ਦਾ ਰੂਪ ਦਿੱਤਾ ਜਾਵੇਗਾ ਅਤੇ ਗੁੰਬਦ ਤੇ ਲੰਗਰ ਹਾਲ ਆਦਿ ਬਣਾਏ ਜਾਣਗੇ। ਇਸ ਤੋਂ ਇਲਾਵਾ ਗੁਰਦੁਆਰਾ ਸਾਹਿਬ ਦੀ ਹਦੂਦ ਅੰਦਰ ਸੰਗਤਾਂ ਦੀ ਸਹੂਲਤ ਲਈ 10 ਕਮਰਿਆਂ ਦਾ ਨਿਰਮਾਣ ਵੀ ਕੀਤਾ ਜਾਵੇਗਾ। ਇਸੇ ਸਮੇਂ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਬਾਬਾ ਸੁਬੇਗ ਸਿੰਘ ਨੂੰ ਸਨਮਾਨਿਤ ਵੀ ਕੀਤਾ ਗਿਆ।

ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਪ੍ਰਿੰਸੀਪਲ ਸੁਰਿੰਦਰ ਸਿੰਘ, ਭਾਈ ਅਮਰਜੀਤ ਸਿੰਘ ਚਾਵਲਾ, ਸ. ਦਲਜੀਤ ਸਿੰਘ ਭਿੰਡਰ, ਤਖ਼ਤ ਸਾਹਿਬ ਦੇ ਮੈਨੇਜਰ ਸ. ਜਸਵੀਰ ਸਿੰਘ, ਵਧੀਕ ਮੈਨੇਜਰ ਸ. ਲਖਵਿੰਦਰ ਸਿੰਘ, ਮੀਤ ਮੈਨੇਜਰ ਸ. ਮਲਕੀਤ ਸਿੰਘ, ਨਿੱਜੀ ਸਹਾਇਕ ਸ. ਦਰਸ਼ਨ ਸਿੰਘ, ਸੂਚਨਾ ਅਧਿਕਾਰੀ ਸ. ਹਰਦੇਵ ਸਿੰਘ, ਯੂਥ ਅਕਾਲੀ ਦਲ ਦੇ ਪ੍ਰਧਾਨ ਸ. ਸੰਦੀਪ ਸਿੰਘ ਕਲੋਤਾ, ਸ. ਹਰਜੀਤ ਸਿੰਘ ਅਚਿੰਤ, ਸ. ਤਲਵਿੰਦਰ ਸਿੰਘ ਬੁੱਟਰ ਅਤੇ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

# ਦੂਜੇ ਪੜਾਅ ਤਹਿਤ ਪਿੰਡ ਘਣੀਏ ਕੇ ਬਾਂਗਰ ਵਿਖੇ ਕਰਵਾਇਆ ਗਿਆ ਅੰਮ੍ਰਿਤ ਸੰਚਾਰ ਸਮਾਗਮ



ਕਾਲਾ ਅਫਗਾਨਾ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਆਰੰਭੀ ਗਈ ਲਹਿਰ ਤਹਿਤ ਸ਼੍ਰੋਮਣੀ ਕਮੇਟੀ ਅਤੇ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਸਾਹਿਬਾਨ ਵੱਲੋਂ ਵੱਖ-ਵੱਖ ਹਲਕਿਆਂ ਅੰਦਰ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ ਅਤੇ ਸੰਗਤਾਂ ਲਈ ਅੰਮ੍ਰਿਤ ਸੰਚਾਰ ਸਮਾਗਮ ਵੀ ਆਯੋਜਿਤ ਕੀਤੇ ਜਾ ਰਹੇ ਹਨ। ਇਸੇ ਲੜੀ ਨੂੰ ਅੱਗੇ ਤੋਰਦਿਆਂ ਹਲਕਾ ਕਾਲਾ ਅਫਗਾਨਾ ਤੋਂ ਸ਼੍ਰੋਮਣੀ ਕਮੇਟੀ ਮੈਂਬਰ ਜਥੇ. ਸੱਜਣ ਸਿੰਘ ਬੱਜੂਮਾਨ ਦੇ ਯਤਨਾਂ ਸਦਕਾ ਗੁਰਦੁਆਰਾ ਸਾਹਿਬ ਅਗੰਮਦਾਸ ਵਿਖੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਆਏ ਪੰਜ ਪਿਆਰੇ ਸਾਹਿਬਾਨ ਵੱਲੋਂ ਅੰਮ੍ਰਿਤ ਸੰਚਾਰ ਕਰਵਾਇਆ ਗਿਆ। ਜਿਸ ਵਿਚ 120 ਪ੍ਰਾਣੀਆਂ ਨੇ ਖੰਡੇ ਬਾਟੇ ਦੀ ਪਾਹੁਲ ਛਕ ਕੇ ਖ਼ਾਲਸਾ ਪੰਥ ਵਿਚ ਪ੍ਰਵੇਸ਼ ਕੀਤਾ ਅਤੇ ਦਸਮ ਪਿਤਾ ਸ੍ਰੀ ਗੁਰੂ ਗੋਬਿੰਦ ਸਾਹਿਬ ਜੀ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ। ਜ਼ਿਕਾਰਯੋਗ ਹੈ ਕਿ ਅੰਮ੍ਰਿਤ ਛਕਣ ਵਾਲੇ ਪ੍ਰਾਣੀਆਂ ਨੂੰ ਹਮੇਸ਼ਾ ਦੀ ਤਰ੍ਹਾਂ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਟਾ ਰਹਿਤ ਕਕਾਰ ਦਿੱਤੇ ਗਏ।

ਇਸ ਸ਼ੁੱਭ ਮੌਕੇ 'ਤੇ ਜਥੇ. ਸੱਜਣ ਸਿੰਘ ਬੱਜੂਮਾਨ ਨੇ ਅੰਮ੍ਰਿਤ ਛਕਣ ਵਾਲਿਆਂ ਨੂੰ ਵਧਾਈ ਦਿੱਤੀ ਅਤੇ ਪੰਜ ਪਿਆਰੇ ਸਾਹਿਬਾਨ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ। ਉਨ੍ਹਾਂ ਕਿਹਾ ਕਿ ਅੰਮ੍ਰਿਤ ਛਕ ਕੇ ਸਿੱਖ ਧਰਮ ਵਿਚ ਪ੍ਰਵੇਸ਼ ਕੀਤਾ ਜਾ ਸਕਦਾ ਹੈ ਅਤੇ ਅੰਮ੍ਰਿਤ ਛਕਣ ਵਾਲਾ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਦੀ ਸੰਤਾਨ ਬਣ ਜਾਂਦਾ ਹੈ। ਜਥੇ. ਬੱਜੂਮਾਨ ਨੇ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਲਗਾਤਾਰ ਧਰਮ ਦੇ ਪ੍ਰਚਾਰ ਤੇ ਪ੍ਰਸਾਰ ਲਈ ਕਾਰਜਸ਼ੀਲ ਹੈ ਅਤੇ ਅੱਗੋਂ ਵੀ ਅਜਿਹੇ ਸਮਾਗਮ ਉਲੀਕੇ ਜਾਣਗੇ।

ਇਸ ਮੌਕੇ ਪ੍ਰਚਾਰਕ ਭਾਈ ਰਣਜੀਤ ਸਿੰਘ ਵੜੈਚ ਤੇ ਭਾਈ ਕੁਲਧੀਰ ਸਿੰਘ, ਮੈਨੇਜਰ ਸ. ਮਨਜੀਤ ਸਿੰਘ, ਕਵੀਸ਼ਰ ਭਾਈ ਰਣਜੋਧ ਸਿੰਘ ਖੋਦੇਬਾਂਗਰ, ਅਕਾਊਂਟੈਂਟ ਸ. ਦਵਿੰਦਰ ਸਿੰਘ ਲਾਲੀ, ਸ. ਪ੍ਰਿਤਪਾਲ ਸਿੰਘ ਸੋਢੀ, ਸ. ਅੰਗਰੇਜ਼ ਸਿੰਘ ਨੰਦਿਆਵਾਲੀ, ਸ. ਜਗਜੀਤ ਸਿੰਘ, ਸ. ਹਰਭੇਜ ਸਿੰਘ, ਸ. ਜਸਬੀਰ ਸਿੰਘ, ਸ. ਹਰਮੀਤ ਸਿੰਘ, ਸ. ਸੰਤੋਖ ਸਿੰਘ, ਸ. ਲੱਖਾ ਸਿੰਘ, ਸ. ਸੁਰਜੀਤ ਸਿੰਘ, ਸ. ਕਰਮ ਸਿੰਘ, ਸ. ਜਗੀਰ ਸਿੰਘ ਆਦਿ ਹਾਜ਼ਰ ਸਨ।


28 ਫਰਵਰੀ ਨੂੰ ਹਲਕਾ ਬਲੂਆਣਾ (ਬਠਿੰਡਾ) ਦੇ ਪਿੰਡ ਕਾਲਝਰਾਣੀ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ ਅੰਮ੍ਰਿਤਪਾਨ ਕਰਨ ਵਾਲੇ 23 ਪ੍ਰਾਣੀਆਂ ਨਾਲ ਪੰਜ ਪਿਆਰੇ ਤੇ ਭਾਈ ਅਮਰੀਕ ਸਿੰਘ ਕੋਟ ਸ਼ਮੀਰ ਅੰਤ੍ਰਿੰਗ ਮੈਂਬਰ।


3 ਮਾਰਚ ਨੂੰ ਗੁਰਦੁਆਰਾ ਬਾਬਾ ਬੀਰ ਸਿੰਘ ਬਾਬਾ ਧੀਰ ਸਿੰਘ ਜੀ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਦੌਰਾਨ 215 ਪ੍ਰਾਣੀਆਂ ਨੇ ਅੰਮ੍ਰਿਤਪਾਨ ਕੀਤਾ।


1 ਮਾਰਚ ਨੂੰ ਗੁਰਦੁਆਰਾ ਸਾਹਿਬ ਪਿੰਡ ਦੇਸੂ ਸ਼ਹੀਦਾਂ, ਸਿਰਸਾ (ਹਰਿਆਣਾ) ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 34 ਪ੍ਰਾਣੀ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣੇ।


6 ਮਾਰਚ ਨੂੰ ਗੁਰਦੁਆਰਾ ਸਾਹਿਬ ਸ਼ਹੀਦ ਨਗਰ ਬੁੱਢਾ ਜੌਹੜ (ਰਾਜਸਥਾਨ) ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 65 ਪ੍ਰਾਣੀ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣੇ।


6 ਮਾਰਚ ਨੂੰ ਗੁਰਦੁਆਰਾ ਬਾਬਾ ਬੀਰ ਸਿੰਘ ਬਾਬਾ ਧੀਰ ਸਿੰਘ ਜੀ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਦੌਰਾਨ 59 ਪ੍ਰਾਣੀ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣੇ।


7 ਮਾਰਚ ਨੂੰ ਗੁਰਦੁਆਰਾ ਸਾਹਿਬ ਪਿੰਡ ਹਰੀਪੁਰਾ (ਫਾਜ਼ਿਲਕਾ) ਵਿਖੇ ਅੰਮ੍ਰਿਤ ਸੰਚਾਰ ਕਰਵਾਇਆ ਗਿਆ ਜਿਸ ਵਿਚ 52 ਅੰਮ੍ਰਿਤ ਅਭਿਲਾਖੀਆਂ ਨੇ ਖੰਡੇ ਬਾਟੇ ਦੀ ਪਾਹੁਲ ਪ੍ਰਾਪਤ ਕੀਤੀ।


9 ਮਾਰਚ ਨੂੰ ਗੁਰਦੁਆਰਾ ਸਾਹਿਬ ਪਿੰਡ ਬੁਗਰਾ (ਸੰਗਰੂਰ) ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ ਅੰਮ੍ਰਿਤ ਛਕਣ ਵਾਲੇ 23 ਪ੍ਰਾਣੀਆਂ ਨਾਲ ਪੰਜ ਪਿਆਰੇ ਸਾਹਿਬਾਨ।


ਸਿੱਖ ਮਿਸ਼ਨ ਇੰਦੌਰ (ਮੱਧ ਪ੍ਰਦੇਸ਼) ਵੱਲੋਂ ਜ਼ਿਲ੍ਹਾ ਦੇਵਾਸ ਦੇ ਪਿੰਡ ਨਿਮਾਵਰ ਵਿਖੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਪਹੁੰਚੇ ਪੰਜ ਪਿਆਰੇ ਸਾਹਿਬਾਨ ਵੱਲੋਂ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 150 ਪ੍ਰਾਣੀਆਂ ਨੇ ਅੰਮ੍ਰਿਤਪਾਨ ਕੀਤਾ।


11 ਮਾਰਚ ਨੂੰ ਗੁਰਦੁਆਰਾ ਕਲਗੀਧਰ ਸਾਹਿਬ ਪਿੰਡ ਤਲਵਾੜਾ ਝੀਲ, ਹਨੂੰਮਾਨਗੜ੍ਹ (ਰਾਜਸਥਾਨ) ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 25 ਪ੍ਰਾਣੀਆਂ ਨੇ ਖੰਡੇ ਬਾਟੇ ਦੀ ਪਾਹੁਲ ਪ੍ਰਾਪਤ ਕੀਤੀ।


17 ਮਾਰਚ ਨੂੰ ਗੁਰਦੁਆਰਾ ਸਾਹਿਬ ਪਿੰਡ ਚੀਮਾਂ (ਸੰਗਰੂਰ) ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 54 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।


24 ਮਾਰਚ ਨੂੰ ਗੁਰਦੁਆਰਾ ਸਾਧ ਸੰਗਤ ਸਾਹਿਬ ਫਤਹਿਗੜ੍ਹ ਚੂੜੀਆਂ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 53 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।


ਪਿੰਡ ਗੁੱਜਰਾਂ ਜ਼ਿਲ੍ਹਾ ਸੰਗਰੂਰ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 76 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।



ਹਲਕਾ ਬਾਬਾ ਬਕਾਲਾ ਸਾਹਿਬ ਦੇ ਪਿੰਡ ਫੱਤੂਵਾਲਾ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 18 ਪ੍ਰਾਣੀਆਂ ਨੇ ਖੰਡੇ ਬਾਟੇ ਦੀ ਪਾਹੁਲ ਪ੍ਰਾਪਤ ਕੀਤੀ।



ਪਿੰਡ ਗੁੱਜਰਾਂ ਜ਼ਿਲ੍ਹਾ ਸੰਗਰੂਰ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 76 ਪ੍ਰਾਣੀਆਂ ਵੱਲੋਂ ਅੰਮ੍ਰਿਤਪਾਨ ਕਰ ਕੇ ਖ਼ਾਲਸਾ ਪੰਥ ਵਿਚ ਪ੍ਰਵੇਸ਼ ਕੀਤਾ ਗਿਆ।



ਗੁਰਦੁਆਰਾ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਪਿੰਡ ਮਨਿਹਾਲਾ ਜੈ ਸਿੰਘ (ਤਰਨ ਤਾਰਨ) ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 43 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।



5 ਮਾਰਚ ਨੂੰ ਗੁਰਦੁਆਰਾ ਸਿੰਘ ਸਭਾ ਪਿੰਡ ਚੈਨੇਵਾਲ ਹਲਕਾ ਡੇਰਾ ਬਾਬਾ ਨਾਨਕ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 47 ਪ੍ਰਾਣੀਆਂ ਨੇ ਅੰਮ੍ਰਿਤਪਾਨ ਕੀਤਾ।



6 ਮਾਰਚ ਨੂੰ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਤਰਨ ਤਾਰਨ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 50 ਪ੍ਰਾਣੀ ਖੰਡੇ ਬਾਟੇ ਦੀ ਪਾਹੁਲ ਛਕ ਕੇ ਗੁਰੂ ਵਾਲੇ ਬਣੇ।



27 ਮਾਰਚ ਨੂੰ ਗੁਰਦੁਆਰਾ ਸਾਹਿਬ ਪਾ: ਨੌਵੀਂ ਪਿੰਡ ਡਿੱਖ (ਬਠਿੰਡਾ) ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 39 ਪ੍ਰਾਣੀਆਂ ਨੇ ਅੰਮ੍ਰਿਤਪਾਨ ਕੀਤਾ।



ਗੁਰਦਾਸਪੁਰ ਦੀ ਤਹਿ: ਦੀਨਾਨਗਰ ਦੇ ਪਿੰਡ ਖੁਸ਼ੀਪੁਰ ਵਿਖੇ 5 ਮਾਰਚ ਨੂੰ ਗੁਰਮਤਿ ਕਲਾਸ ਵਿਚ ਭਾਗ ਲੈਣ ਵਾਲੇ ਬੱਚਿਆਂ ਨੂੰ ਸਨਮਾਨਿਤ ਕਰਦੇ ਹੋਏ ਬੀਬੀ ਜਸਬੀਰ ਕੌਰ ਅੰਤ੍ਰਿੰਗ ਮੈਂਬਰ ਤੇ ਜਥੇ. ਰਤਨ ਸਿੰਘ ਜਫਰਵਾਲ।



ਪਿੰਡ ਕੋਹਰੀਆਂ ਵਿਖੇ ਲਗਾਏ ਗਏ 10 ਰੋਜ਼ਾ ਗੁਰਮਤਿ ਸਿਖਲਾਈ ਕੈਂਪ ਸਮੇਂ ਬੱਚਿਆਂ ਨੂੰ ਸਨਮਾਨਿਤ ਕਰਦੇ ਹੋਏ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਜਥੇ. ਰਾਮਪਾਲ ਸਿੰਘ ਬਹਿਣੀਵਾਲ ਤੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਹਰਦੇਵ ਸਿੰਘ ਰੋਗਲਾ।




ਪਿੰਡ ਕੋਹਰੀਆਂ ਵਿਖੇ ਲਗਾਏ ਗਏ ਗੁਰਮਤਿ ਸਿਖਲਾਈ ਕੈਂਪ ਦੌਰਾਨ ਨੌਜਵਾਨਾਂ ਨੂੰ ਸਿੱਖ ਰਹਿਤ ਮਰਯਾਦਾ ਦੀ ਜਾਣਕਾਰੀ ਦਿੰਦੇ ਹੋਏ ਪ੍ਰਚਾਰਕ ਭਾਈ ਗੁਰਸੇਵ ਸਿੰਘ ਘਰਾਚੋਂ ਤੇ ਭਾਈ ਤਰਸੇਮ ਸਿੰਘ ਖੇਤਲਾ।



ਅਕਾਲ ਅਕੈਡਮੀ ਬੜੂ ਸਾਹਿਬ ਪੂਰਨਪੁਰ (ਯੂ.ਪੀ.) ਵਿਖੇ ਬੱਚਿਆਂ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਬਾਰੇ ਜਾਣਕਾਰੀ ਦਿੰਦੇ ਹੋਏ ਹੈਡ ਪ੍ਰਚਾਰਕ ਭਾਈ ਜਗਦੇਵ ਸਿੰਘ।



ਪਿੰਡ ਨਿਕੋਸਰਾਂ ਜ਼ਿਲ੍ਹਾ ਗੁਰਦਾਸਪੁਰ ਵਿਖੇ ਬੱਚਿਆਂ ਲਈ ਲਗਾਏ ਗਏ ਤਿੰਨ ਰੋਜ਼ਾ ਗੁਰਮਤਿ ਕੈਂਪ ਸਮੇਂ ਲਾਹਾ ਲੈਣ ਵਾਲੇ ਬੱਚਿਆਂ ਨਾਲ ਪ੍ਰਚਾਰਕ ਭਾਈ ਗੁਰਵਿੰਦਰ ਸਿੰਘ।




ਮਾਤਾ ਸੁੰਦਰੀ ਪਬਲਿਕ ਸਕੂਲ ਰਾਏਪੁਰ (ਛੱਤੀਸਗੜ੍ਹ) ਵਿਖੇ ਬੱਚਿਆਂ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਸਬੰਧੀ ਜਾਣਕਾਰੀ ਦੇਣ ਪਹੁੰਚੇ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ।

ਸਿੱਖ ਰਹਿਤ ਮਰਯਾਦਾ ਹਰੇਕ ਸਿੱਖ ਦੇ ਜੀਵਨ ਲਈ ਅਤੀ ਜ਼ਰੂਰੀ ਹੈ। ਸਿੱਖ ਰਹਿਤ ਮਰਯਾਦਾ ਅੰਦਰ ਸਾਡੇ ਜੀਵਨ ਦੇ ਹਰ ਕਾਰਜ ਨੂੰ ਕਰਨ ਲਈ ਨਿਯਮ ਬਣਾਏ ਗਏ ਹਨ। ਸਿੱਖ ਨੇ ਜਨਮ ਤੋਂ ਲੈ ਕੇ ਮੌਤ ਤਕ ਦੇ ਸਾਰੇ ਕਾਰ-ਵਿਹਾਰ ਇਸੇ ਅਨੁਸਾਰ ਹੀ ਕਰਨੇ ਹਨ। ਹਰ ਸਿੱਖ ਲਈ ਜ਼ਰੂਰੀ ਹੈ ਕਿ ਉਹ ਸਿੱਖ ਰਹਿਤ ਮਰਯਾਦਾ ਤੋਂ ਜਾਣੂੰ ਹੋਵੇ। ਅਸੀਂ 'ਸੇਵਾ ਸਰਗਮੀਆਂ' ਦੇ ਇਸ ਅੰਕ ਤੋਂ ਸਿੱਖ ਰਹਿਤ ਮਰਯਾਦਾ ਨੂੰ ਲੜੀਵਾਰ ਛਾਪ ਰਹੇ ਹਾਂ ਤਾਂ ਕਿ ਵੱਧ ਤੋਂ ਵੱਧ ਸੰਗਤਾਂ ਇਸ ਤੋਂ ਜਾਣੂੰ ਹੋ ਸਕਣ।

-ਮੁੱਖ ਸੰਪਾਦਕ

*ਲੜੀ ਜੋੜਨ ਲਈ ਪਿਛਲਾ ਅੰਕ ਦੇਖੋ*

ੴ ਸਤਿਗੁਰ ਪ੍ਰਸਾਦਿ॥

# ਸਿੱਖ ਰਹਿਤ ਮਰਯਾਦਾ

੩. (ੳ) ਅਰਦਾਸ[1] ਇਹ ਹੈ:-

ੴ ਵਾਹਿਗੁਰੂ ਜੀ ਕੀ ਫ਼ਤਹ॥
ਸ੍ਰੀ ਭਗੌਤੀ ਜੀ ਸਹਾਇ॥
ਵਾਰ ਸ੍ਰੀ ਭਗੌਤੀ ਜੀ ਕੀ ਪਾਤਸ਼ਾਹੀ ੧੦॥

ਪ੍ਰਿਥਮ ਭਗੌਤੀ ਸਿਮਰਿ ਕੈ ਗੁਰ ਨਾਨਕ ਲਈਂ ਧਿਆਇ॥ ਫਿਰ ਅੰਗਦ ਗੁਰ ਤੇ ਅਮਰਦਾਸੁ ਰਾਮਦਾਸੈ ਹੋਈਂ ਸਹਾਇ॥ ਅਰਜਨ ਹਰਗੋਬਿੰਦ ਨੋ ਸਿਮਰੌ ਸ੍ਰੀ ਹਰਿਰਾਇ॥ ਸ੍ਰੀ ਹਰਿਕ੍ਰਿਸ਼ਨ ਧਿਆਈਐ ਜਿਸ ਡਿਠੈ ਸਭਿ ਦੁਖ ਜਾਇ॥ ਤੇਗ ਬਹਾਦਰ ਸਿਮਰਿਐ ਘਰ ਨਉ ਨਿਧਿ ਆਵੈ ਧਾਇ॥ ਸਭ ਥਾਈਂ ਹੋਇ ਸਹਾਇ॥ ਦਸਵਾਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ! ਸਭ ਥਾਈਂ ਹੋਇ ਸਹਾਇ॥ ਦਸਾਂ ਪਾਤਸ਼ਾਹੀਆਂ ਦੀ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਠ ਦੀਦਾਰ ਦਾ ਧਿਆਨ ਧਰ ਕੇ ਬੋਲੋ ਜੀ ਵਾਹਿਗੁਰੂ!

ਪੰਜਾਂ ਪਿਆਰਿਆਂ, ਚੌਹਾਂ ਸਾਹਿਬਜ਼ਾਦਿਆਂ, ਚਾਲ੍ਹੀਆਂ ਮੁਕਤਿਆਂ, ਹਠੀਆਂ, ਜਪੀਆਂ, ਤਪੀਆਂ, ਜਿਹਨਾਂ ਨਾਮ ਜਪਿਆ, ਵੰਡ ਛਕਿਆ, ਦੇਗ ਚਲਾਈ, ਤੇਗ ਵਾਹੀ, ਦੇਖ ਕੇ ਅਣਡਿੱਠ ਕੀਤਾ, ਤਿਨ੍ਹਾਂ ਪਿਆਰਿਆਂ, ਸਚਿਆਰਿਆਂ ਦੀ ਕਮਾਈ ਦਾ ਧਿਆਨ ਧਰ ਕੇ, ਖ਼ਾਲਸਾ ਜੀ! ਬੋਲੋ ਜੀ ਵਾਹਿਗੁਰੂ!

ਜਿਨ੍ਹਾਂ ਸਿੰਘਾਂ ਸਿੰਘਣੀਆਂ ਨੇ ਧਰਮ ਹੇਤ ਸੀਸ ਦਿੱਤੇ, ਬੰਦ ਬੰਦ ਕਟਾਏ, ਖੋਪਰੀਆਂ ਲੁਹਾਈਆਂ, ਚਰਖੀਆਂ 'ਤੇ ਚੜ੍ਹੇ, ਆਰਿਆਂ ਨਾਲ ਚਿਰਾਏ ਗਏ, ਗੁਰਦਵਾਰਿਆਂ ਦੀ ਸੇਵਾ ਲਈ ਕੁਰਬਾਨੀਆਂ ਕੀਤੀਆਂ, ਧਰਮ ਨਹੀਂ ਹਾਰਿਆ, ਸਿੱਖੀ ਕੇਸਾਂ ਸੁਆਸਾਂ ਨਾਲ ਨਿਬਾਹੀ, ਤਿਨ੍ਹਾਂ ਦੀ ਕਮਾਈ ਦਾ ਧਿਆਨ ਧਰ ਕੇ ਖ਼ਾਲਸਾ ਜੀ! ਬੋਲੋ ਜੀ ਵਾਹਿਗੁਰੂ!

ਪੰਜਾਂ ਤਖ਼ਤਾਂ, ਸਰਬੱਤ ਗੁਰਦੁਆਰਿਆਂ ਦਾ ਧਿਆਨ ਧਰ ਕੇ ਬੋਲੋ ਜੀ ਵਾਹਿਗੁਰੂ! ਪ੍ਰਿਥਮੇ ਸਰਬੱਤ ਖ਼ਾਲਸਾ ਜੀ ਕੀ ਅਰਦਾਸ ਹੈ ਜੀ, ਸਰਬੱਤ ਖ਼ਾਲਸਾ ਜੀ ਕੋ ਵਾਹਿਗੁਰੂ, ਵਾਹਿਗੁਰੂ, ਵਾਹਿਗੁਰੂ ਚਿੱਤ ਆਵੇ, ਚਿੱਤ ਆਵਨ ਕਾ ਸਦਕਾ ਸਰਬ ਸੁਖ ਹੋਵੇ। ਜਹਾਂ ਜਹਾਂ ਖ਼ਾਲਸਾ ਜੀ ਸਾਹਿਬ, ਤਹਾਂ ਤਹਾਂ ਰਛਿਆ ਰਿਆਇਤ, ਦੇਗ ਤੇਗ ਫ਼ਤਹ, ਬਿਰਦ ਕੀ ਪੈਜ, ਪੰਥ ਕੀ ਜੀਤ, ਸ੍ਰੀ ਸਾਹਿਬ ਜੀ ਸਹਾਇ, ਖਾਲਸੇ ਜੀ ਕੇ ਬੋਲ ਬਾਲੇ, ਬੋਲੋ ਜੀ ਵਾਹਿਗੁਰੂ!

ਸਿੱਖਾਂ ਨੂੰ ਸਿੱਖੀ ਦਾਨ, ਕੇਸ ਦਾਨ, ਰਹਿਤ ਦਾਨ, ਬਿਬੇਕ ਦਾਨ, ਵਿਸਾਹ ਦਾਨ, ਭਰੋਸਾ ਦਾਨ, ਦਾਨਾਂ ਸਿਰ ਦਾਨ ਨਾਮ ਦਾਨ, ਸ੍ਰੀ ਅੰਮ੍ਰਿਤਸਰ ਜੀ ਦੇ ਇਸ਼ਨਾਨ, ਚੌਕੀਆਂ, ਝੰਡੇ, ਬੁੰਗੇ ਜੁਗੋ ਜੁਗ ਅਟੱਲ, ਧਰਮ ਕਾ ਜੈਕਾਰ, ਬੋਲੋ ਜੀ ਵਾਹਿਗੁਰੂ!

ਸਿੱਖਾਂ ਦਾ ਮਨ ਨੀਵਾਂ, ਮਤ ਉੱਚੀ, ਮਤ ਦਾ ਰਾਖਾ ਆਪ ਵਾਹਿਗੁਰੂ। ਹੇ ਅਕਾਲ ਪੁਰਖ ਆਪਣੇ ਪੰਥ ਦੇ ਸਦਾ ਸਹਾਈ ਦਾਤਾਰ ਜੀਓ! ਸ੍ਰੀ ਨਨਕਾਣਾ ਸਾਹਿਬ ਤੇ ਹੋਰ ਗੁਰਦੁਆਰਿਆਂ ਗੁਰਧਾਮਾਂ ਦੇ, ਜਿਨ੍ਹਾਂ ਤੋਂ ਪੰਥ ਨੂੰ ਵਿਛੋੜਿਆ ਗਿਆ ਹੈ, ਖੁਲ੍ਹੇ ਦਰਸ਼ਨ ਦੀਦਾਰ ਤੇ ਸੇਵਾ ਸੰਭਾਲ ਦਾ ਦਾਨ ਖ਼ਾਲਸਾ ਜੀ ਨੂੰ ਬਖਸ਼ੋ। ਹੇ ਨਿਮਾਣਿਆਂ ਦੇ ਮਾਣ, ਨਿਤਾਣਿਆਂ ਦੇ ਤਾਣ, ਨਿਓਟਿਆਂ ਦੀ ਓਟ, ਸੱਚੇ ਪਿਤਾ, ਵਾਹਿਗੁਰੂ! ਆਪ ਦੇ ਹਜ਼ੂਰ ...[2] ਦੀ ਅਰਦਾਸ ਹੈ ਜੀ। ਅੱਖਰ ਵਾਧਾ ਘਾਟਾ ਭੁੱਲ ਚੁੱਕ ਮਾਫ ਕਰਨੀ। ਸਰਬੱਤ ਦੇ ਕਾਰਜ ਰਾਸ ਕਰਨੇ। ਸੇਈ ਪਿਆਰੇ ਮੇਲ, ਜਿਨ੍ਹਾਂ ਮਿਲਿਆਂ ਤੇਰਾ ਨਾਮ ਚਿਤ ਆਵੇ।

ਨਾਨਕ ਨਾਮ ਚੜ੍ਹਦੀ ਕਲਾ,
ਤੇਰੇ ਭਾਣੇ ਸਰਬੱਤ ਦਾ ਭਲਾ।

ਇਸ ਤੋਂ ਉਪਰੰਤ ਅਰਦਾਸ ਵਿਚ ਸ਼ਾਮਲ ਹੋਣ ਵਾਲੀ ਸਾਰੀ ਸੰਗਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅੱਗੇ ਅਦਬ ਨਾਲ ਮੱਥਾ ਟੇਕੇ ਅਤੇ ਫਿਰ ਖੜ੍ਹੇ ਹੋ ਕੇ 'ਵਾਹਿਗੁਰੂ ਜੀ ਖ਼ਾਲਸਾ, ਵਾਹਿਗੁਰੂ ਜੀ ਕੀ ਫਤਹਿ' ਬੁਲਾਵੇ। ਉਪ੍ਰੰਤ 'ਸਤਿ ਸ੍ਰੀ ਅਕਾਲ' ਦਾ ਜੈਕਾਰਾ ਗਜਾਇਆ ਜਾਵੇ।

(ਅ) ਅਰਦਾਸ ਹੋਣ ਸਮੇਂ ਸੰਗਤ 'ਚ ਹਾਜ਼ਰ ਸਾਰੇ ਇਸਤਰੀ ਪੁਰਸ਼ਾਂ ਨੂੰ ਹੱਥ ਜੋੜ ਕੇ ਖਲੋਣਾ ਚਾਹੀਦਾ ਹੈ। ਜੋ ਸੱਜਣ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਤਾਬਿਆ ਬੈਠਾ ਹੋਵੇ, ਉਹ ਭੀ ਉੱਠ ਕੇ ਚੌਰ ਕਰੇ।

(ੲ) ਅਰਦਾਸ ਕਰਨ ਵਾਲਾ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਨਮੁੱਖ ਖੜ੍ਹੋ ਕੇ, ਹੱਥ ਜੋੜ ਕੇ ਅਰਦਾਸ ਕਰੇ। ਜੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮੌਜੂਦ ਨਾ ਹੋਣ ਤਾਂ ਕਿਸੇ ਪਾਸੇ ਮੂੰਹ ਕਰ ਕੇ ਅਰਦਾਸ ਕਰੋ, ਪ੍ਰਵਾਨ ਹੈ।

(ਸ) ਜਦੋਂ ਕੋਈ ਖਾਸ ਅਰਦਾਸ ਕਿਸੇ ਇਕ ਜਾਂ ਵਧੀਕ ਆਦਮੀਆਂ ਵਲੋਂ ਹੋਵੇ, ਤਾਂ ਉਹਨਾਂ ਤੋਂ ਬਿਨਾਂ ਸੰਗਤ ਵਿਚ ਬੈਠੇ ਹੋਰਨਾਂ ਦਾ ਉੱਠਣਾ ਜ਼ਰੂਰੀ ਨਹੀਂ।

੧. ਇਸ ਅਰਦਾਸ ਦਾ ਨਮੂਨਾ ਹੈ। 'ਪ੍ਰਿਥਮ ਭਗੌਤੀ' ਵਾਲੇ ਸ਼ਬਦ ਅਤੇ 'ਨਾਨਮ ਨਾਮ' ਵਾਲੀਆਂ ਅੰਤਲੀਆਂ ਦੋ ਤੁਕਾਂ ਵਿਚ ਕੋਈ ਤਬਦੀਲੀ ਨਹੀਂ ਹੋ ਸਕਦੀ।

੨. ਇਥੇ ਉਸ ਬਾਣੀ ਦਾ ਨਾਮ ਲਵੋ, ਜੋ ਪੜ੍ਹੀ ਹੈ, ਜਾਂ ਜਿਸ ਕਾਰਜ ਲਈ ਇਕੱਤ੍ਰਤਾ ਜਾਂ ਸੰਗਤ ਜੁੜੀ ਹੋਵੇ, ਉਸ ਦਾ ਜ਼ਿਕਰ ਯੋਗ ਸ਼ਬਦਾਂ ਵਿਚ ਕਰੋ।

*ਚੱਲਦਾ...*

# ਸ਼੍ਰੋਮਣੀ ਕਮੇਟੀ ਵੱਲੋਂ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਦੁਆਰਾ ਸ੍ਰੀ ਬਾਉਲੀ ਸਾਹਿਬ ਵਿਖੇ ਵਿਸ਼ਾਲ ਗੁਰਮਤਿ ਸਮਾਗਮ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦਾ 550 ਸਾਲਾ ਪ੍ਰਕਾਸ਼ ਪੁਰਬ ਕੌਮ ਦੀਆਂ ਸਮੂਹ ਜਥੇਬੰਦੀਆਂ, ਸਭਾ-ਸੁਸਾਇਟੀਆਂ ਤੇ ਸੰਗਤਾਂ ਦੇ ਸਹਿਯੋਗ ਨਾਲ ਕੌਮਾਂਤਰੀ ਪੱਧਰ 'ਤੇ ਮਨਾਇਆ ਜਾਵੇਗਾ। ਇਹ ਇਕ ਇਤਿਹਾਸਕ ਮੌਕਾ ਹੈ ਜਿਸ ਨੂੰ ਸਿੱਖੀ ਦੇ ਪ੍ਰਚਾਰ ਤੇ ਪ੍ਰਸਾਰ ਲਈ ਵਰਤਣ ਵਿਚ ਕਿਸੇ ਕਿਸਮ ਦੀ ਕਸਰ ਨਹੀਂ ਛੱਡੀ ਜਾਵੇਗੀ। ਇਹ ਪ੍ਰਗਟਾਵਾ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਦੁਆਰਾ ਸ੍ਰੀ ਬਾਉਲੀ ਸਾਹਿਬ, ਸ੍ਰੀ ਗੋਇੰਦਵਾਲ ਸਾਹਿਬ ਵਿਖੇ ਵਿਸ਼ਾਲ ਗੁਰਮਤਿ ਸਮਾਗਮ ਦੌਰਾਨ ਸੰਬੋਧਨ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਪਹਿਲੇ ਪਾਤਸ਼ਾਹ ਸਮੁੱਚੇ ਵਿਸ਼ਵ ਦੇ ਸਰਬਸਾਂਝੇ ਗੁਰੂ ਹਨ ਅਤੇ ਉਨ੍ਹਾਂ ਦੇ ਫਲਸਫੇ ਨੂੰ ਪ੍ਰਚਾਰਨ ਲਈ ਵੱਖ-ਵੱਖ ਸਮਾਗਮ ਉਲੀਕੇ ਗਏ ਹਨ। ਇਸ ਤਹਿਤ ਸ਼੍ਰੋਮਣੀ ਕਮੇਟੀ ਵੱਲੋਂ ਗੁਰੂ ਸਾਹਿਬ ਦੇ ਚਰਨ ਛੋਹ ਪ੍ਰਾਪਤ ਅਸਥਾਨਾਂ ਵਿਖੇ ਗੁਰਮਤਿ ਸਮਾਗਮਾਂ ਦੀ ਇਕ ਲੜੀ ਆਰੰਭੀ ਗਈ ਹੈ। ਉਨ੍ਹਾਂ ਸੰਗਤ ਨੂੰ ਅਪੀਲ ਕੀਤੀ ਕਿ ਉਹ ਗੁਰੂ ਸਾਹਿਬ ਦੇ ਦਿਹਾੜੇ ਨੂੰ ਸਮਰਪਿਤ ਹੋ ਆਪਣੇ ਬੱਚਿਆਂ ਨੂੰ ਗੁਰਮਤਿ ਦੇ ਧਾਰਨੀ ਬਣਾਉਣ।

ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸਾਬਕਾ ਪ੍ਰਧਾਨ ਬੀਬੀ ਜਗੀਰ ਕੌਰ ਨੇ ਆਪਣੇ ਸੰਬੋਧਨ ਵਿਚ ਜਿਥੇ ਜਗਤ ਗੁਰੂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਇਤਿਹਾਸ ਤੋਂ ਸੇਧ ਲੈਣ ਦੀ ਸੰਗਤ ਨੂੰ ਪ੍ਰੇਰਣਾ ਕੀਤੀ, ਉਥੇ ਹੀ ਸ਼੍ਰੋਮਣੀ ਕਮੇਟੀ ਵੱਲੋਂ ਕਰਵਾਏ ਜਾ ਰਹੇ ਗੁਰਮਤਿ ਸਮਾਗਮਾਂ ਦੀ ਸ਼ਲਾਘਾ ਕੀਤੀ। ਇਸ ਦੌਰਾਨ ਸਾਬਕਾ ਪ੍ਰਧਾਨ ਜਥੇਦਾਰ ਅਲਵਿੰਦਰਪਾਲ ਸਿੰਘ ਪੱਖੋਕੇ ਅਤੇ ਬਾਬਾ ਸੇਵਾ ਸਿੰਘ ਖਡੂਰ ਸਾਹਿਬ ਵਾਲਿਆਂ ਨੇ ਵੀ ਸੰਗਤ ਨਾਲ ਵਿਚਾਰ ਸਾਂਝੇ ਕੀਤੇ। ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਸ. ਗੁਰਬਚਨ ਸਿੰਘ ਕਰਮੂੰਵਾਲਾ ਨੇ ਆਈਆਂ ਹੋਈਆਂ ਪ੍ਰਮੁੱਖ ਸ਼ਖ਼ਸੀਅਤਾਂ ਅਤੇ ਸੰਗਤਾਂ ਦਾ ਧੰਨਵਾਦ ਕੀਤਾ।

ਇਸ ਤੋਂ ਪਹਿਲਾਂ ਭਾਈ ਹਰਨਾਮ ਸਿੰਘ ਸ੍ਰੀਨਗਰ ਵਾਲੇ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਸੰਦੀਪ ਸਿੰਘ, ਭਾਈ ਗੁਰਦੇਵ ਸਿੰਘ ਕੁਹਾੜਕਾ ਦੇ ਜਥਿਆਂ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਗਿਆਨੀ ਜਸਵੰਤ ਸਿੰਘ ਪਰਵਾਨਾ ਨੇ ਕਥਾ ਵਿਚਾਰਾਂ ਕੀਤੀਆਂ। ਇਸ ਤੋਂ ਇਲਾਵਾ ਢਾਡੀ ਭਾਈ ਸਵਿੰਦਰ ਸਿੰਘ ਭੰਗੂ ਤੇ ਕਵੀਸ਼ਰ ਭਾਈ ਗੁਰਿੰਦਰਪਾਲ ਸਿੰਘ ਬੈਕਾਂ ਨੇ ਸੰਗਤ ਨੂੰ ਗੁਰ-ਇਤਿਹਾਸ ਸਰਵਣ ਕਰਵਾਇਆ। ਇਸ ਸਮੇਂ ਜਥੇ. ਗੁਰਬਚਨ ਸਿੰਘ ਕਰਮੂੰਵਾਲਾ ਅਤੇ ਗੁਰਦੁਆਰਾ ਸਾਹਿਬ ਦੇ ਮੈਨੇਜਰ ਸ. ਗੁਰਪ੍ਰੀਤ ਸਿੰਘ ਰੋਡੇ ਨੇ ਭਾਈ ਲੌਂਗੋਵਾਲ, ਬੀਬੀ ਜਗੀਰ ਕੌਰ, ਜਥੇਦਾਰ ਪੱਖੋਕੇ, ਬਾਬਾ ਸੇਵਾ ਸਿੰਘ, ਭਾਈ ਅਮਰਜੀਤ ਸਿੰਘ ਚਾਵਲਾ ਅਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ।

ਇਸ ਮੌਕੇ ਬਾਬਾ ਅਵਤਾਰ ਸਿੰਘ ਸੁਰਸਿੰਘ ਵਾਲੇ, ਬਾਬਾ ਸ਼ਿੰਦਰ ਸਿੰਘ ਸਭਰਾਵਾਂ ਵਾਲੇ, ਬਾਬਾ ਘੋਲਾ ਸਿੰਘ ਸਰਹਾਲੀ ਵਾਲੇ, ਬਾਬਾ ਗਿਆਨ ਸਿੰਘ ਮਿਨਹਾਲਾ, ਬਾਬਾ ਹਰਸ਼ਰਨ ਸਿੰਘ ਮਲੋਟ, ਬਾਬਾ ਗੁਰਭੇਜ ਸਿੰਘ ਲੂਆਂਵਾਲੇ, ਬਾਬਾ ਸੁੱਖਾ ਸਿੰਘ ਸਰਹਾਲੀ, ਬਾਬਾ ਗੁਰਨਾਮ ਸਿੰਘ, ਵਧੀਕ ਸਕੱਤਰ ਸ. ਪਰਮਜੀਤ ਸਿੰਘ ਸਰੋਆ, ਮੀਤ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਬਾਬਾ ਨੰਦ ਸਿੰਘ ਮੁੰਡਾਪਿੰਡ, ਸ. ਪ੍ਰੇਮ ਸਿੰਘ, ਸ. ਜਸਬੀਰ ਸਿੰਘ ਜੱਸ, ਸ. ਇੰਦਰਜੀਤ ਸਿੰਘ ਸਰਪੰਚ ਕਰਮੂੰਵਾਲਾ, ਸ. ਕੁਲਦੀਪ ਸਿੰਘ ਔਲਖ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਮੌਜੂਦ ਸਨ।

# ਗੁਰਦੁਆਰਾ ਯਾਦਗਾਰ ਰੋੜੀ ਸਾਹਿਬ ਨੀਸਿੰਗ ਵਿਖੇ ਕਰਵਾਇਆ ਗੁਰਮਤਿ ਸਮਾਗਮ



ਕਰਨਾਲ- ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਦੁਆਰਾ ਯਾਦਗਾਰ ਰੋੜੀ ਸਾਹਿਬ ਨੀਸਿੰਗ ਵਿਖੇ ਗੁਰਮਤਿ ਸਮਾਗਮ ਕਰਵਾਇਆ ਗਿਆ। ਜਿਸ ਵਿਚ ਪੰਥ ਪ੍ਰਸਿੱਧ ਰਾਗੀ ਜੱਥਿਆਂ ਅਤੇ ਕਥਾਵਾਚਕਾਂ ਵੱਲੋਂ ਗੁਰਬਾਣੀ ਕੀਰਤਨ ਅਤੇ ਗੁਰ ਇਤਿਹਾਸ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਸਮਾਗਮ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੀ ਸ਼ਾਮਲ ਹੋਏ। ਇਸ ਸਮੇਂ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸੰਬੋਧਨ ਕਰਦਿਆਂ ਕਿਹਾ ਕਿ ਸਰਬੱਤ ਦਾ ਭਲਾ ਮੰਗਣ ਵਾਲਾ ਖ਼ਾਲਸਾ ਪੰਥ ਸ਼ੁਰੂ ਤੋਂ ਹੀ ਸੱਚ ਤੇ ਹੱਕ ਦੀ ਲੜਾਈ ਲੜਦਾ ਰਿਹਾ ਹੈ ਜਿਸ ਕਰਕੇ ਇਸ ਦੀ ਪਛਾਣ ਦੂਜਿਆਂ ਨਾਲੋਂ ਵੱਖਰੀ ਹੈ। ਉਨ੍ਹਾਂ ਕਿਹਾ ਕਿ ਸਮੁੱਚੀ ਮਨੁੱਖਤਾ ਨੂੰ ਸਰਬੱਤ ਦੇ ਭਲੇ ਲਈ ਕਾਰਜਸ਼ੀਲ ਹੋਣ ਦੀ ਲੋੜ ਹੈ। ਇਸ ਸਮੇਂ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਮੈਂਬਰ ਸ. ਭੁਪਿੰਦਰ ਸਿੰਘ ਅਸੰਧ, ਬਾਬਾ ਗੁਰਮੀਤ ਸਿੰਘ, ਬਾਬਾ ਸੁੱਖਾ ਸਿੰਘ, ਬਾਬਾ ਜੋਗਾ ਸਿੰਘ, ਸ. ਗੁਰਦੀਪ ਸਿੰਘ, ਸ. ਹਰਦੀਪ ਸਿੰਘ ਲਾਗਰ, ਸ. ਸੁਖਵੰਤ ਸਿੰਘ ਸਮੇਤ ਹੋਰਾਂ ਵੱਲੋਂ ਭਾਈ ਗੋਬਿੰਦ ਸਿੰਘ ਦਾ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ।

ਸ. ਰਘੂਜੀਤ ਸਿੰਘ ਵਿਰਕ ਅਤੇ ਸ. ਭੁਪਿੰਦਰ ਸਿੰਘ ਅਸੰਧ ਨੇ ਵੀ ਸੰਗਤਾਂ ਨੂੰ ਡੇਰੇਦਾਰਾਂ ਦੇ ਜਾਲ ਵਿਚੋਂ ਨਿਕਲ ਕੇ ਗੁਰੂ ਘਰ ਨਾਲ ਜੁੜਨ ਅਤੇ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣਨ ਦੀ ਪ੍ਰੇਰਨਾ ਕੀਤੀ ਗਈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਅਜਿਹੇ ਧਾਰਮਿਕ ਸਮਾਗਮ ਸਾਰਥਕ ਬਦਲਾਅ ਲਿਆ ਰਹੇ ਹਨ ਜਿਸ ਪ੍ਰਤੀ ਸੰਗਤਾਂ ਵਿਚ ਭਾਰੀ ਉਤਸ਼ਾਹ ਹੈ। ਸ. ਵਿਰਕ ਨੇ ਪੁੱਜੀਆਂ ਸਮੂਹ ਸ਼ਖਸੀਅਤਾਂ ਅਤੇ ਸੰਗਤਾਂ ਦਾ ਧੰਨਵਾਦ ਵੀ ਕੀਤਾ।

# ਗੁਰਦੁਆਰਾ ਸੂਲੀਸਰ ਸਾਹਿਬ ਕੋਟ ਧਰਮੂੰ ਵਿਖੇ ਵਿਸ਼ਾਲ ਗੁਰਮਤਿ ਸਮਾਗਮ



ਅੰਮ੍ਰਿਤਸਰ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਤਿਹਾਸਕ ਗੁਰਦੁਆਰਾ ਸੂਲੀਸਰ ਸਾਹਿਬ ਕੋਟ ਧਰਮੂੰ ਵਿਖੇ ਵਿਸ਼ਾਲ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਵਿਚ ਇਲਾਕੇ ਦੀ ਵੱਡੀ ਗਿਣਤੀ ਸੰਗਤ ਨੇ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ। ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਗੁਰਦੇਵ ਸਿੰਘ ਕੁਹਾੜਕਾ, ਭਾਈ ਕਰਨੈਲ ਸਿੰਘ ਤੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਗੁਰਦਿੱਤ ਸਿੰਘ ਦੇ ਜਥਿਆਂ ਨੇ ਗੁਰਬਾਣੀ ਕੀਰਤਨ ਕੀਤਾ। ਸਮਾਗਮ ਦੌਰਾਨ ਵਿਸ਼ੇਸ਼ ਤੌਰ 'ਤੇ ਪਹੁੰਚੇ ਪੰਥ ਪ੍ਰਸਿੱਧ ਕਥਾਵਾਚਕ ਭਾਈ ਸਰਬਜੀਤ ਸਿੰਘ ਲੁਧਿਆਣਾ ਨੇ ਪਹਿਲੇ ਪਾਤਸ਼ਾਹ ਜੀ ਦੇ ਜੀਵਨ ਇਤਿਹਾਸ ਸਬੰਧੀ ਸੰਗਤ ਨਾਲ ਵਿਚਾਰ ਸਾਂਝੇ ਕਰਦਿਆਂ ਗੁਰੂ ਸਾਹਿਬ ਜੀ ਦੀ ਵਿਚਾਰਧਾਰਾ ਨਾਲ ਜੁੜਨ ਦੀ ਪ੍ਰੇਰਣਾ ਕੀਤੀ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਜਥੇਦਾਰ ਅਮਰੀਕ ਸਿੰਘ ਕੋਟਸ਼ਮੀਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵੱਖ-ਵੱਖ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ, ਜਿਨ੍ਹਾਂ ਦਾ ਮੰਤਵ ਸੰਗਤ ਅੰਦਰ ਸ਼ਤਾਬਦੀ ਸਮਾਗਮਾਂ ਸਬੰਧੀ ਉਤਸ਼ਾਹ ਪੈਦਾ ਕਰਨਾ ਅਤੇ ਗੁਰੂ ਸਾਹਿਬ ਦੀ ਵਿਚਾਰਧਾਰਾ ਦਾ ਪ੍ਰਚਾਰ ਕਰਨਾ ਹੈ। ਉਨ੍ਹਾਂ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਧਰਮ ਪ੍ਰਚਾਰ ਲਈ ਕੀਤੇ ਜਾ ਰਹੇ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਨੌਜੁਆਨੀ ਨੂੰ ਗੁਰਸਿੱਖੀ ਜੀਵਨ ਧਾਰਨ ਕਰਨ ਦੀ ਅਪੀਲ ਕੀਤੀ।

ਇਸ ਮੌਕੇ ਜਥੇਦਾਰ ਅਮਰੀਕ ਸਿੰਘ ਕੋਟ ਸ਼ਮੀਰ ਤੋਂ ਇਲਾਵਾ ਮੈਂਬਰ ਜਥੇਦਾਰ ਮਨਜੀਤ ਸਿੰਘ ਬੱਪੀਆਣਾ, ਸ. ਸੁਰਜੀਤ ਸਿੰਘ ਰਾਏਪੁਰ, ਸ. ਮਿੱਠੂ ਸਿੰਘ ਕਾਹਨੇਕੇ, ਸ. ਗੁਰਤੇਜ ਸਿੰਘ ਢੱਡੇ, ਸ. ਦਿਲਰਾਜ ਸਿੰਘ ਭੂੰਦੜ ਵਿਧਾਇਕ, ਡਾ. ਨਿਸ਼ਾਨ ਸਿੰਘ ਬਢਲਾਡਾ, ਸ. ਜਗਦੀਪ ਸਿੰਘ ਨਕਈ, ਸ. ਗੁਰਮੇਲ ਸਿੰਘ ਫਫੜੇ ਜ਼ਿਲ੍ਹਾ ਪ੍ਰਧਾਨ, ਸ. ਸੁਖਦੇਵ ਸਿੰਘ ਚੈਨੇਵਾਲਾ, ਸ੍ਰੀ ਪ੍ਰੇਮ ਕੁਮਾਰ ਅਰੋੜਾ, ਪ੍ਰਿੰਸੀਪਲ ਸਤਵਿੰਦਰ ਕੌਰ, ਸ. ਪਰਮਜੀਤ ਸਿੰਘ ਸਰੋਆ ਐਡੀਸ਼ਨਲ ਸਕੱਤਰ, ਸ. ਸਕੱਤਰ ਸਿੰਘ ਮੀਤ ਸਕੱਤਰ, ਸ. ਮੇਜਰ ਸਿੰਘ ਸੁਪਰਵਾਈਜ਼ਰ, ਸ. ਮਨਿੰਦਰ ਸਿੰਘ ਮੈਨੇਜਰ, ਭਾਈ ਗੁਰਜੰਟ ਸਿੰਘ ਹੈੱਡ ਗ੍ਰੰਥੀ ਤਖ਼ਤ ਸ੍ਰੀ ਦਮਦਮਾ ਸਾਹਿਬ, ਸ. ਕਰਨ ਸਿੰਘ ਮੈਨੇਜਰ, ਸ. ਗੁਰਬਖ਼ਸ਼ ਸਿੰਘ ਮੈਨੇਜਰ, ਸ. ਭੋਲਾ ਸਿੰਘ ਇੰਚਾਰਜ, ਸ. ਗੁਰਮੀਤ ਸਿੰਘ ਇੰਚਾਰਜ ਗੁਰਦੁਆਰਾ ਸੂਲੀਸਰ ਸਾਹਿਬ, ਭਾਈ ਗੁਰਮੀਤ ਸਿੰਘ ਮਲਕੋ, ਭਾਈ ਲੱਖਾ ਸਿੰਘ ਦਾਤੇਵਾਸ, ਭਾਈ ਨਿਰਭੈ ਸਿੰਘ ਜਿਉਂਦ, ਭਾਈ ਤਰਲੋਚਨ ਸਿੰਘ, ਭਾਈ ਹਰਦੀਪ ਸਿੰਘ ਬੱਲੋ, ਭਾਈ ਅਮਰਦੀਪ ਸਿੰਘ, ਭਾਈ ਮੱਘਰ ਸਿੰਘ ਭੋਰਾ, ਭਾਈ ਹਰਵਿੰਦਰ ਸਿੰਘ ਬੱਗਾ, ਭਾਈ ਮੱਸਾ ਸਿੰਘ ਕਵੀਸ਼ਰ, ਭਾਈ ਬਲਵੀਰ ਸਿੰਘ ਰਾਏਪੁਰ, ਭਾਈ ਅਮਨਦੀਪ ਸਿੰਘ ਫੱਤਾ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

# 550ਵੇਂ ਪ੍ਰਕਾਸ਼ ਪੁਰਬ ਸਬੰਧੀ ਉੱਤਰ ਪ੍ਰਦੇਸ਼ 'ਚ ਗੁਰਦੁਆਰਾ ਨਾਨਕਸਰ ਸਾਹਿਬ ਉਚੋਲੀਆ ਵਿਖੇ ਵਿਸ਼ਾਲ ਗੁਰਮਤਿ ਸਮਾਗਮ

## ਪਹਿਲੇ ਪਾਤਸ਼ਾਹ ਦਾ ਫਲਸਫਾ ਸਮੁੱਚੀ ਮਾਨਵਤਾ ਲਈ ਮਾਰਗ ਦਰਸ਼ਨ-ਗਿਆਨੀ ਹਰਪ੍ਰੀਤ ਸਿੰਘ




ਅੰਮ੍ਰਿਤਸਰ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਵਿਸ਼ਵ ਪੱਧਰ 'ਤੇ ਮਨਾਉਣ ਅਤੇ ਗੁਰੂ ਸਾਹਿਬ ਦੀ ਨਿਰਮਲ ਵਿਚਾਰਧਾਰਾ ਨੂੰ ਪ੍ਰਚਾਰਨ ਲਈ ਸਿੱਖ ਜਥੇਬੰਦੀਆਂ, ਸੰਤ ਮਹਾਂਪੁਰਸ਼ਾਂ, ਸੰਪਰਦਾਵਾਂ, ਨਿਹੰਗ ਸਿੰਘ ਦਲਾਂ, ਗੁਰਮਤਿ ਟਕਸਾਲਾਂ ਤੇ ਸਿੰਘ ਸਭਾਵਾਂ ਦੀ ਭੂਮਿਕਾ ਅਹਿਮ ਹੈ ਅਤੇ ਸਭ ਦੇ ਸਹਿਯੋਗ ਨਾਲ ਹੀ ਗੁਰੂ ਸਾਹਿਬ ਦੇ ਇਤਿਹਾਸਕ ਪੁਰਬ ਨੂੰ ਸਾਂਝੇ ਤੌਰ 'ਤੇ ਮਨਾਇਆ ਜਾਵੇਗਾ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਉੱਤਰ ਪ੍ਰਦੇਸ਼ ਦੇ ਜ਼ਿਲ੍ਹਾ ਲਖੀਮਪੁਰ ਖੀਰੀ ਵਿਚ ਪੈਂਦੇ ਗੁਰਦੁਆਰਾ ਨਾਨਕਸਰ ਸਾਹਿਬ ਉਚੋਲੀਆ ਵਿਖੇ ਸ਼੍ਰੋਮਣੀ ਕਮੇਟੀ ਤੇ ਬਾਬਾ ਗੁਰਨਾਮ ਸਿੰਘ ਕਾਰਸੇਵਾ ਮਹਿੰਗਾਪੁਰ ਵਾਲਿਆਂ ਵੱਲੋਂ ਸਾਂਝੇ ਤੌਰ 'ਤੇ ਕਰਵਾਏ ਵਿਸ਼ਾਲ ਗੁਰਮਤਿ ਸਮਾਗਮ ਦੌਰਾਨ ਸੰਬੋਧਨ ਕਰਦਿਆਂ ਕੀਤਾ। ਉਨ੍ਹਾਂ ਆਖਿਆ ਕਿ ਗੁਰੂ ਸਾਹਿਬ ਦਾ ਫਲਸਫਾ ਸਮੁੱਚੀ ਮਨੁੱਖਤਾ ਲਈ ਸਾਂਝਾ ਹੈ ਅਤੇ ਉਨ੍ਹਾਂ ਦੀ ਵਿਚਾਰਧਾਰਾ ਸਮਾਜ ਨੂੰ ਉੱਚਾ ਚੁੱਕਣ ਲਈ ਮਾਰਗ-ਦਰਸ਼ਨ ਹੈ। ਉਨ੍ਹਾਂ ਸੰਗਤ ਨੂੰ ਗੁਰੂ ਸਾਹਿਬ ਦੇ ਉਪਦੇਸ਼ਾਂ ਨੂੰ ਆਪਣੇ ਜੀਵਨ ਦਾ ਹਿੱਸਾ ਬਣਾਉਣ ਦੀ ਅਪੀਲ ਕੀਤੀ। ਇਸ ਮੌਕੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਸੰਗਤ ਨੂੰ ਸੰਬੋਧਨ ਕਰਦਿਆਂ ਬਾਣੀ ਅਤੇ ਬਾਣੇ ਦੇ ਧਾਰਨੀ ਬਣਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਅਤੇ ਮਹਾਂਪੁਰਖਾਂ ਵੱਲੋਂ ਕਰਵਾਇਆ ਗਿਆ ਇਹ ਗੁਰਮਤਿ ਸਮਾਗਮ ਯੂ.ਪੀ. ਦੀਆਂ ਸੰਗਤਾਂ ਨੂੰ ਗੁਰਮਤਿ ਨਾਲ ਜੋੜਨ ਲਈ ਇਕ ਚੰਗਾ ਯਤਨ ਹੈ ਅਤੇ ਅਜਿਹੇ ਸਮਾਗਮ ਵੱਧ ਤੋਂ ਵੱਧ ਹੋਣੇ ਚਾਹੀਦੇ ਹਨ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਪਹੁੰਚੇ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜਾਇਬ ਸਿੰਘ ਅਭਿਆਸੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ 550ਵੇਂ ਪ੍ਰਕਾਸ਼ ਪੁਰਬ ਦੇ ਮੱਦੇਨਜ਼ਰ ਵੱਖ-ਵੱਖ ਸੂਬਿਆਂ ਅੰਦਰ ਗੁਰਮਤਿ ਸਮਾਗਮ ਕਰਵਾ ਰਹੀ ਹੈ ਜੋ ਪ੍ਰਕਾਸ਼ ਪੁਰਬ ਸਮਾਗਮਾਂ ਤੱਕ ਲਗਾਤਾਰ ਜਾਰੀ ਰਹਿਣਗੇ। ਉਨ੍ਹਾਂ ਸਮਾਗਮ ਲਈ ਦਿੱਤੇ ਵਿਸ਼ੇਸ਼ ਸਹਿਯੋਗ ਲਈ ਬਾਬਾ ਗੁਰਨਾਮ ਸਿੰਘ ਕਾਰਸੇਵਾ ਵਾਲਿਆਂ ਦਾ ਸ਼੍ਰੋਮਣੀ ਕਮੇਟੀ ਵੱਲੋਂ ਧੰਨਵਾਦ ਕੀਤਾ। ਇਸ ਮੌਕੇ ਸਿੱਖ ਮਿਸ਼ਨ ਯੂ.ਪੀ. ਦੇ ਇੰਚਾਰਜ ਭਾਈ ਬ੍ਰਿਜਪਾਲ ਸਿੰਘ, ਪ੍ਰਚਾਰਕ ਭਾਈ ਸੁਖਵਿੰਦਰ ਸਿੰਘ ਐਮ.ਏ., ਭਾਈ ਮਨਜੀਤ ਸਿੰਘ, ਭਾਈ ਗੁਰਪ੍ਰੀਤ ਸਿੰਘ ਅਤੇ ਕਵੀਸ਼ਰ ਭਾਈ ਸਤਨਾਮ ਸਿੰਘ ਤੇ ਭਾਈ ਜੋਗਾ ਸਿੰਘ ਦੇ ਜਥੇ ਨੇ ਵੀ ਹਾਜ਼ਰੀ ਭਰੀ। ਸਮਾਗਮ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਕਰਨੈਲ ਸਿੰਘ ਦੇ ਜਥੇ ਵੱਲੋਂ ਗੁਰਬਾਣੀ ਕੀਰਤਨ ਵੀ ਕੀਤਾ ਗਿਆ। ਇਸ ਮੌਕੇ ਬਾਬਾ ਗੁਰਨਾਮ ਸਿੰਘ ਨੇ ਗਿਆਨੀ ਹਰਪ੍ਰੀਤ ਸਿੰਘ, ਗਿਆਨੀ ਰਘਬੀਰ ਸਿੰਘ, ਭਾਈ ਅਜਾਇਬ ਸਿੰਘ ਅਭਿਆਸੀ, ਰਾਗੀ ਤੇ ਪ੍ਰਚਾਰਕ ਸਿੰਘਾਂ ਨੂੰ ਸਨਮਾਨਿਤ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬੀਬੀ ਕਮਲੇਸ਼ ਕੌਰ ਪ੍ਰਧਾਨ ਸਿੰਘ ਸਭਾ ਸ਼ਾਹਜਹਾਨਪੁਰ ਸਮੇਤ ਭਰਵੀਂ ਗਿਣਤੀ ਵਿਚ ਸੰਗਤ ਮੌਜੂਦ ਸੀ।



ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਆਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਸ਼੍ਰੋਮਣੀ ਕਮੇਟੀ ਮੈਂਬਰ ਸ. ਮਿੱਠੂ ਸਿੰਘ ਕਾਹਨੇਕੇ ਤੇ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਸ. ਮਨਜੀਤ ਸਿੰਘ ਬੱਪੀਆਣਾ ਦੇ ਉੱਦਮ ਸਦਕਾ ਪਿੰਡ ਆਲਮਪੁਰ ਮੰਦਰਾਂ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 125 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ। ਇਸ ਸਮੇਂ ਅੰਮ੍ਰਿਤ ਅਭਿਲਾਖੀਆਂ ਨੂੰ ਕਕਾਰ ਭੇਟਾ ਰਹਿਤ ਦਿੱਤੇ ਗਏ।

# 550ਵੇਂ ਪ੍ਰਕਾਸ਼ ਪੁਰਬ ਸਬੰਧੀ ਗੁਰਦੁਆਰਾ ਪਾਤਸ਼ਾਹੀ ਨੌਵੀਂ ਡਿੱਖ ਵਿਖੇ ਗੁਰਮਤਿ ਸਮਾਗਮ

## ਸੰਗਤਾਂ ਪਹਿਲੇ ਪਾਤਸ਼ਾਹ ਦੇ ਮੁੱਲਵਾਨ ਉਪਦੇਸ਼ਾਂ ਨੂੰ ਜੀਵਨ ਦਾ ਹਿਸਾ ਬਣਾਉਣ-ਭਾਈ ਲੌਂਗੋਵਾਲ




ਬਠਿੰਡਾ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਡਿੱਖ (ਬਠਿੰਡਾ) ਵਿਖੇ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਅਤੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਕੇ ਸੰਗਤ ਨਾਲ ਵਿਚਾਰ ਸਾਂਝੇ ਕੀਤੇ। ਸਮਾਗਮ ਦੌਰਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸੰਬੋਧਨ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਵਿਚਾਰਧਾਰਾ ਮਨੁੱਖੀ ਜੀਵਨ ਦੀ ਹਰ ਪੱਖ ਤੋਂ ਅਗਵਾਈ ਕਰਦੀ ਹੈ ਅਤੇ ਗੁਰੂ ਸਾਹਿਬ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਹੁੰਦਿਆਂ ਸਾਨੂੰ ਗੁਰੂ ਸਾਹਿਬ ਜੀ ਦੇ ਮੁੱਲਵਾਨ ਉਪਦੇਸ਼ਾਂ ਨੂੰ ਆਪਣੇ ਜੀਵਨ ਦਾ ਹਿੱਸਾ ਬਣਾਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ 550ਵੇਂ ਪ੍ਰਕਾਸ਼ ਪੁਰਬ ਸਬੰਧੀ ਪੰਜਾਬ ਦੇ ਵੱਖ-ਵੱਖ ਹਲਕਿਆਂ ਤੋਂ ਇਲਾਵਾ ਦੇਸ਼ ਦੇ ਹੋਰਨਾਂ ਸੂਬਿਆਂ ਵਿਚ ਵੀ ਗੁਰਮਤਿ ਸਮਾਗਮਾਂ ਦੀ ਲੜੀ ਆਰੰਭ ਕੀਤੀ ਗਈ ਹੈ, ਜੋ ਸਾਰਾ ਸਾਲ ਜਾਰੀ ਰਹੇਗੀ।

ਇਸ ਮੌਕੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਸਮੁੱਚੇ ਸਿੱਖ ਜਗਤ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਇਤਿਹਾਸਕ ਪੁਰਬ ਇੱਕਜੁਟਤਾ ਨਾਲ ਮਨਾਉਣ ਲਈ ਕਿਹਾ। ਉਨ੍ਹਾਂ ਆਖਿਆ ਕਿ ਇਹ ਖ਼ਾਸ ਮੌਕਾ ਕੌਮੀ ਇੱਕਜੁਟਤਾ ਅਤੇ ਖ਼ਾਲਸਾ ਪੰਥ ਦੀ ਚੜ੍ਹਦੀ ਕਲਾ ਦੇ ਪ੍ਰਗਟਾਵੇ ਲਈ ਵਰਤਿਆ ਜਾਣਾ ਚਾਹੀਦਾ ਹੈ ਅਤੇ ਇਸ ਸਮੇਂ ਸਾਰੀਆਂ ਧਿਰਾਂ ਇੱਕ ਪਲੇਟਫਾਰਮ 'ਤੇ ਇਕੱਠੀਆਂ ਹੋਣ। ਇਸ ਤੋਂ ਪਹਿਲਾਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਰਾਇ ਸਿੰਘ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਗੁਰਦਿੱਤ ਸਿੰਘ, ਕਥਾਵਾਚਕ ਭਾਈ ਸਰਬਜੀਤ ਸਿੰਘ ਢੋਟੀਆਂ ਤੇ ਭਾਈ ਨਿਰਭੈ ਸਿੰਘ ਨੇ ਸੰਗਤ ਨੂੰ ਗੁਰਬਾਣੀ ਕੀਰਤਨ ਅਤੇ ਗੁਰਮਤਿ ਵਿਚਾਰਾਂ ਨਾਲ ਜੋੜਿਆ। ਇਸ ਮੌਕੇ ਹੋਏ ਅੰਮ੍ਰਿਤ ਸੰਚਾਰ ਦੌਰਾਨ 39 ਪ੍ਰਾਣੀਆਂ ਨੇ ਅੰਮ੍ਰਿਤਪਾਨ ਕੀਤਾ, ਜਿਨ੍ਹਾਂ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਕਕਾਰ ਭੇਟਾ ਰਹਿਤ ਦਿੱਤੇ ਗਏ।

ਸਮਾਗਮ ਦੌਰਾਨ ਸ਼੍ਰੋਮਣੀ ਕਮੇਟੀ ਮੈਂਬਰ ਸ. ਗੁਰਤੇਜ ਸਿੰਘ ਢੱਡੇ, ਸ. ਮੇਜਰ ਸਿੰਘ ਢਿੱਲੋਂ, ਸ. ਜਗਸੀਰ ਸਿੰਘ ਮਾਂਗੇਆਣਾ, ਸ. ਜਗਜੀਤ ਸਿੰਘ, ਜਥੇਦਾਰ ਫੁੰਮਣ ਸਿੰਘ, ਬੀਬੀ ਜੋਗਿੰਦਰ ਕੌਰ ਬਠਿੰਡਾ, ਬਾਬਾ ਅੰਗਰੇਜ਼ ਸਿੰਘ ਗੁਰਦੁਆਰਾ ਤਿੱਤਰਸਰ, ਸ. ਦਰਸ਼ਨ ਸਿੰਘ ਲੌਂਗੋਵਾਲ ਪੀ.ਏ., ਭਾਈ ਗੁਰਜੰਟ ਸਿੰਘ ਹੈੱਡ ਗ੍ਰੰਥੀ, ਸ. ਕਰਨ ਸਿੰਘ ਮੈਨੇਜਰ ਤਖ਼ਤ ਸ੍ਰੀ ਦਮਦਮਾ ਸਾਹਿਬ, ਸ. ਭੋਲਾ ਸਿੰਘ ਇੰਚਾਰਜ ਸਬ-ਆਫ਼ਿਸ ਧਰਮ ਪ੍ਰਚਾਰ ਕਮੇਟੀ, ਸ. ਸੁਰਜੀਤ ਸਿੰਘ ਠੀਕਰੀਵਾਲ, ਸ. ਸ਼ਮਸ਼ੇਰ ਸਿੰਘ ਚੱਠਾ, ਸ. ਅਜਾਇਬ ਸਿੰਘ, ਭਾਈ ਮੇਜਰ ਸਿੰਘ, ਭਾਈ ਸੁਖਪਾਲ ਸਿੰਘ ਡਿੱਖ, ਭਾਈ ਮੱਘਰ ਸਿੰਘ ਭੋਰਾ, ਭਾਈ ਸਿਮਰਜੀਤ ਸਿੰਘ ਮੱਤੀ, ਭਾਈ ਜੀਵਨ ਸਿੰਘ ਘਰਾਚੋਂ, ਭਾਈ ਅਮਨਦੀਪ ਸਿੰਘ ਫੱਤਾ ਸਮੇਤ ਭਰਵੀਂ ਗਿਣਤੀ ਵਿਚ ਸੰਗਤ ਹਾਜ਼ਰ ਸੀ।



# ਸ੍ਰੀ ਦਰਬਾਰ ਸਾਹਿਬ ਦੇ ਚੌਗਿਰਦੇ 'ਚ ਹਰਿਆਵਲ ਕਰਨ ਲਈ ਹੁਣ ਛੱਤਾਂ 'ਤੇ ਨਜ਼ਰ ਆਉਣਗੇ ਬੂਟੇ

## ਡਾ. ਰੂਪ ਸਿੰਘ ਤੇ ਹੋਰ ਅਧਿਕਾਰੀਆਂ ਨੇ ਕੀਤੀ ਬੂਟੇ ਲਗਾਉਣ ਦੀ ਸ਼ੁਰੂਆਤ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਦਰਬਾਰ ਸਾਹਿਬ ਦੇ ਚੌਗਿਰਦੇ ਨੂੰ ਹਰਿਆ ਭਰਿਆ ਬਣਾਉਣ ਲਈ ਹੁਣ ਸ਼੍ਰੋਮਣੀ ਕਮੇਟੀ ਦੇ ਦਫ਼ਤਰ ਕੰਪਲੈਕਸ ਦੀਆਂ ਛੱਤਾਂ ਉੱਪਰ ਵੀ ਬੂਟੇ ਨਜ਼ਰ ਆਉਣਗੇ। ਇਸ ਦੀ ਸ਼ੁਰੂਆਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧਕੀ ਬਲਾਕ ਦੀ ਛੱਤ ਉਪਰ ਤਿਆਰ ਕੀਤੀਆਂ ਗਈਆਂ ਵਿਸ਼ੇਸ਼ ਕਿਆਰੀਆਂ ਵਿਚ ਬੂਟੇ ਲਗਾ ਕੇ ਕੀਤੀ ਗਈ ਹੈ।

ਇਸ ਬਾਰੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਦਿਸ਼ਾ ਨਿਰਦੇਸ਼ਾਂ ਨਾਲ ਸ਼ੁਰੂ ਕੀਤੀ ਗਈ ਵਾਤਾਵਰਨ ਸ਼ੁੱਧਤਾ ਮੁਹਿੰਮ ਤਹਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵੱਖ ਵੱਖ ਯੋਜਨਾਵਾਂ ਤਿਆਰ ਕੀਤੀਆਂ ਗਈਆਂ ਹਨ। ਇਸ ਦੇ ਪਹਿਲੇ ਪੜਾਅ ਤਹਿਤ ਸ਼੍ਰੋਮਣੀ ਕਮੇਟੀ ਦੇ ਦਫ਼ਤਰ ਨੂੰ ਆਉਂਦੇ ਰਸਤਿਆਂ ਦੀਆਂ ਦੀਵਾਰਾਂ ਉਪਰ ਵਰਟੀਕਲ ਗਾਰਡਨ ਤਿਆਰ ਕੀਤਾ ਜਾ ਚੁੱਕਾ ਹੈ ਅਤੇ ਹੁਣ ਅਗਲੇ ਪੜਾਅ ਤਹਿਤ ਛੱਤਾਂ ਉਪਰ ਬੂਟੇ ਲਗਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਆਲੇ ਦੁਆਲੇ ਦੇ ਵਾਤਾਵਰਨ ਨੂੰ ਸ਼ੁੱਧ, ਹਰਿਆ-ਭਰਿਆ ਤੇ ਸੁਗੰਧੀ ਭਰਪੂਰ ਬਣਾਉਣ ਲਈ ਲਗਾਤਾਰ ਕਾਰਜ ਕੀਤੇ ਜਾ ਰਹੇ ਹਨ। ਇਸੇ ਤਹਿਤ ਹੀ ਛੱਤਾਂ ਉਪਰ ਬੂਟੇ ਲਗਾਉਣ ਦੀ ਸ਼ੁਰੂਆਤ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਪ੍ਰਦੂਸ਼ਣ ਦੀ ਰੋਕਥਾਮ ਲਈ ਸ਼੍ਰੋਮਣੀ ਕਮੇਟੀ ਵੱਲੋਂ ਵੱਖ ਵੱਖ ਇਮਾਰਤਾਂ ਦੀਆਂ ਛੱਤਾਂ 'ਤੇ ਵਿਸ਼ੇਸ਼ ਵਡ-ਅਕਾਰੀ ਕਿਆਰੀਆਂ ਤਿਆਰ ਕੀਤੀਆਂ ਗਈਆਂ ਹਨ, ਜਿਨ੍ਹਾਂ ਵਿਚ ਹਰਿਆਵਲ ਭਰਪੂਰ ਬੂਟੇ ਲਗਾਏ ਜਾਣਗੇ। ਫਿਲਹਾਲ ਪ੍ਰਬੰਧਕੀ ਬਲਾਕ ਤੋਂ ਇਸ ਦੀ ਸ਼ੁਰੂਆਤ ਕੀਤੀ ਗਈ ਹੈ ਅਤੇ ਆਉਣ ਵਾਲੇ ਦਿਨਾਂ ਵਿਚ ਇਸ ਦਾ ਵਿਸਥਾਰ ਕੀਤਾ ਜਾਵੇਗਾ।

ਉਨ੍ਹਾਂ ਦੱਸਿਆ ਕਿ ਇਸ ਤੋਂ ਪਹਿਲਾਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਪਰਕਰਮਾਂ ਦੇ ਬਰਾਂਡਿਆਂ ਉੱਪਰ ਵੀ ਗਮਲਿਆਂ ਵਿਚ ਬੂਟੇ ਲਗਾਏ ਗਏ ਹਨ। ਉਨ੍ਹਾਂ ਇਹ ਵੀ ਦੱਸਿਆ ਕਿ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਪ੍ਰਵਾਨਗੀ ਨਾਲ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨਾਲ ਸਬੰਧਤ ਵੱਖ ਵੱਖ ਗੁਰਦੁਆਰਾ ਸਾਹਿਬਾਨ ਵਿਖੇ ਵੀ ਵਰਟੀਕਲ ਗਾਰਡਨ ਸਥਾਪਤ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਦਾ ਯਤਨ ਹੈ ਕਿ ਸ੍ਰੀ ਦਰਬਾਰ ਸਾਹਿਬ ਵਿਖੇ ਨਤਮਸਤਕ ਹੋਣ ਪੁੱਜਦੀਆਂ ਸੰਗਤਾਂ ਇਥੋਂ ਵਾਤਾਵਰਨ ਦੀ ਸਾਂਭ-ਸੰਭਾਲ ਦਾ ਸੁਨੇਹਾ ਲੈ ਕੇ ਜਾਣ। ਉਨ੍ਹਾਂ ਸੰਗਤ ਨੂੰ ਵਾਤਾਵਰਨ ਬਿਹਤਰ ਬਣਾਉਣ ਲਈ ਆਪੋ-ਆਪਣੇ ਘਰਾਂ ਵਿਚ ਵੱਧ ਤੋਂ ਵੱਧ ਬੂਟੇ ਲਗਾਉਣ ਦੀ ਅਪੀਲ ਵੀ ਕੀਤੀ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਕੇਵਲ ਸਿੰਘ ਗਿੱਲ, ਨਿੱਜੀ ਸਕੱਤਰ ਇੰਜ: ਸੁਖਮਿੰਦਰ ਸਿੰਘ, ਵਧੀਕ ਸਕੱਤਰ ਸ. ਪਰਮਜੀਤ ਸਿੰਘ ਸਰੋਆ, ਸ. ਸੁਖਦੇਵ ਸਿੰਘ ਭੂਰਾਕੋਹਨਾ ਤੇ ਸ. ਪ੍ਰਤਾਪ ਸਿੰਘ, ਮੀਤ ਸਕੱਤਰ ਸ. ਹਰਜੀਤ ਸਿੰਘ ਲਾਲੂਘੁੰਮਣ, ਸ. ਸਤਿੰਦਰ ਸਿੰਘ, ਸ. ਸੁਲੱਖਣ ਸਿੰਘ ਭੰਗਾਲੀ, ਸ. ਕਰਮਬੀਰ ਸਿੰਘ ਕਿਆਮਪੁਰ, ਮੈਨੇਜਰ ਸ. ਗੁਰਿੰਦਰ ਸਿੰਘ ਮਥਰੇਵਾਲ ਤੇ ਸ. ਮੁਖਤਾਰ ਸਿੰਘ, ਸੁਪ੍ਰਿੰਟੈਂਡੈਂਟ ਸ. ਸਤਨਾਮ ਸਿੰਘ, ਸ. ਮਲਕੀਤ ਸਿੰਘ ਬਹਿੜਵਾਲ ਆਦਿ ਮੌਜੂਦ ਸਨ।

# ਗੁਰੂ ਨਾਨਕ ਕਾਲਜ ਬਟਾਲਾ ਵਿਖੇ ਰਾਸ਼ਟਰੀ ਸੈਮੀਨਾਰ ਕਰਵਾਇਆ




ਬਟਾਲਾ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰੂ ਨਾਨਕ ਕਾਲਜ ਬਟਾਲਾ ਵਿਖੇ 'ਵਿਸ਼ਵ ਦੀਆਂ ਵਰਤਮਾਨ ਪ੍ਰਸਥਿਤੀਆਂ ਅਤੇ ਗੁਰੂ ਨਾਨਕ ਬਾਣੀ ਦੀ ਪ੍ਰਸੰਗਿਕਤਾ' ਵਿਸ਼ੇ 'ਤੇ ਰਾਸ਼ਟਰੀ ਸੈਮੀਨਾਰ ਕਰਵਾਇਆ ਗਿਆ। ਸੈਮੀਨਾਰ ਦਾ ਆਰੰਭ ਕਾਲਜ ਦੇ ਪ੍ਰਿੰਸੀਪਲ ਡਾ. ਗਗਨਦੀਪ ਸਿੰਘ ਵੱਲੋਂ ਕੀਤਾ ਗਿਆ। ਕੁੰਜੀਵਤ ਭਾਸ਼ਣ ਡਾ. ਸਰਬਜਿੰਦਰ ਸਿੰਘ ਪੰਜਾਬੀ ਯੂਨੀ: ਪਟਿਆਲਾ ਨੇ ਪੇਸ਼ ਕੀਤਾ ਅਤੇ ਸੈਸ਼ਨ ਦੀ ਪ੍ਰਧਾਨ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਕੀਤੀ। ਆਰੰਭਕ ਸੈਸ਼ਨ ਵਿਚ ਵਿਧਾਇਕ ਸ. ਲਖਬੀਰ ਸਿੰਘ ਲੋਧੀਨੰਗਲ ਮੁੱਖ ਮਹਿਮਾਨ ਵਜੋਂ ਅਤੇ ਸ਼੍ਰੋਮਣੀ ਕਮੇਟੀ ਮੈਂਬਰ ਸ. ਗੁਰਿੰਦਰਪਾਲ ਸਿੰਘ ਗੋਰਾ, ਸ. ਸੱਜਣ ਸਿੰਘ ਬੱਜੂਮਾਨ ਤੇ ਸ. ਗੁਰਨਾਮ ਸਿੰਘ ਜੱਸਲ ਵਿਸ਼ੇਸ਼ ਮਹਿਮਾਨ ਵਜੋਂ ਪਹੁੰਚੇ।

ਦੂਜੇ ਸੈਸ਼ਨ ਦੀ ਪ੍ਰਧਾਨਗੀ ਡਾ. ਹਰਚੰਦ ਸਿੰਘ ਬੇਦੀ ਨੇ ਕੀਤੀ ਅਤੇ ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਸ. ਪਰਮਜੀਤ ਸਿੰਘ ਸਰੋਆ ਵਿਸ਼ੇਸ਼ ਮਹਿਮਾਨ ਵਜੋਂ ਪਹੁੰਚੇ। ਇਸ ਮੌਕੇ ਡਾ. ਕਵਲਜੀਤ ਸਿੰਘ ਬੱਲ, ਡਾ. ਮਨਵਿੰਦਰ ਸਿੰਘ, ਡਾ. ਰਮਨਦੀਪ ਸਿੰਘ, ਡਾ. ਸਵਰਨ ਸਿੰਘ, ਡਾ. ਹਰਪ੍ਰੀਤ ਸਿੰਘ ਹੁੰਦਲ, ਡਾ. ਨਰੇਸ਼ ਕੁਮਾਰ, ਪ੍ਰੋ. ਹਰਭਜਨ ਸਿੰਘ ਸੇਖੋਂ, ਡਾ. ਹਰਜਿੰਦਰ ਕੌਰ ਆਦਿ ਨੇ ਖੋਜ ਭਰਪੂਰ ਪਰਚੇ ਪੇਸ਼ ਕੀਤੇ।

ਤੀਜੇ ਸੈਸ਼ਨ ਦੀ ਪ੍ਰਧਾਨਗੀ ਡਾ. ਦਰਿਆ ਜੀ.ਐਨ.ਡੀ.ਯੂ. ਨੇ ਕੀਤੀ ਅਤੇ ਸ਼੍ਰੋਮਣੀ ਕਮੇਟੀ ਮੈਂਬਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ ਮੁੱਖ ਮਹਿਮਾਨ ਵਜੋਂ ਪਹੁੰਚੇ। ਇਸ ਸੈਸ਼ਨ ਵਿਚ ਡਾ. ਬਲਜੀਤ ਸਿੰਘ, ਡਾ. ਸਾਹਿਬ ਸਿੰਘ, ਡਾ. ਸਤਿੰਦਰਜੀਤ ਕੌਰ ਬੁੱਟਰ, ਪ੍ਰੋ. ਰਮਨਦੀਪ ਕੌਰ, ਪ੍ਰੋ. ਜਤਿੰਦਰ ਕੌਰ, ਡਾ. ਇੰਦਰਾ ਵਿਰਕ, ਡਾ. ਹਰਪ੍ਰੀਤ ਕੌਰ ਖਾਲਸਾ ਆਦਿ ਨੇ ਗੁਰੂ ਨਾਨਕ ਸਾਹਿਬ ਦੀ ਬਾਣੀ ਦੀ ਵਰਤਮਾਨ ਪ੍ਰਸੰਗਕਤਾ ਨੂੰ ਬਹੁ-ਕੋਣਾਂ ਤੋਂ ਅਧਿਐਨ ਤੇ ਵਿਸ਼ਲੇਸ਼ਣ ਦਾ ਵਿਸ਼ਾ ਬਣਾਉਣ ਦਾ ਸਾਰਥਕ ਯਤਨ ਕੀਤਾ। ਵਿਦਵਾਨਾਂ ਵੱਲੋਂ ਪੜ੍ਹੇ ਗਏ ਪਰਚਿਆਂ ਉਪਰ ਹਾਜ਼ਰੀਨ ਸਰੋਤਿਆਂ ਨਾਲ ਭਰਪੂਰ ਚਰਚਾ ਵੀ ਅਤੇ ਸਰੋਤਿਆਂ ਦੇ ਸਵਾਲਾਂ ਦੇ ਜਵਾਬ ਵੀ ਦਿੱਤੇ ਗਏ।

ਇਸ ਸੈਮੀਨਾਰ ਦੀ ਵਿਸ਼ੇਸ਼ਤਾ ਇਹ ਰਹੀ ਕਿ ਇਸ ਵਿਚ 40 ਦੇ ਕਰੀਬ ਵਿਦਵਾਨ ਆਪਣੇ ਖੋਜ ਪੱਤਰ ਲੈ ਕੇ ਹਾਜ਼ਰ ਹੋਏ। ਇਸ ਤੋਂ ਇਲਾਵਾ 25 ਦੇ ਕਰੀਬ ਵੱਖ-ਵੱਖ ਕਾਲਜਾਂ ਅਤੇ ਯੂਨੀਵਰਸਿਟੀਆਂ ਤੋਂ ਡੈਲੀਗੇਟ ਸ਼ਾਮਲ ਹੋਏ, ਉਹਨਾਂ ਨੇ ਵੀ ਇਸ ਸੈਮੀਨਾਰ ਵਿਚ ਅਰਥ-ਭਰਪੂਰ ਟਿੱਪਣੀਆਂ ਕਰ ਕੇ ਸੈਮੀਨਾਰ ਨੂੰ ਨਵੀਂ ਦਿਸ਼ਾ ਦਿੱਤੀ। ਇਸ ਸੈਮੀਨਾਰ ਵਿਚ ਵਿਦਿਆਰਥੀਆਂ ਦੀ ਸ਼ਮੂਲੀਅਤ ਵੀ ਵੱਡੇ ਪੱਧਰ 'ਤੇ ਰਹੀ, ਜਿਨ੍ਹਾਂ ਇਕਾਗਰਚਿਤ ਹੋ ਕੇ ਸੈਮੀਨਾਰ ਵਿਚ ਹਾਜ਼ਰੀ ਹੀ ਨਹੀਂ ਭਰੀ ਬਲਕਿ ਆਪਣੇ ਬਹੁਮੁੱਲੇ ਵਿਚਾਰ ਵੀ ਪੇਸ਼ ਕੀਤੇ ਗਏ। ਅੰਤ ਵਿਚ ਸੈਮੀਨਾਰ ਦੇ ਕੋਆਰਡੀਨੇਟਰ ਪ੍ਰੋ. ਕਮਲਜੀਤ ਕੌਰ ਰੰਧਾਵਾ ਨੇ ਆਏ ਹੋਏ ਸਮੂਹ ਵਿਦਵਾਨਾਂ ਅਤੇ ਸਰੋਤਿਆਂ ਦਾ ਧੰਨਵਾਦ ਕੀਤਾ।

### ਭਾਈ ਲੌਂਗੋਵਾਲ ਦੀ ਅਗਵਾਈ 'ਚ ਹੋਈ ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ

## ਸੈਸ਼ਨ 2019-20 ਲਈ ਅੰਮ੍ਰਿਤਧਾਰੀ ਵਿਦਿਆਰਥੀਆਂ ਨੂੰ ਵਜ਼ੀਫੇ ਦੇਣ ਦੀ ਦਿੱਤੀ ਪ੍ਰਵਾਨਗੀ



ਚੰਡੀਗੜ੍ਹ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿਗ ਕਮੇਟੀ ਦੀ ਇਕੱਤਰਤਾ ਚੰਡੀਗੜ੍ਹ ਵਿਖੇ ਸੈਕਟਰ 27 ਵਿਚ ਸਥਿਤ ਕਲਗੀਧਰ ਨਿਵਾਸ ਵਿਖੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਅਗਵਾਈ ਵਿਚ ਹੋਈ। ਜਿਸ ਵਿਚ ਸ਼੍ਰੋਮਣੀ ਕਮੇਟੀ ਦਾ ਬਜਟ ਇਜਲਾਸ ਬੁਲਾਉਣ ਸਮੇਤ ਅਹਿਮ ਫੈਸਲੇ ਲਏ ਗਏ।

ਇਕੱਤਰਤਾ ਮਗਰੋਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਹੇਠਲੇ ਵਿਦਿਅਕ ਅਦਾਰਿਆਂ ਵਿਚ ਪੜ੍ਹਦੇ ਅੰਮ੍ਰਿਤਧਾਰੀ ਵਿਦਿਆਰਥੀਆਂ ਨੂੰ ਸੈਸ਼ਨ 2019-20 ਲਈ ਵਜ਼ੀਫੇ ਦੇਣ ਨੂੰ ਪ੍ਰਵਾਨਗੀ ਦਿੱਤੀ ਗਈ ਹੈ। ਇਹ ਵਜ਼ੀਫੇ ਉਨ੍ਹਾਂ ਵਿਦਿਆਰਥੀਆਂ ਨੂੰ ਦਿੱਤੇ ਜਾਣਗੇ ਜਿਨ੍ਹਾਂ ਦੇ ਮਾਤਾ ਪਿਤਾ ਵੀ ਅੰਮ੍ਰਿਤਧਾਰੀ ਹੋਣੇਗੇ। ਵਜ਼ੀਫਾ ਰਾਸ਼ੀ ਛੇਵੀਂ ਤੋਂ ਦੱਸਵੀਂ ਤੀਕ 3500 ਰੁਪਏ, ਗਿਆਰ੍ਹਵੀਂ ਤੋਂ ਬਾਰ੍ਹਵੀਂ ਤੀਕ 5000 ਰੁਪਏ, ਗ੍ਰੈਜੂਏਟ ਲਈ 8000 ਰੁਪਏ ਤੇ ਪੋਸਟ ਗ੍ਰੈਜੂਏਟ ਪੱਧਰ ਲਈ 10000 ਰੁਪਏ ਸਾਲਾਨਾ ਰੱਖੀ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਦੱਸਿਆ ਕਿ ਵੱਖ-ਵੱਖ ਖੇਡਾਂ ਵਿਚ ਪ੍ਰਾਪਤੀ ਕਰਨ ਵਾਲੇ ਗੁਰਸਿੱਖ ਖਿਡਾਰੀਆਂ ਨੂੰ ਵਿਸ਼ੇਸ਼ ਸਨਮਾਨ ਵੀ ਦਿੱਤੇ ਜਾਣਗੇ। ਇਸ ਤਹਿਤ ਓਲੰਪਿਕ, ਏਸ਼ੀਅਨ, ਕਾਮਨਵੈਲਥ, ਸੈਫ ਤੇ ਨੈਸ਼ਨਲ ਖੇਡਾਂ ਵਿਚ ਤਗਮੇ ਹਾਸਲ ਕਰਨ ਵਾਲਿਆਂ ਨੂੰ ਵਿਸ਼ੇਸ਼ ਇਨਾਮੀ ਰਾਸ਼ੀ ਦੇ ਕੇ ਸਨਮਾਨਿਤ ਕੀਤਾ ਜਾਵੇਗਾ। ਇਕੱਤਰਤਾ ਦੌਰਾਨ ਪ੍ਰਸਿੱਧ ਸਿੱਖ ਇਤਿਹਾਸਕਾਰ ਗਿਆਨੀ ਬਲਵੰਤ ਸਿੰਘ ਕੋਠਾਗੁਰੂ ਦੇ ਅਕਾਲ ਚਲਾਣੇ 'ਤੇ ਸ਼ੋਕ ਮਤਾ ਵੀ ਪਾਸ ਕੀਤਾ ਗਿਆ। ਭਾਈ ਲੌਂਗੋਵਾਲ ਨੇ ਕਿਹਾ ਕਿ ਗਿਆਨੀ ਕੋਠਾਗੁਰੂ ਨੇ ਸਿੱਖ ਇਤਿਹਾਸ ਸਬੰਧੀ ਅਨੇਕਾਂ ਮੌਲਿਕ ਖੋਜ ਕਾਰਜ ਕੀਤੇ ਹਨ, ਜੋ ਕੌਮ ਦੇ ਨਵੇਂ ਖੋਜਾਰਥੀਆਂ ਲਈ ਸਦਾ ਅਗਵਾਈ ਕਰਦੇ ਰਹਿਣਗੇ। ਭਾਈ ਲੌਂਗੋਵਾਲ ਨੇ ਦੱਸਿਆ ਕਿ ਅੰਤ੍ਰਿੰਗ ਕਮੇਟੀ ਵੱਲੋਂ ਸ਼੍ਰੋਮਣੀ ਕਮੇਟੀ ਦੀਆਂ ਤਿੰਨ ਪ੍ਰੈੱਸਾਂ ਨੂੰ ਇਕ ਥਾਂ ਕਰਨ ਦੀ ਪ੍ਰਵਾਨਗੀ ਦਿੰਦਿਆਂ ਇਥੇ ਲੋੜ ਅਨੁਸਾਰ ਕਾਗਜ ਅਤੇ ਹੋਰ ਸਮੱਗਰੀ ਲਈ ਇਕ ਕੇਂਦਰੀ ਸਟੋਰ ਸਥਾਪਤ ਕਰਨ ਦਾ ਵੀ ਫੈਸਲਾ ਕੀਤਾ ਹੈ। ਇਸ ਦੇ ਨਾਲ ਹੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸ਼ਰਧਾਲੂਆਂ ਵੱਲੋਂ ਭੇਟ ਕੀਤੇ ਜਾਂਦੇ ਰਾਸ਼ਨ ਲਈ ਦੋ ਸਟੋਰ ਕਾਇਮ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਰਸਤਿਆਂ ਦੀ ਸਮੱਸਿਆ ਹੋਣ ਕਾਰਨ ਸ਼ਰਧਾਲੂਆਂ ਨੂੰ ਸ੍ਰੀ ਗੁਰੂ ਰਾਮਦਾਸ ਲੰਗਰ ਤੱਕ ਰਸਦਾਂ ਪਹੁੰਚਾਉਣ ਲਈ ਦਿਕਤ ਆ ਰਹੀ ਹੈ, ਜਿਸ ਦੇ ਮੱਦੇਨਜ਼ਰ ਸ੍ਰੀ ਅੰਮ੍ਰਿਤਸਰ ਵਿਖੇ ਸੁਲਤਾਨਵਿੰਡ ਅਤੇ ਮਾਤਾ ਭਾਗ ਕੌਰ ਨਿਵਾਸ, ਰਾਮ ਤਲਾਈ ਵਿਖੇ ਇਹ ਸਟੋਰ ਬਣਾਏ ਜਾਣਗੇ। ਇਕੱਤਰਤਾ ਵਿਚ ਜੰਮੂ ਕਸ਼ਮੀਰ ਅੰਦਰ ਪੈਂਦੇ ਤਿੰਨ ਗੁਰਦੁਆਰਿਆਂ, ਗੁਰਦੁਆਰਾ ਸਿੰਘ ਸਭਾ ਪੰਗਧੋਰ ਸਾਂਬਾ, ਸ੍ਰੀ ਗੁਰੂ ਸਿੰਘ ਸਭਾ ਖ਼ਾਲਸਾ ਕਲੋਨੀ ਕਰਥੋਲੀ ਬੜੀ ਬ੍ਰਾਹਮਣਾਂ ਜੰਮੂ ਅਤੇ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਮਗੋਵਾਲੀ ਆਰ.ਐਸ. ਪੁਰਾ ਜੰਮੂ ਦੀਆਂ ਇਮਾਰਤਾਂ ਲਈ ਇਕ-ਇਕ ਲੱਖ ਰੁਪਏ ਦੀ ਸਹਾਇਤਾ ਨੂੰ ਪ੍ਰਵਾਨਗੀ ਦਿੱਤੀ ਗਈ। ਇਸ ਦੌਰਾਨ ਵੱਖ ਵੱਖ ਗੁਰਦੁਆਰਾ ਸਾਹਿਬਾਨ, ਅਮਲਾ ਅਤੇ ਟਰੱਸਟ ਵਿਭਾਗ ਦੇ ਮਾਮਲੇ ਵੀ ਵਿਚਾਰੇ ਗਏ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸੀਨੀ: ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਜੂਨੀਅਰ ਮੀਤ ਪ੍ਰਧਾਨ ਸ. ਬਿੱਕਰ ਸਿੰਘ ਚੰਨੂ, ਜਨਰਲ ਸਕੱਤਰ ਸ. ਗੁਰਬਚਨ ਸਿੰਘ ਕਰਮੂੰਵਾਲਾ, ਅੰਤ੍ਰਿੰਗ ਮੈਂਬਰਾਨ ਭਾਈ ਮਨਜੀਤ ਸਿੰਘ, ਸ. ਅਮਰੀਕ ਸਿੰਘ ਕੋਟ ਸ਼ਮੀਰ, ਬਾਬਾ ਗੁਰਮੀਤ ਸਿੰਘ ਤ੍ਰਿਲੋਕੇਵਾਲਾ, ਸ. ਖੁਸ਼ਵਿੰਦਰ ਸਿੰਘ ਭਾਟੀਆ, ਸ. ਭੁਪਿੰਦਰ ਸਿੰਘ ਭਲਵਾਨ, ਸ. ਜਰਨੈਲ ਸਿੰਘ ਕਰਤਾਰਪੁਰ, ਸ. ਤਾਰਾ ਸਿੰਘ ਸੱਲਾ, ਸ. ਸ਼ਿੰਗਾਰਾ ਸਿੰਘ ਲੋਹੀਆਂ, ਸ. ਜਗਜੀਤ ਸਿੰਘ ਤਲਵੰਡੀ, ਬੀਬੀ ਜਸਬੀਰ ਕੌਰ ਜੱਫਰਵਾਲ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਮਨਜੀਤ ਸਿੰਘ ਬਾਠ, ਸ. ਅਵਤਾਰ ਸਿੰਘ ਸੈਂਪਲਾ, ਸ. ਕੇਵਲ ਸਿੰਘ ਗਿੱਲ, ਸ. ਮਹਿੰਦਰ ਸਿੰਘ ਆਹਲੀ, ਨਿੱਜੀ ਸਕੱਤਰ ਇੰਜ: ਸੁਖਮਿੰਦਰ ਸਿੰਘ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ, ਸ. ਪਰਮਜੀਤ ਸਿੰਘ ਸਰੋਆ, ਸ. ਪ੍ਰਤਾਪ ਸਿੰਘ, ਸ. ਦਰਸ਼ਨ ਸਿੰਘ ਲੌਂਗੋਵਾਲ ਪੀ. ਏ. ਆਦਿ ਮੌਜੂਦ ਸਨ।



17 ਮਾਰਚ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 215 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕਰ ਕੇ ਖ਼ਾਲਸਾ ਪੰਥ ਵਿਚ ਪ੍ਰਵੇਸ਼ ਕੀਤਾ।

## ਮਾਝਾ ਜ਼ੋਨ 'ਚ ਮਾਰਚ ਮਹੀਨੇ 2918 ਪ੍ਰਾਣੀਆਂ ਨੇ ਕੀਤਾ ਅੰਮ੍ਰਿਤਪਾਨ

ਅੰਮ੍ਰਿਤਸਰ- ਧਰਮ ਪ੍ਰਚਾਰ ਕਮੇਟੀ ਵੱਲੋਂ ਆਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਮਾਝਾ ਜੋਨ ਵਿਚ ਵੱਖ-ਵੱਖ ਥਾਵਾਂ 'ਤੇ ਮਾਰਚ ਮਹੀਨੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮਾਂ ਵਿਚ 2918 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ। ਧਰਮ ਪ੍ਰਚਾਰ ਕਮੇਟੀ ਦੇ ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ ਵੱਲੋਂ ਪੁੱਜੀ ਜਾਣਕਾਰੀ ਅਨੁਸਾਰ ਮਾਰਚ ਮਹੀਨੇ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹੋਏ ਅੰਮ੍ਰਿਤ ਸੰਚਾਰ ਸਮਾਗਮਾਂ ਵਿਚ 1645 ਪ੍ਰਾਣੀਆਂ ਨੇ ਅੰਮ੍ਰਿਤਪਾਨ ਕੀਤਾ। ਮਾਝਾ ਜੋਨ ਅੰਦਰ ਵੱਖ-ਵੱਖ ਸਥਾਨਾਂ 'ਤੇ ਧਰਮ ਪ੍ਰਚਾਰ ਕਮੇਟੀ ਵੱਲੋਂ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮਾਂ ਵਿਚ 1273 ਪ੍ਰਾਣੀ ਗੁਰੂ ਵਾਲੇ ਬਣੇ। ਅੰਮ੍ਰਿਤ ਅਭਿਲਾਖੀਆਂ ਨੂੰ ਕਕਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਟਾ ਰਹਿਤ ਦਿੱਤੇ ਗਏ। ਮਾਝਾ ਜੋਨ ਵਿਚ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮਾਂ ਦੀ ਸਫਲਤਾ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਸਾਹਿਬਾਨਾਂ ਵੱਲੋਂ ਸਮਾਗਮਾਂ ਦਾ ਆਯੋਜਨ ਕਰਨ ਹਿਤ ਵਿਸ਼ੇਸ਼ ਯਤਨ ਕੀਤੇ ਗਏ। ਇਹ ਸਮਾਗਮ ਗੁਰਦੁਆਰਾ ਗੁਰੂਸਰ ਬਜੀਦਪੁਰ ਪਾ: ਦਸਵੀਂ ਜਾਮਨੀ ਸਾਹਿਬ, ਸ੍ਰੀ ਦਰਬਾਰ ਸਾਹਿਬ ਤਰਨ ਤਾਰਨ, ਗੁ: ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਕਪੂਰਥਲਾ, ਗੁ: ਬੀੜ ਬਾਬਾ ਬੁੱਢਾ ਸਾਹਿਬ ਠੱਠਾ ਤਰਨ ਤਾਰਨ, ਗੁ: ਸਾਹਿਬ ਪਾ: ਨੌਵੀਂ ਬਾਬਾ ਬਕਾਲਾ ਸਾਹਿਬ, ਗੁ: ਸ੍ਰੀ ਬਾਉਲੀ ਸਾਹਿਬ ਗੋਇੰਦਵਾਲ, ਪਿੰਡ ਗਿੱਲਵਾਲੀ, ਭੁੰਬਲੀ, ਚੈਨੇਵਾਲ, ਸ੍ਰੀ ਗੁਰੂ ਸਿੰਘ ਸਭਾ ਕਾਦੀਆਂ, ਗੁ: ਬਾਬਾ ਅਗੰਮਦਾਸ ਜੀ ਪਿੰਡ ਘਾਣੀਕੇ ਬਾਂਗਰ, ਗੁ: ਸਾਹਿਬ ਸਾਧ ਸੰਗਤ ਪਿੰਡ ਫਤਿਹਗੜ੍ਹ ਚੂੜੀਆਂ (ਗੁਰਦਾਸਪੁਰ), ਪਿੰਡ ਸੋਹੀਆਂ ਕਲਾਂ (ਅੰਮ੍ਰਿਤਸਰ) ਪਿੰਡ ਫੁੱਤੂਵਾਲਾ, ਗੁ: ਸਿੰਘ ਸਭਾ ਪਿੰਡ ਧਾਰੜ, ਪਿੰਡ ਰਾਣੀਪੁਰ ਛੋਟਾ (ਪਠਾਨਕੋਟ), ਪਿੰਡ ਦੀਨੇਵਾਲ, ਗੁ: ਬਾਬਾ ਦੀਪ ਸਿੰਘ ਪਿੰਡ ਬਹਿੜਵਾਲ, ਗੁ: ਸਾਹਿਬ ਪਾ: ਛੇਵੀਂ ਪਿੰਡ ਮਨਿਆਲਾ ਜੈ ਸਿੰਘ (ਤਰਨ ਤਾਰਨ), ਗੁ: ਸਾਹਿਬ ਪਾ:ਛੇਵੀਂ ਬਸਤੀ ਸ਼ੇਖ, ਗੁ: ਸੰਗਤਪੂਰਾ ਮਾਣੇਕੇ ਜੈਬੜ (ਜਲੰਧਰ), ਪਿੰਡ ਇਬਰਾਹਿਮ ਵਾਲ (ਕਪੂਰਥਲਾ), ਗੁ: ਸਾਹਿਬ ਪਾ: ਪਹਿਲੀ ਪਿੰਡ ਤੰਬੂਵਾਲਾ (ਫਾਜ਼ਿਲਕਾ) ਆਦਿ ਵਿਖੇ ਕਰਵਾਏ ਗਏ, ਜਿੱਥੋਂ ਦੀਆਂ ਸੰਗਤਾਂ ਨੇ ਇਨ੍ਹਾਂ ਸਮਾਗਮਾਂ ਤੋਂ ਵੱਡਮੁੱਲੇ ਲਾਭ ਪ੍ਰਾਪਤ ਕੀਤੇ।

## ਬਾਬਾ ਬੰਦਾ ਸਿੰਘ ਬਹਾਦਰ ਕਾਲਜ 'ਚ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸੈਮੀਨਾਰ ਕਰਵਾਇਆ





ਫਤਹਿਗੜ੍ਹ ਸਾਹਿਬ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲਦੇ ਬਾਬਾ ਬੰਦਾ ਸਿੰਘ ਬਹਾਦਰ ਇੰਜੀਨੀਅਰਿੰਗ ਕਾਲਜ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਇਕ ਵਿਸ਼ੇਸ਼ ਸੈਮੀਨਾਰ ਕਰਵਾਇਆ ਗਿਆ। ਇਸ ਸੈਮੀਨਾਰ ਦਾ ਮਨੋਰਥ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਤੋਂ ਜਾਣੂੰ ਕਰਵਾਉਣਾ ਸੀ। ਵਿਦਿਆਰਥੀਆਂ ਵੱਲੋਂ ਨਾਟਕਾਂ ਦੇ ਰੂਪ ਵਿਚ ਚਾਰ ਉਦਾਸੀਆਂ ਦੇ ਵੱਖ-ਵੱਖ ਸਮੇਂ ਅਨੁਸਾਰ ਚਰਚਾ, ਡਰਾਮਾ, ਲੈਕਚਰ, ਕਵੀਸ਼ਰੀ ਆਦਿ ਪੇਸ਼ ਕੀਤੇ ਗਏ ਸਨ। ਖ਼ਾਸ ਤੌਰ 'ਤੇ ਗੁਰੂ ਨਾਨਕ ਸਾਹਿਬ ਦੀਆਂ ਸਿੱਖਿਆਵਾਂ ਉਪਰ ਕੇਂਦਰਿਤ ਕੀਤਾ ਗਿਆ। ਵਿਦਿਆਰਥੀਆਂ ਵੱਲੋਂ ਸਮਾਜਕ ਹਾਲਾਤਾਂ, ਇਸਤਰੀਆਂ ਦੀ ਦਸ਼ਾ ਨੂੰ ਰੂਪਮਾਨ ਕਰਦੇ ਭਾਵਪੂਰਤ ਪੇਸ਼ਕਾਰੀਆਂ ਕੀਤੀਆਂ ਗਈਆਂ ਜਿਨ੍ਹਾਂ ਰਾਹੀਂ ਸਮਾਜਕ ਅਨਿਆਂ ਵਿਰੁੱਧ ਗੁਰੂ ਸਾਹਿਬ ਵੱਲੋਂ ਦਰਸਾਏ ਗਏ ਮਾਰਗ ਦੀ ਵੱਡੀ ਲੋੜ ਨੂੰ ਬਾਖ਼ੂਬੀ ਦਰਸਾਇਆ ਗਿਆ। ਇਸ ਸਮੇਂ ਵਿਸ਼ੇਸ਼ ਤੌਰ 'ਤੇ ਪਹੁੰਚੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸੰਬੋਧਨ ਕਰਦਿਆਂ ਕਿਹਾ ਕਿ ਅੱਜ ਸਮਾਜ ਵਿਚ ਫੈਲੀਆਂ ਕੁਰੀਤੀਆਂ ਨੂੰ ਦੂਰ ਕਰਨ ਲਈ ਗੁਰੂ ਨਾਨਕ ਸਾਹਿਬ ਦੀਆਂ ਸਿੱਖਿਆਵਾਂ ਉਪਰ ਚੱਲਣ ਦੀ ਲੋੜ ਹੈ ਕਿਉਂਕਿ ਜੋ ਹਾਲਾਤ ਅੱਜ ਬਣ ਚੁੱਕੇ ਹਨ ਇਹ ਸਮਾਜ ਲਈ ਅਤਿ ਘਾਤਕ ਹਨ। ਉਨ੍ਹਾਂ ਵਿਦਿਆਰਥੀਆਂ ਦੀਆਂ ਪੇਸ਼ਕਾਰੀਆਂ ਦੀ ਸਾਰਾਹਣਾਂ ਵੀ ਕੀਤੀ।

ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਸ. ਕਰਨੈਲ ਸਿੰਘ ਪੰਜੋਲੀ, ਸ. ਅਵਤਾਰ ਸਿੰਘ ਰਿਆ, ਸ. ਰਵਿੰਦਰ ਸਿੰਘ ਖਾਲਸਾ, ਡਾ. ਜਤਿੰਦਰ ਸਿੰਘ ਸਿੱਧੂ ਡਾਇਰੈਕਰਟਰ, ਡਾ. ਬਲਜੀਤ ਸਿੰਘ, ਡਾ. ਜਸਵੀਰ ਸਿੰਘ, ਡਾ. ਹਰਬਖਸ਼ ਸਿੰਘ ਭੱਟੀ, ਡਾ. ਜਸਪ੍ਰੀਤ ਸਿੰਘ ਓਬਰਾਏ, ਡਾ. ਅੰਮ੍ਰਿਤਬੀਰ ਸਿੰਘ, ਡਾ. ਅਮਨਪ੍ਰੀਤ ਸਿੰਘ ਸੇਠੀ, ਡਾ. ਨਰਿੰਦਰਪਾਲ ਸਿੰਘ, ਡਾ. ਰਮਿੰਦਰ ਸਿੰਘ ਉਪਲ ਸਮੇਤ ਸਟਾਫ ਮੈਂਬਰ ਅਤੇ ਵੱਖ-ਵੱਖ ਕਾਲਜਾਂ ਦੇ ਵਿਦਿਆਰਥੀ ਅਤੇ ਅਧਿਆਪਕ ਹਾਜ਼ਰ ਸਨ। ਕਾਲਜ ਦੇ ਪ੍ਰਿੰਸੀਪਲ ਮੇਜਰ ਜਨਰਲ ਡਾ. ਜੀ.ਐਸ. ਲਾਂਬਾ ਨੇ ਪਹੁੰਚੀਆਂ ਸ਼ਖਸੀਅਤਾਂ ਦਾ ਧੰਨਵਾਦ ਕੀਤਾ।

## 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਕਮੇਟੀ ਵੱਲੋਂ ਸਟੇਟ ਗੁਰਦੁਆਰਾ ਸਾਹਿਬ ਕਪੂਰਥਲਾ ਵਿਖੇ ਗੁਰਮਤਿ ਸਮਾਗਮ



ਕਪੂਰਥਲਾ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਟੇਟ ਗੁਰਦੁਆਰਾ ਸਾਹਿਬ ਕਪੂਰਥਲਾ ਵਿਖੇ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਵਿਚ ਇਲਾਕੇ ਦੀ ਵੱਡੀ ਗਿਣਤੀ ਸੰਗਤ ਨੇ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ। ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਗੁਰਕੀਰਤ ਸਿੰਘ, ਭਾਈ ਜੁਝਾਰ ਸਿੰਘ ਅਤੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਗੁਰਦਿੱਤ ਸਿੰਘ ਦੇ ਜਥਿਆਂ ਨੇ ਗੁਰਬਾਣੀ ਕੀਰਤਨ ਕੀਤਾ। ਸਮਾਗਮ ਦੌਰਾਨ ਪੰਥ ਪ੍ਰਸਿੱਧ ਕਥਾਵਾਚਕ ਭਾਈ ਬਲਦੇਵ ਸਿੰਘ ਪਾਉਂਟਾ ਸਾਹਿਬ, ਢਾਡੀ ਜਥਾ ਭਾਈ ਜਗਦੀਸ਼ ਸਿੰਘ ਵਡਾਲਾ ਤੇ ਭਾਈ ਸੁਰਜੀਤ ਸਿੰਘ ਸਭਰਾ ਹੈੱਡ ਗ੍ਰੰਥੀ ਗੁਰਦੁਆਰਾ ਸ੍ਰੀ ਬੇਰ ਸਾਹਿਬ ਨੇ ਪਹਿਲੇ ਪਾਤਸ਼ਾਹ ਜੀ ਦੇ ਜੀਵਨ ਇਤਿਹਾਸ ਸਬੰਧੀ ਸੰਗਤ ਨਾਲ ਵਿਚਾਰ ਸਾਂਝੇ ਕਰਦਿਆਂ ਗੁਰੂ ਸਾਹਿਬ ਜੀ ਦੀ ਵਿਚਾਰਧਾਰਾ ਨਾਲ ਜੁੜਨ ਦੀ ਪ੍ਰੇਰਣਾ ਕੀਤੀ। ਇਸ ਮੌਕੇ ਸ਼੍ਰੋਮਣੀ ਕਮੇਟੀ ਦੀ ਸਾਬਕਾ ਪ੍ਰਧਾਨ ਬੀਬੀ ਜਗੀਰ ਕੌਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵੱਖ-ਵੱਖ ਥਾਵਾਂ 'ਤੇ ਕਰਵਾਏ ਜਾ ਰਹੇ ਗੁਰਮਤਿ ਸਮਾਗਮ ਸ਼ਲਾਘਾਯੋਗ ਕਾਰਜ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦਾ 550 ਸਾਲਾ ਪ੍ਰਕਾਸ਼ ਪੁਰਬ ਸਿੱਖ ਜਗਤ ਲਈ ਇਕ ਇਤਿਹਾਸਕ ਮੌਕਾ ਹੈ, ਜਿਸ ਨੂੰ ਸਮਰਪਿਤ ਹੋ ਕੇ ਪ੍ਰਚਾਰ ਤੇ ਪ੍ਰਸਾਰ ਲਈ ਸਮੂਹਕ ਯਤਨ ਕਰਨੇ ਚਾਹੀਦੇ ਹਨ। ਇਸ ਮੌਕੇ ਜਥੇਦਾਰ ਜਰਨੈਲ ਸਿੰਘ ਡੋਗਰਾਂਵਾਲਾ, ਬੀਬੀ ਗੁਰਪ੍ਰੀਤ ਕੌਰ ਰੂਹੀ, ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਮਹਿੰਦਰ ਸਿੰਘ ਆਹਲੀ, ਮੀਤ ਸਕੱਤਰ ਸ. ਤੇਜਿੰਦਰ ਸਿੰਘ ਪੱਡਾ, ਮੈਨੇਜਰ ਸ. ਜਰਨੈਲ ਸਿੰਘ, ਸ. ਪ੍ਰੇਮਜੀਤ ਸਿੰਘ ਢੱਡੇ ਪ੍ਰਚਾਰਕ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਮੌਜੂਦ ਸਨ।

## ਜ਼ੀਰਕਪੁਰ ਵਿਖੇ ਕਰਵਾਇਆ ਗਿਆ ਸਲਾਨਾ ਗੁਰਮਤਿ ਸਮਾਗਮ




ਜੀਰਕਪੁਰ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਮਤਿ ਪ੍ਰਚਾਰ ਸੇਵਾ ਸੁਸਾਇਟੀ ਪਿੰਡ ਭਬਾਤ-ਜੀਰਕਪੁਰ, ਚੰਡੀਗੜ੍ਹ ਵੱਲੋਂ ਧਰਮ ਪ੍ਰਚਾਰ ਕਮੇਟੀ ਦੇ ਸਹਿਯੋਗ ਨਾਲ 7 ਰੋਜ਼ਾ ਸਾਲਾਨਾ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਸਮੇਂ ਸਜਾਏ ਗਏ ਧਾਰਮਿਕ ਦੀਵਾਨਾਂ ਵਿਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਜਗਤਾਰ ਸਿੰਘ, ਐਡੀਸ਼ਨਲ ਗ੍ਰੰਥੀ ਗਿਆਨੀ ਜਗਤਾਰ ਸਿੰਘ, ਗ੍ਰੰਥੀ ਗਿਆਨੀ ਮਾਨ ਸਿੰਘ, ਗਿਆਨੀ ਗੁਰਮਿੰਦਰ ਸਿੰਘ ਤੇ ਗਿਆਨੀ ਬਲਵਿੰਦਰ ਸਿੰਘ, ਪ੍ਰਸਿੱਧ ਕਥਾਵਾਚਕ ਗਿਆਨੀ ਗੁਰਬਖ਼ਸ਼ ਸਿੰਘ ਗੁਲਸ਼ਨ (ਯੂ.ਕੇ.), ਗਿਆਨੀ ਸਾਹਿਬ ਸਿੰਘ ਜੀ ਮਾਰਕੰਡੇ ਵਾਲੇ, ਗਿਆਨੀ ਹਰਪਾਲ ਸਿੰਘ ਹੈਡ ਗ੍ਰੰਥੀ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ, ਗਿਆਨੀ ਪ੍ਰਿਤਪਾਲ ਸਿੰਘ ਹੈਡ ਗ੍ਰੰਥੀ ਗੁਰਦੁਆਰਾ ਸ੍ਰੀ ਦੂਖ ਨਿਵਾਰਨ ਸਾਹਿਬ ਪਟਿਆਲਾ ਨੇ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਉਂਦਿਆਂ ਗੁਰਮਤਿ ਅਨੁਸਾਰੀ ਜੀਵਨ ਜੀਣ ਦੀ ਪ੍ਰੇਰਨਾ ਕੀਤੀ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਜਬਰਤੋੜ ਸਿੰਘ, ਭਾਈ ਗੁਰਦੇਵ ਸਿੰਘ, ਭਾਈ ਕਮਲਜੀਤ ਸਿੰਘ ਤੇ ਭਾਈ ਅਮਨਦੀਪ ਸਿੰਘ ਨੇ ਸੰਗਤਾਂ ਨੂੰ ਗੁਰਬਾਣੀ ਦੇ ਮਨੋਹਰ ਕੀਰਤਨ ਦੁਆਰਾ ਨਿਹਾਲ ਕੀਤਾ।

ਸਮਾਗਮ ਦੇ ਦੌਰਾਨ ਪਿਛਲੇ ਲੰਮੇ ਸਮੇਂ ਤੋਂ ਧਾਰਮਿਕ ਤੇ ਸਮਾਜਕ ਖੇਤਰ ਵਿਚ ਨਿਭਾਈਆਂ ਜਾ ਰਹੀਆਂ ਸੇਵਾਵਾਂ ਲਈ ਸਮਾਜ ਸੇਵੀ ਸ਼ਖ਼ਸੀਅਤਾਂ ਨੂੰ ਸਨਮਾਨਿਤ ਵੀ ਕੀਤਾ ਗਿਆ।

ਇਸ ਮੌਕੇ ਹਲਕਾ ਵਿਧਾਇਕ ਸ੍ਰੀ ਐਨ.ਕੇ. ਸ਼ਰਮਾ, ਸ਼੍ਰੋਮਣੀ ਕਮੇਟੀ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਸ. ਹਰਦੇਵ ਸਿੰਘ ਸੂਚਨਾ ਅਧਿਕਾਰੀ ਤਖਤ ਸ੍ਰੀ ਕੇਸਗੜ੍ਹ ਸਾਹਿਬ, ਸ. ਭਾਗ ਸਿੰਘ ਮੈਨੇਜਰ, ਸ. ਨਛੱਤਰ ਸਿੰਘ ਅਤੇ ਇਲਾਕੇ ਦੇ ਹੋਰ ਪਤਵੰਤੇ ਸੱਜਣ, ਗੁਰਮਤਿ ਪ੍ਰਚਾਰ ਸੇਵਾ ਸੁਸਾਇਟੀ ਦੇ ਸਮੂਹ ਮੈਂਬਰ, ਸ਼ਹੀਦ ਊਧਮ ਸਿੰਘ ਕਲੱਬ ਭਬਾਤ, ਜਨਰਲ ਦੌਲਤ ਸਿੰਘ ਵਾਲਾ ਅਤੇ ਇਲਾਕੇ ਭਰ ਦੀਆਂ ਸੰਗਤਾਂ ਹਾਜ਼ਰ ਸਨ।

# ਗੁਰਦੁਆਰਾ ਬਾਬਾ ਅਜਾਪਾਲ ਸਿੰਘ ਜੀ (ਘੋੜ੍ਹਿਆਂ ਵਾਲਾ) ਵਿਖੇ ਦੋ ਰੋਜ਼ਾ ਗੁਰਮਤਿ ਸਮਾਗਮ ਕਰਵਾਇਆ

ਨਾਭਾ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਦੁਆਰਾ ਬਾਬਾ ਅਜਾਪਾਲ ਸਿੰਘ ਜੀ ਨਾਭਾ ਜ਼ਿਲ੍ਹਾ ਪਟਿਆਲਾ ਵਿਖੇ ਦੋ ਰੋਜ਼ਾ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਗੁਰਮਤਿ ਸਮਾਗਮ ਸਮੇਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਸਤਿੰਦਰਬੀਰ ਸਿੰਘ ਦੇ ਜੱਥੇ ਨੇ ਗੁਰਬਾਣੀ ਦੇ ਮਨੋਹਰ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ।

ਸਮਾਗਮ ਦੇ ਦੋਵੇਂ ਦਿਨ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਕਰਦਿਆਂ ਪੰਥ ਪ੍ਰਸਿੱਧ ਕਥਾਵਾਚਕ ਭਾਈ ਸਾਹਿਬ ਭਾਈ ਪਿੰਦਰਪਾਲ ਸਿੰਘ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਫਲਸਫੇ ਬਾਰੇ ਵਿਸਥਾਰਪੂਰਵਕ ਵਿਖਿਆਨ ਕੀਤਾ। ਭਾਈ ਸਾਹਿਬ ਨੇ ਸੰਗਤਾਂ ਨੂੰ ਪਹਿਲੇ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਦੇ ਵੱਖ-ਵੱਖ ਸਮਿਆਂ ਦੇ ਬਿਰਤਾਂਤ ਅਤੇ ਗੁਰੂ ਸਾਹਿਬ ਵੱਲੋਂ ਰਚੀ ਗਈ ਪਾਵਨ ਗੁਰਬਾਣੀ ਬਾਰੇ ਸੰਗਤਾਂ ਨੂੰ ਜਾਣਕਾਰੀ ਦਿੰਦਿਆਂ ਗੁਰੂ ਵਾਲੇ ਬਣਨ ਦੀ ਅਤੇ ਗੁਰਬਾਣੀ ਪੜ੍ਹਨ ਦੀ ਪ੍ਰੇਰਨਾ ਕੀਤੀ।

ਇਸ ਸਮਾਗਮ ਵਿਚ ਬਾਬਾ ਅਜਾਪਾਲ ਸਿੰਘ ਜੀ ਸੇਵਾ ਸੁਸਾਇਟੀ, ਸ਼ਬਦ ਚੌਂਕੀ ਜੱਥਾ, ਗੁਰੂ ਰਾਮਦਾਸ ਸੇਵਾ ਸੁਸਾਇਟੀ ਨੇ ਵਿਸ਼ੇਸ਼ ਯੋਗਦਾਨ ਪਾਇਆ। ਇਸ ਸਮਾਗਮ ਨੂੰ ਕਰਵਾਉਣ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਸ. ਸਤਵਿੰਦਰ ਸਿੰਘ ਟੌਹੜਾ ਤੇ ਬੀਬੀ ਹਰਦੀਪ ਕੋਰ ਵੱਲੋਂ ਵਿਸ਼ੇਸ਼ ਯੋਗਦਾਨ ਪਾਇਆ ਗਿਆ।

ਜ਼ਿਕਰਯੋਗ ਹੈ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਹ ਵਰ੍ਹਾ ਗੁਰੂ ਨਾਨਕ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕੀਤਾ ਗਿਆ ਹੈ, ਜਿਸ ਤਹਿਤ ਧਰਮ ਪ੍ਰਚਾਰ ਕਮੇਟੀ ਵੱਲੋਂ ਪੰਜਾਬ ਅੰਦਰ ਅਤੇ ਪੰਜਾਬ ਤੋਂ ਬਾਹਰਲੇ ਗੁਰਦੁਆਰਾ ਸਾਹਿਬਾਨ ਵਿਖੇ ਵਿਸ਼ੇਸ਼ ਗੁਰਮਤਿ ਸਮਾਗਮ ਅਤੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਏ ਜਾ ਰਹੇ ਹਨ। ਗੁਰੂ ਸਾਹਿਬ ਦੀ ਮਨੁੱਖਤਾਵਾਦੀ ਵਿਚਾਰਧਾਰਾ ਨੂੰ ਘਰ-ਘਰ ਪਹੁੰਚਾਉਣ ਦੀ ਮਨਸ਼ਾ ਤਹਿਤ ਪਿੰਡ-ਪਿੰਡ ਤਕ ਪਹੁੰਚ ਕੀਤੀ ਜਾ ਰਹੀ ਹੈ। ਕਰਵਾਏ ਜਾ ਰਹੇ ਇਨ੍ਹਾਂ ਸਮਾਗਮਾਂ ਵਿਚ ਸੰਗਤਾਂ ਵੱਲੋਂ ਵੀ ਭਾਰੀ ਉਤਸ਼ਾਹ ਸਹਿਤ ਇਨ੍ਹਾਂ ਧਾਰਮਿਕ ਸਮਾਗਮਾਂ ਪ੍ਰਤੀ ਵਿਸ਼ੇਸ਼ ਰੁਚੀ ਦਿਖਉਂਦਿਆਂ ਪਰਿਵਾਰਾਂ ਸਮੇਤ ਹਾਜ਼ਰੀਆਂ ਭਰੀਆਂ ਜਾ ਰਹੀਆਂ ਹਨ।

ਇਸ ਮੌਕੇ ਗਿਆਨੀ ਰਜਿੰਦਰਪਾਲ ਸਿੰਘ ਕਥਾਵਾਚਕ, ਸ. ਨਰਿੰਦਰਜੀਤ ਸਿੰਘ ਭਵਾਨੀਗੜ੍ਹ ਮੈਨੇਜਰ, ਮਾਸਟਰ ਅਜਮੇਰ ਸਿੰਘ, ਸ. ਗੁਰਦੀਪ ਸਿੰਘ ਖਾਲਸਾ, ਸ. ਗੁਰਮੁਖ ਸਿੰਘ ਭੋਜੋਮਾਜਰੀ, ਸ. ਜਗਨਾਰ ਸਿੰਘ, ਸ. ਕਰਮਜੀਤ ਸਿੰਘ ਮਹਿਰਮ, ਸ. ਵਰਿੰਦਰਜੀਤ ਸਿੰਘ ਸੋਢੀ, ਸ. ਹਰਪ੍ਰੀਤ ਸਿੰਘ, ਸ. ਜਸਪਾਲ ਸਿੰਘ, ਸ. ਗਮਦੂਰ ਸਿੰਘ, ਸ. ਗੁਰਬਚਨ ਸਿੰਘ ਸਮੇਤ ਇਲਾਕਾ ਭਰ ਦੀਆਂ ਵੱਡੀ ਗਿਣਤੀ ਵਿਚ ਸੰਗਤਾਂ ਨੇ ਧਾਰਮਿਕ ਦੀਵਾਨਾਂ ਵਿਚ ਹਾਜ਼ਰੀਆਂ ਭਰ ਕੇ ਗੁਰੂ ਸਾਹਿਬ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ।





# 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਦੁਆਰਾ ਨਾਨਕ ਝੀਰਾ ਸਾਹਿਬ ਬਿਦਰ ਵਿਖੇ ਵਿਸ਼ਾਲ ਗੁਰਮਤਿ ਸਮਾਗਮ

## ਸਮਾਜ ਨੂੰ ਸੁਖਾਵਾਂ ਬਣਾਉਣ ਲਈ ਅਹਿਮ ਹੈ ਗੁਰਮਤਿ ਵਿਚਾਰਧਾਰਾ -ਜਥੇ. ਗਿਆਨੀ ਹਰਪ੍ਰੀਤ ਸਿੰਘ




ਅੰਮ੍ਰਿਤਸਰ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਗੁਰਦੁਆਰਾ ਨਾਨਕ ਝੀਰਾ ਸਾਹਿਬ ਬਿਦਰ (ਕਰਨਾਟਕ) ਵਿਖੇ ਵਿਸ਼ਾਲ ਗੁਰਮਤਿ ਸਮਾਗਮ ਕਰਵਾਇਆ ਗਿਆ, ਜਿਸ ਵਿਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਮੂਲੀਅਤ ਕੀਤੀ। ਵੱਖ-ਵੱਖ ਸੂਬਿਆਂ ਅੰਦਰ ਸ਼੍ਰੋਮਣੀ ਕਮੇਟੀ ਵੱਲੋਂ ਉਲੀਕੇ ਗਏ ਗੁਰਮਤਿ ਸਮਾਗਮਾਂ ਦੀ ਲੜੀ ਤਹਿਤ ਕਰਵਾਏ ਗਏ ਇਸ ਗੁਰਮਤਿ ਸਮਾਗਮ ਬਾਰੇ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਸ. ਪਰਮਜੀਤ ਸਿੰਘ ਸਰੋਆ ਨੇ ਦੱਸਿਆ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ 'ਤੇ ਕਰਵਾਏ ਗਏ ਇਸ ਗੁਰਮਤਿ ਸਮਾਗਮ ਦੌਰਾਨ ਕਰਨਾਟਕਾ, ਆਂਧਰਾ ਪ੍ਰਦੇਸ਼, ਤੇਲੰਗਾਨਾ, ਮੱਧ ਪ੍ਰਦੇਸ਼ ਤੇ ਮਹਾਰਾਸ਼ਟਰ ਆਦਿ ਦੀ ਸੰਗਤ ਨੇ ਭਰਵੀਂ ਹਾਜ਼ਰੀ ਭਰੀ। ਸਮਾਗਮ ਸਮੇਂ ਸੰਗਤ ਨੂੰ ਸੰਬੋਧਨ ਕਰਦਿਆਂ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਜਗਤ ਨੂੰ ਅਮੋਲਕ ਫਲਸਫ਼ਾ ਬਖ਼ਸ਼ਿਆ ਹੈ, ਜਿਸ ਨੂੰ ਅਪਣਾ ਕੇ ਅਸੀਂ ਹਰ ਤਰ੍ਹਾਂ ਦੀਆਂ ਸਮੱਸਿਆਵਾਂ ਤੋਂ ਛੁਟਕਾਰਾ ਪਾ ਸਕਦੇ ਹਾਂ। ਉਨ੍ਹਾਂ ਆਖਿਆ ਕਿ ਗੁਰਮਤਿ ਵਿਚਾਰਧਾਰਾ ਸਮਾਜ ਨੂੰ ਸੁਖਾਵਾਂ ਬਣਾਉਣ ਲਈ ਅਹਿਮ ਖ਼ਜ਼ਾਨਾ ਹੈ ਜੋ ਸਮੁੱਚੇ ਵਿਸ਼ਵ ਨੂੰ ਆਪਣੇ ਕਲਾਵੇ ਵਿਚ ਲੈਂਦੀ ਹੈ ਅਤੇ ਮਾਨਵੀ ਸਰੋਕਾਰਾਂ ਨਾਲ ਜੁੜੇ ਹਰ ਤਰ੍ਹਾਂ ਦੇ ਮਸਲਿਆਂ ਦਾ ਹੱਲ ਦਰਸਾਉਂਦੀ ਹੈ। ਉਨ੍ਹਾਂ ਸ਼੍ਰੋਮਣੀ ਕਮੇਟੀ ਵੱਲੋਂ 550ਵੇਂ ਪ੍ਰਕਾਸ਼ ਪੁਰਬ ਸਬੰਧੀ ਵੱਖ-ਵੱਖ ਸੂਬਿਆਂ ਅੰਦਰ ਰੱਖੇ ਗਏ ਗੁਰਮਤਿ ਸਮਾਗਮਾਂ ਲਈ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਸੰਗਤ ਨੂੰ ਸਾਰੇ ਸਮਾਗਮਾਂ ਵਿਚ ਵੱਧ ਚੜ੍ਹ ਕੇ ਹਿੱਸਾ ਲੈਣ ਦੀ ਅਪੀਲ ਵੀ ਕੀਤੀ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਮਗਰੋਂ ਸਾਰਾ ਦਿਨ ਚੱਲੇ ਇਸ ਸਮਾਗਮ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਰਾਏ ਸਿੰਘ, ਭਾਈ ਜਰਨੈਲ ਸਿੰਘ, ਭਾਈ ਸੁਖਬੀਰ ਸਿੰਘ, ਭਾਈ ਸਤਿੰਦਰਬੀਰ ਸਿੰਘ, ਭਾਈ ਕਰਨੈਲ ਸਿੰਘ ਦੇ ਜਥਿਆਂ ਨੇ ਸੰਗਤ ਨੂੰ ਗੁਰਬਾਣੀ ਕੀਰਤਨ ਨਾਲ ਜੋੜਿਆ ਅਤੇ ਪੰਥ ਪ੍ਰਸਿੱਧ ਕਥਾਵਾਚਕ ਗਿਆਨੀ ਹਰਿੰਦਰ ਸਿੰਘ ਅਲਵਰ, ਭਾਈ ਬਲਦੇਵ ਸਿੰਘ ਪਾਉਂਟਾ ਸਾਹਿਬ ਤੇ ਹੋਰ ਪ੍ਰਚਾਰਕਾਂ ਨੇ ਗੁਰਮਤਿ ਵਿਚਾਰਾਂ ਸਾਂਝੀਆਂ ਕੀਤੀਆਂ। ਸਮਾਗਮ ਸਮੇਂ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਨਮਾਨਿਤ ਵੀ ਕੀਤਾ ਗਿਆ। ਸਟੇਜ ਦੀ ਸੇਵਾ ਗਿਆਨੀ ਭਗਵਾਨ ਸਿੰਘ ਜੌਹਲ ਨੇ ਨਿਭਾਈ।

ਇਸ ਮੌਕੇ ਬਾਬਾ ਨਰਿੰਦਰ ਸਿੰਘ ਹਜ਼ੂਰ ਸਾਹਿਬ ਵਾਲੇ, ਤਖ਼ਤ ਸ੍ਰੀ ਹਜ਼ੂਰ ਸਾਹਿਬ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਭੁਪਿੰਦਰ ਸਿੰਘ ਮਿਨਹਾਸ, ਗੁਰਦੁਆਰਾ ਨਾਨਕ ਝੀਰਾ ਸਾਹਿਬ ਬਿਦਰ ਦੇ ਪ੍ਰਧਾਨ ਸ. ਬਲਬੀਰ ਸਿੰਘ, ਦਿੱਲੀ ਕਮੇਟੀ ਦੇ ਪ੍ਰਧਾਨ ਸ. ਮਨਜਿੰਦਰ ਸਿੰਘ ਸਿਰਸਾ, ਤਖ਼ਤ ਸ੍ਰੀ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਅਵਤਾਰ ਸਿੰਘ ਹਿੱਤ, ਸ਼੍ਰੋਮਣੀ ਕਮੇਟੀ ਮੈਂਬਰ ਸ. ਗੁਰਿੰਦਰ ਸਿੰਘ ਬਾਵਾ ਮੁੰਬਈ, ਸ. ਕੁਲਵੰਤ ਸਿੰਘ ਮੰਨਣ, ਸ. ਸਰਵਣ ਸਿੰਘ ਕੁਲਾਰ, ਐਡਵੋਕੇਟ ਸ. ਭਗਵੰਤ ਸਿੰਘ ਸਿਆਲਕਾ, ਸ. ਮਨਜੀਤ ਸਿੰਘ ਬੱਪੀਆਣਾ, ਸ. ਰਾਮਪਾਲ ਸਿੰਘ ਬਹਿਣੀਵਾਲ, ਵਧੀਕ ਸਕੱਤਰ ਸ. ਪਰਮਜੀਤ ਸਿੰਘ ਸਰੋਆ, ਮੀਤ ਸਕੱਤਰ ਸ. ਸਕੱਤਰ ਸਿੰਘ ਤੇ ਸ. ਨਿਸ਼ਾਨ ਸਿੰਘ, ਸ. ਸਤਬੀਰ ਸਿੰਘ, ਸ. ਲਹੌਰ ਸਿੰਘ ਬਿਦਰ, ਸ. ਮੇਜਰ ਸਿੰਘ, ਕਵੀਸ਼ਰ ਭਾਈ ਰਣਜੀਤ ਸਿੰਘ ਪੰਨਵਾਂ, ਭਾਈ ਹਰਪ੍ਰੀਤ ਸਿੰਘ, ਭਾਈ ਦਲੀਪ ਸਿੰਘ, ਭਾਈ ਸੰਤੋਖ ਸਿੰਘ ਕਾਬਲ ਵਾਲੇ, ਭਾਈ ਖ਼ਜ਼ਾਨ ਸਿੰਘ, ਭਾਈ ਜਗਦੇਵ ਸਿੰਘ, ਭਾਈ ਸੁਖਵੰਤ ਸਿੰਘ, ਭਾਈ ਸੁਖਵਿੰਦਰ ਸਿੰਘ ਰਟੌਲ, ਭਾਈ ਪ੍ਰਮਿੰਦਰ ਸਿੰਘ ਸਮੇਤ ਵੱਡੀ ਗਿਣਤੀ 'ਚ ਸੰਗਤਾਂ ਨੇ ਹਾਜ਼ਰੀ ਭਰੀ।

# 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਦੁਆਰਾ ਨਾਨਕ ਪਿਆਓ ਸਾਹਿਬ (ਯੂ.ਪੀ.) ਵਿਖੇ ਗੁਰਮਤਿ ਸਮਾਗਮ ਦੌਰਾਨ ਸੰਗਤ ਨੇ ਕੀਤੀ ਭਰਵੀਂ ਸ਼ਿਰਕਤ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਸਬੰਧੀ ਉੱਤਰ ਪ੍ਰਦੇਸ਼ ਵਿਖੇ ਕਰਵਾਏ ਜਾ ਰਹੇ ਗੁਰਮਤਿ ਸਮਾਗਮਾਂ ਦੀ ਨਿਰੰਤਰਤਾ ਵਿਚ ਜ਼ਿਲ੍ਹਾ ਲਖੀਮਪੁਰ ਖੀਰੀ ਵਿਚ ਪੈਂਦੇ ਗੁਰਦੁਆਰਾ ਨਾਨਕ ਪਿਆਓ ਸਾਹਿਬ ਮਹਿੰਗਾਪੁਰ ਵਿਖੇ ਵਿਸ਼ਾਲ ਗੁਰਮਤਿ ਸਮਾਗਮ ਕਰਵਾਏ ਗਏ। ਬਾਬਾ ਗੁਰਨਾਮ ਸਿੰਘ ਮਹਿੰਗਾਪੁਰ ਕਾਰ ਸੇਵਾ ਸਰਹਾਲੀ ਵਾਲਿਆਂ ਦੇ ਸਹਿਯੋਗ ਨਾਲ ਹੋਏ ਇਨ੍ਹਾਂ ਸਮਾਗਮਾਂ ਦੌਰਾਨ






ਸੰਗਤ ਨੇ ਭਰਵੀਂ ਸ਼ਮੂਲੀਅਤ ਕੀਤੀ ਅਤੇ ਗੁਰਬਾਣੀ ਕੀਰਤਨ ਤੇ ਗੁਰਮਤਿ ਵਿਚਾਰਾਂ ਦਾ ਅਨੰਦ ਮਾਣਿਆ। ਸਮਾਗਮ ਵਿਚ ਸ਼ਾਮਲ ਹੋਏ ਸ਼੍ਰੋਮਣੀ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜਾਇਬ ਸਿੰਘ ਅਭਿਆਸੀ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਉੱਤਰ ਪ੍ਰਦੇਸ਼ ਤੇ ਉਤਰਾਖੰਡ ਵਿਚ ਕਰਵਾਏ ਜਾ ਰਹੇ ਗੁਰਮਤਿ ਸਮਾਗਮਾਂ ਪ੍ਰਤੀ ਸੰਗਤ ਵਿਚ ਭਾਰੀ ਉਤਸ਼ਾਹ ਹੈ। ਉਨ੍ਹਾਂ ਦੱਸਿਆ ਹੈ ਕਿ ਯੂ.ਪੀ. ਦੇ ਮਹਿੰਗਾਪੁਰ ਵਿਖੇ ਆਯੋਜਿਤ ਸਮਗਾਮਾਂ ਦੇ ਪਹਿਲੇ ਦਿਨ 18 ਮਾਰਚ ਨੂੰ ਨਗਰ ਕੀਰਤਨ ਸਜਾਇਆ ਗਿਆ, ਜਿਸ ਵਿਚ ਸੰਗਤ ਨੇ ਵੱਡੀ ਪੱਧਰ 'ਤੇ ਸ਼ਿਰਕਤ ਕੀਤੀ। ਇਨ੍ਹਾਂ ਗੁਰਮਤਿ ਸਮਗਾਮਾਂ ਵਿਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਜਗਦੀਪ ਸਿੰਘ ਤੇ ਭਾਈ ਸੁਖਜਿੰਦਰ ਸਿੰਘ ਦੇ ਜਥਿਆਂ ਨੇ ਗੁਰਬਾਣੀ ਕੀਰਤਨ ਨਾਲ ਸੰਗਤ ਨੂੰ ਜੋੜਿਆ। ਸ਼੍ਰੋਮਣੀ ਕਮੇਟੀ ਦੇ ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ, ਪ੍ਰਚਾਰਕ ਭਾਈ ਸਰਬਜੀਤ ਸਿੰਘ ਢੋਟੀਆਂ, ਭਾਈ ਸਰਬਜੀਤ ਸਿੰਘ ਲੁਧਿਆਣਾ ਤੇ ਗਿਆਨੀ ਰਤਨ ਸਿੰਘ ਕਥਾਵਾਚਕ ਨੇ ਗੁਰਮਤਿ ਵਿਚਾਰਾਂ ਸਾਂਝੀਆਂ ਕੀਤੀਆਂ। ਇਸ ਤੋਂ ਇਲਾਵਾ ਸਥਾਨਕ ਰਾਗੀ ਜਥਿਆਂ ਨੇ ਵੀ ਹਾਜ਼ਰੀ ਭਰੀ ਤੇ ਢਾਡੀ ਕਵੀਸ਼ਰ ਜਥਿਆਂ ਨੇ ਗੁਰ ਇਤਿਹਾਸ ਸਰਵਣ ਕਰਾਇਆ। ਇਸ ਮੌਕੇ ਹੋਏ ਅੰਮ੍ਰਿਤ ਸੰਚਾਰ ਸਮਾਗਮ ਵਿਚ 200 ਤੋਂ ਜ਼ਿਆਦਾ ਸੰਗਤਾਂ ਨੇ ਅੰਮ੍ਰਿਤਪਾਨ ਕੀਤਾ। ਇਸ ਮੌਕੇ ਬਾਬਾ ਗੁਰਨਾਮ ਸਿੰਘ ਮਹਿੰਗਾਪੁਰ ਵਾਲਿਆਂ ਨੇ ਸੰਗਤ ਅਤੇ ਪ੍ਰਮੁੱਖ ਸ਼ਖ਼ਸੀਅਤਾਂ ਦਾ ਧੰਨਵਾਦ ਕੀਤਾ ਅਤੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਸਬੰਧੀ ਯੂ.ਪੀ. ਅੰਦਰ ਕਰਵਾਏ ਜਾਣ ਵਾਲੇ ਹਰ ਸਮਾਗਮ ਸਮੇਂ ਸ਼੍ਰੋਮਣੀ ਕਮੇਟੀ ਦਾ ਇਸੇ ਤਰ੍ਹਾਂ ਸਹਿਯੋਗ ਦੇਣ ਦਾ ਭਰੋਸਾ ਦਿੱਤਾ।

ਇਸ ਮੌਕੇ ਸਿੱਖ ਮਿਸ਼ਨ ਹਾਪੁੜ ਦੇ ਇੰਚਾਰਜ ਭਾਈ ਬ੍ਰਿਜਪਾਲ ਸਿੰਘ, ਭਾਈ ਮਹਿਤਾਬ ਸਿੰਘ, ਗੁਰਦੁਆਰਾ ਨਾਨਕਮਤਾ ਸਾਹਿਬ ਦੇ ਪ੍ਰਧਾਨ ਭਾਈ ਸੇਵਾ ਸਿੰਘ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਮੌਜੂਦ ਸਨ। ਧਰਮ ਪ੍ਰਚਾਰ ਕਮੇਟੀ ਵੱਲੋਂ ਕਰਵਾਏ ਜਾ ਰਹੇ ਇਨ੍ਹਾਂ ਸਮਾਗਮਾਂ ਦੀ ਸਫਲਤਾ ਲਈ ਸ਼੍ਰੋਮਣੀ ਕਮੇਟੀ ਵੱਲੋਂ ਭੇਜੀਆਂ ਗਈਆਂ ਵੀਡੀਓ ਵੈਨਾਂ ਰਾਹੀ ਇਲਾਕੇ ਅੰਦਰ ਸੰਗਤਾਂ ਨੂੰ ਧਾਰਮਿਕ ਤੇ ਇਤਿਹਾਸਕ ਫਿਲਮਾਂ ਵਿਖਾਈਆਂ ਗਈਆਂ ਤੇ ਢਾਡੀ ਕਵੀਸ਼ਰਾਂ ਵੱਲੋਂ ਦੀਵਾਨ ਸਜਾਏ ਗਏ।



ਸ਼੍ਰੋਮਣੀ ਕਮੇਟੀ ਮੈਂਬਰ ਸ. ਹਰਜਾਪ ਸਿੰਘ ਦੇ ਉੱਦਮ ਸਦਕਾ ਸੁਲਤਾਨਵਿੰਡ ਪਿੰਡ ਵਿਖੇ ਲਗਾਏ ਕੈਂਪ ਸਮੇਂ ਬੱਚਿਆਂ ਨੂੰ ਗੁਰਮਤਿ ਬਾਰੇ ਜਾਣਕਾਰੀ ਦਿੰਦੇ ਹੋਏ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ।

# ਹਲਕਾ ਧਰਮਕੋਟ ਦੀ ਸੰਗਤ ਨੇ ਜਥੇਦਾਰ ਤੋਤਾ ਸਿੰਘ ਦੀ ਅਗਵਾਈ 'ਚ ਸ੍ਰੀ ਗੁਰੂ ਰਾਮਦਾਸ ਜੀ ਲੰਗਰ ਵਿਖੇ ਕੀਤੀ ਸੇਵਾ

ਅੰਮ੍ਰਿਤਸਰ- ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਲੰਗਰ ਸ੍ਰੀ ਗੁਰੂ ਰਾਮਦਾਸ ਜੀ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਅਤੇ ਸਾਬਕਾ ਮੰਤਰੀ ਪੰਜਾਬ ਜਥੇਦਾਰ ਤੋਤਾ ਸਿੰਘ ਦੀ ਅਗਵਾਈ ਵਿਚ ਹਲਕਾ ਧਰਮਕੋਟ (ਮੋਗਾ) ਦੀ ਸੰਗਤ ਨੇ ਲੰਗਰ ਸੇਵਾ ਕੀਤੀ। ਇਸ ਮੌਕੇ ਗੱਲਬਾਤ ਦੌਰਾਨ ਜਥੇਦਾਰ ਤੋਤਾ ਸਿੰਘ ਨੇ ਕਿਹਾ ਕਿ ਉਹ ਹਰ ਸਾਲ ਨਾਨਕਸ਼ਾਹੀ ਵਰ੍ਹੇ ਦੀ ਆਰੰਭਤਾ ਮੌਕੇ 1 ਚੇਤ ਨੂੰ ਸ੍ਰੀ ਗੁਰੂ ਰਾਮਦਾਸ ਜੀ ਲੰਗਰ ਵਿਖੇ ਸੇਵਾ ਕਰਨ ਲਈ ਹਲਕੇ ਦੀ ਸੰਗਤ ਸਮੇਤ ਪੁੱਜਦੇ ਹਨ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਾਮਦਾਸ ਜੀ ਦੇ ਲੰਗਰ ਵਿਚੋਂ ਰੋਜ਼ਾਨਾਂ ਲੱਖਾਂ ਸੰਗਤਾਂ ਪ੍ਰਸ਼ਾਦਾ ਛਕ ਕੇ ਤ੍ਰਿਪਤ ਹੁੰਦੀਆਂ ਹਨ ਅਤੇ ਇਥੇ ਸੇਵਾ ਕਰਕੇ ਸੰਗਤ ਨੂੰ ਸਕੂਨ ਪ੍ਰਾਪਤ ਹੁੰਦਾ ਹੈ। ਉਨ੍ਹਾਂ ਦੱਸਿਆ ਕਿ ਹਲਕਾ ਧਰਮਕੋਟ ਤੋਂ ਵੱਡੀ ਗਿਣਤੀ ਵਿਚ ਸੰਗਤਾਂ ਸੇਵਾ ਕਰਨ ਪਹੁੰਚੀਆਂ ਹਨ। ਉਨ੍ਹਾਂ ਦੱਸਿਆ ਕਿ ਲੰਗਰ ਸੇਵਾ ਲਈ ਸੰਗਤ ਵੱਲੋਂ ਖੰਡ, ਚਾਹ ਪੱਤੀ, ਡਾਲਡਾ ਘਿਉ, ਦੇਸੀ ਘਿਉ, ਮਸਾਲੇ, ਵੇਸਣ, ਦਾਲਾਂ, ਆਟਾ, ਕਣਕ, ਚਾਵਲ, ਸਬਜ਼ੀਆਂ ਆਦਿ ਰਸਦਾਂ ਲਿਆਂਦੀਆਂ ਗਈਆਂ ਹਨ। ਇਸ ਦੌਰਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਰਾਮਦਾਸ ਜੀ ਲੰਗਰ ਦੇ ਮੈਨੇਜਰ ਸ. ਮੁਖਤਾਰ ਸਿੰਘ ਨੇ ਲੰਗਰ ਸੇਵਾ ਲਈ ਆਈਆਂ ਸੰਗਤਾਂ ਨੂੰ ਗੁਰੂ ਬਖ਼ਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜਥੇਦਾਰ ਤੋਤਾ ਸਿੰਘ ਦੀ ਪਤਨੀ ਬੀਬੀ ਮੁਖਤਿਆਰ ਕੌਰ, ਸ. ਕੁਲਵੰਤ ਸਿੰਘ ਰਿਚੀ ਮੋਗਾ, ਸ. ਸੁਖਵਿੰਦਰ ਸਿੰਘ, ਸ. ਗੁਰਮੀਤ ਸਿੰਘ, ਸ. ਰਜਿੰਦਰ ਸਿੰਘ ਡੱਲਾ, ਡਾ. ਜਸਵਿੰਦਰ ਸਿੰਘ, ਸ. ਗੁਰਦੇਵ ਸਿੰਘ, ਸ. ਗੁਰਤੇਜ ਸਿੰਘ ਕਾਦਰਵਾਲਾ ਸਮੇਤ ਸੰਗਤਾਂ ਮੌਜੂਦ ਸਨ।



# ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼ਬਦ ਗੁਰੂ ਯਾਤਰਾ ਦਾ ਵੱਖ-ਵੱਖ ਥਾਈਂ ਸੰਗਤਾਂ ਵੱਲੋਂ ਭਰਵਾਂ ਸਵਾਗਤ





ਜਗਤ ਗੁਰੂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਤੋਂ ਜਨਵਰੀ ਮਹੀਨੇ ਆਰੰਭ ਹੋਈ ਸ਼ਬਦ ਗੁਰੂ ਯਾਤਰਾ ਪ੍ਰਤੀ ਸੰਗਤਾਂ ਵਿਚ ਭਾਰੀ ਉਤਸ਼ਾਹ ਹੈ। ਵੱਖ-ਵੱਖ ਪੜਾਵਾਂ 'ਤੇ ਜਿਥੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਸਾਹਿਬਾਨ ਅਤੇ ਹੋਰ ਸੀਨੀਅਰ ਆਗੂਆਂ ਨੇ ਸ਼ਬਦ ਗੁਰੂ ਯਾਤਰਾ ਦਾ ਭਰਵਾਂ ਸਵਾਗਤ ਕੀਤਾ ਉਥੇ ਸੰਗਤਾਂ ਵੱਲੋਂ ਸਜਾਵਟੀ ਗੇਟ ਬਣਾ ਕੇ ਰਸਤਿਆਂ ਨੂੰ ਖ਼ੂਬਸੂਰਤ ਤਰੀਕੇ ਨਾਲ ਸ਼ਿੰਗਾਰਿਆ ਗਿਆ। ਆਪੋ-ਆਪਣੇ ਹਲਕਿਆਂ ਵਿਚ ਧਾਰਮਿਕ, ਰਾਜਸੀ ਤੇ ਸਮਾਜਿਕ ਆਗੂਆਂ ਸਮੇਤ ਸਭਾ-ਸੁਸਾਇਟੀਆਂ, ਧਾਰਮਿਕ ਜਥੇਬੰਦੀਆਂ ਨੇ ਵੀ ਸੰਗਤਾਂ ਦੇ ਸਵਾਗਤ ਲਈ ਅਹਿਮ ਯੋਗਦਾਨ ਪਾਇਆ। ਵੱਖ-ਵੱਖ ਥਾਵਾਂ 'ਤੇ ਸਕੂਲਾਂ ਦੇ ਬੱਚਿਆਂ ਨੇ ਪ੍ਰਭਾਵਸ਼ਾਲੀ ਤਰੀਕੇ ਨਾਲ ਸ਼ਬਦ ਗੁਰੂ ਯਾਤਰਾ ਦਾ ਸਵਾਗਤ ਕੀਤਾ। ਸੰਗਤਾਂ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਰੁਮਾਲਾ ਸਾਹਿਬ ਭੇਟ ਕਰਨ ਦੇ ਨਾਲ ਪੰਜ ਪਿਆਰੇ ਸਾਹਿਬਾਨ ਤੇ ਨਿਸ਼ਾਨਚੀ ਸਿੰਘਾਂ ਨੂੰ ਸਿਰੋਪਾਓ ਭੇਟ ਕੀਤੇ ਗਏ। ਸੰਗਤਾਂ ਵੱਲੋਂ ਥਾਂ-ਥਾਂ 'ਤੇ ਯਾਤਰਾ ਦੇ ਸਵਾਗਤ ਲਈ ਵੱਖ-ਵੱਖ ਪਕਵਾਨਾ ਦੇ ਲੰਗਰ ਲਗਾਏ ਗਏ ਸਨ। ਵੱਖ-ਵੱਖ ਪੜਾਵਾਂ ਤੋਂ ਹੁੰਦੀ ਹੋਈ ਸ਼ਬਦ ਗੁਰੂ ਯਾਤਰਾ 28 ਫਰਵਰੀ ਦੀ ਰਾਤ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਵਿਖੇ ਪਹੁੰਚੀ ਜਿਥੇ ਸੰਗਤਾਂ ਨੇ ਰਾਤ ਵਿਸ਼ਰਾਮ ਕੀਤਾ।

1 ਮਾਰਚ ਨੂੰ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਵਿਖੇ ਅਰਦਾਸ ਉਪਰੰਤ ਪੰਜ ਪਿਆਰੇ ਸਾਹਿਬਾਨ ਅਤੇ ਨਿਸ਼ਾਨਚੀ ਸਿੰਘਾਂ ਨੂੰ ਸਿਰੋਪਾਓ ਦੇਣ ਮਗਰੋਂ ਸ਼ਬਦ ਗੁਰੂ ਯਾਤਰਾ ਅਗਲੇ ਪੜਾਅ ਲਈ ਰਵਾਨਾ ਹੋਈ। ਇਥੋਂ ਚੱਲ ਕੇ ਇਹ ਯਾਤਰਾ ਅੱਤੇਵਾਲੀ, ਕੋਟਲਾ, ਬਜਵਾੜਾ, ਪੀਰ ਜੈਨ, ਇਸਰ ਹੇਲ, ਹਿੰਦੂਪੁਰ, ਬੀਬੀਪੁਰ, ਬਰਾਸ, ਰਾਜਿੰਦਰਗੜ੍ਹ,



ਸਾਧੂਗੜ੍ਹ, ਰਾਈ ਮਾਜਰਾ, ਖਰੋੜਾ, ਬਦੋਛੀ ਕਲਾਂ, ਸੰਗਤਪੁਰਾ, ਚਨਾਰਥਲ ਖੁਰਦ, ਚਨਾਰਥਲ ਕਲਾਂ, ਭੱਲ ਮਾਜਰਾ, ਭੁਮਾਰਸੀ, ਬਡਾਲੀ, ਬਰੌਂਗਾ, ਜਲਾਲਪੁਰ, ਕੁੰਭ, ਅਮਲੋਹ ਰੋਡ ਜੱਸੜ ਹੁੰਦੀ ਹੋਈ ਗੁਰਦੁਆਰਾ ਸਾਹਿਬ ਪਾ: ਛੇਵੀਂ ਮੰਡੀ ਗੋਬਿੰਦਗੜ੍ਹ ਵਿਖੇ ਪਹੁੰਚੀ ਜਿਥੇ ਰਾਤ ਵਿਸ਼ਰਾਮ ਕੀਤਾ।

2 ਮਾਰਚ ਨੂੰ ਸ਼ਬਦ ਗੁਰੂ ਯਾਤਰਾ ਗੁਰਦੁਆਰਾ ਸਾਹਿਬ ਪਾ: ਛੇਵੀਂ ਮੰਡੀ ਗੋਬਿੰਦਗੜ੍ਹ ਤੋਂ ਰਵਾਨਾ ਹੋਈ। ਇਥੋਂ ਚੱਲ ਕੇ ਨੂਰਪੁਰ, ਭੱਟੋ ਬੜੋਚਾਂ, ਰਾਈਏਵਾਲ, ਬੁੱਗਾ ਕਲਾਂ, ਤੰਦਾਂ-ਬੱਧਾ, ਕੋਟਲੀ, ਪਹੇੜੀ, ਚੋਬਦਾਰਾਂ, ਕਪੂਰਗੜ੍ਹ,



ਭਰਭੂਰਗੜ੍ਹ, ਨੰਜਾਰੀ, ਸਮਸ਼ਪੁਰ, ਚਹਿਲਾਂ, ਖਨਿਆਣ, ਰਾਏਪੁਰ, ਰਾਮਗੜ੍ਹ, ਘੁਟੀਡ, ਸਲਾਣਾ, ਗਲਵੱਡੀ ਹੁੰਦੀ ਹੋਈ ਗੁਰਦੁਆਰਾ ਸੁਖਸਾਗਰ ਸਾਹਿਬ ਖੰਨਾ ਵਿਖੇ ਪਹੁੰਚੀ ਜਿਥੇ ਰਾਤ ਵਿਸ਼ਰਾਮ ਕੀਤਾ।

3 ਮਾਰਚ ਨੂੰ ਗੁਰਦੁਆਰਾ ਸੁਖਸਾਗਰ ਸਾਹਿਬ ਖੰਨਾ ਤੋਂ ਚੱਲ ਕੇ ਸ਼ਬਦ ਗੁਰੂ ਯਾਤਰਾ ਰਾਮਗੜੀਆਂ ਭਵਨ, ਬਾਹੋਮਾਜਰਾ, ਕੌੜੀ, ਲਿਬੜਾ, ਮੋਹਨਪੁਰ, ਦੈਹਿੜੂ, ਕਿਸ਼ਨਗੜ੍ਹ, ਗੱਗੜ ਮਾਜਰਾ, ਮਹਿੰਦੀਪੁਰ, ਬੀਜਾ, ਮੰਜੀ ਸਾਹਿਬ ਕੋਟਾਂ, ਜਸਪਾਲੋਂ ਪੁਲ, ਭਮੱਦੀ, ਚਕੋਹੀ, ਫੈਜਗੜ੍ਹ, ਕੋਟਲਾ ਢੱਕ ਦਾ, ਈਸੜੂ, ਨਸਰਾਲੀ, ਫਤਿਹਪੁਰ, ਜਲਾਜਣ, ਨਸਗਲੀ, ਟੌਂਸਾ, ਬੀ-ਪੁਰ, ਬੌਂ-ਪੁਰ ਤੋਂ ਹੁੰਦੇ ਹੋਏ ਗੁਰਦੁਆਰਾ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਪਾ: ਛੇਵੀਂ ਰੌਣੀ ਪਹੁੰਚੀ ਜਿਥੇ ਰਾਤ ਦਾ ਵਿਸ਼ਰਾਮ ਕੀਤਾ।

4 ਮਾਰਚ ਨੂੰ ਸ਼ਬਦ ਗੁਰੂ ਯਾਤਰਾ ਗੁਰਦੁਆਰਾ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਪਾ: ਛੇਵੀਂ ਰੌਣੀ ਤੋਂ ਰਵਾਨਾ ਹੋਈ ਜੋ ਜੋੜੇਪੁਲ, ਧੀਰੋ ਮਾਜਰਾ, ਭੁੰਮਸੀ, ਜਲਾਲਾਬਾਦ, ਚੌਂਦਾਂ, ਮੁਹੰਮਦਪੁਰਾ, ਨੰਗਲ ਝੂੰਦਾਂ, ਅਮਰਗੜ੍ਹ, ਲਾਗੜੀਆਂ, ਤੋਲੇਵਾਲ, ਮਾਹੋਰਾਣਾ, ਉਪੋਕੀ, ਬੀੜ ਰਸਤੇ ਰਾਤ ਨੂੰ ਗੁਰਦੁਆਰਾ ਸਾਹਿਬ ਸਿੰਘ ਸਭਾ ਮਲੇਰਕੋਟਲਾ ਪਹੁੰਚੀ ਜਿਥੇ ਰਾਤ ਵਿਸ਼ਰਾਮ ਕੀਤਾ।

5 ਮਾਰਚ ਨੂੰ ਸ਼ਬਦ ਗੁਰੂ ਯਾਤਰਾ ਗੁਰਦੁਆਰਾ ਸਾਹਿਬ ਸਿੰਘ ਸਭਾ ਮਲੇਰਕੋਟਲਾ ਤੋਂ ਰਵਾਨਾ ਹੋ ਕੇ ਨੌਂ-ਧਰਾਣੀ, ਬੁਰਜ, ਹਸਨ, ਚੂੰਗਾਂ, ਭੂਤਨ, ਗੁਠਾਲਾ, ਚੀਮਾਂ ਖੁਰਦ, ਸੰਦੌੜ, ਕਲਿਆਣ ਪੁਲ, ਲੋਹਟ ਬੱਦੀ, ਕਲਸੀਆਂ, ਸੁਖਾਣਾ, ਭੈਣੀਂ, ਬੜਿੰਗਾਂ ਹੁੰਦੀ ਹੋਈ ਗੁਰਦੁਆਰਾ ਟਾਹਲੀਆਣਾ ਸਾਹਿਬ ਪਾ: ਦਸਵੀਂ ਰਾਏ ਕੋਟ (ਲੁਧਿਆਣਾ) ਵਿਖੇ ਪਹੁੰਚੀ ਜਿਥੇ ਸੰਗਤਾਂ ਨੇ ਰਾਤ ਵਿਸ਼ਰਾਮ ਕੀਤਾ।

6 ਮਾਰਚ ਨੂੰ ਗੁਰਦੁਆਰਾ ਟਾਹਲੀਆਣਾ ਸਾਹਿਬ ਪਾ: ਦਸਵੀਂ ਰਾਏ ਕੋਟ (ਲੁਧਿਆਣਾ) ਤੋਂ ਚੱਲ ਕੇ ਸ਼ਬਦ ਗੁਰੂ ਯਾਤਰਾ ਝੋਰੜਾ, ਲੰਮਾ, ਮਾਣੂੰਕੇ ਦੇਹੜਕਾ, ਡੱਲਾ, ਕਾਉਂਕੇ ਕਲਾਂ ਹੁੰਦੇ ਹੋਏ ਗੁਰਦੁਆਰਾ ਸਾਹਿਬ ਪਾ: ਛੇਵੀਂ ਗੁਰੂਸਰ ਕਾਉਂਕੇ (ਲੁਧਿਆਣਾ) ਪਹੁੰਚੀ ਜਿਥੇ ਰਾਤ ਵਿਸ਼ਰਾਮ ਕੀਤਾ ਗਿਆ।

7 ਮਾਰਚ ਨੂੰ ਸ਼ਬਦ ਗੁਰੂ ਯਾਤਰਾ ਗੁਰਦੁਆਰਾ ਸਾਹਿਬ ਪਾ: ਛੇਵੀਂ ਗੁਰੂਸਰ ਕਾਉਂਕੇ (ਲੁਧਿਆਣਾ) ਤੋਂ ਚੱਲ ਕੇ ਨਾਨਕਸਰ ਕਲੇਰਾਂ, ਗਾਲਿਬ ਕਲਾਂ, ਸ਼ੇਰਪੁਰ ਕਲਾਂ, ਸਵੱਦੀ ਖੁਰਦ, ਲੀਲ ਕਲਾਂ, ਰਾਮਗੜ੍ਹ ਭੁੱਲਰ, ਬਰਸਾਲ, ਵਿਰਕ, ਸਵੱਦੀ ਕਲਾਂ, ਤਲਵੰਡੀ, ਮੰਡਿਆਣੀ ਹੁੰਦੀ ਹੋਈ ਰਾਤ ਦੇ ਵਿਸ਼ਰਾਮ ਲਈ ਗੁਰਦੁਆਰਾ ਮੁਸ਼ਕਿਆਣਾ ਸਾਹਿਬ ਮੁਲਾਂਪੁਰ ਦਾਖਾਂ (ਲੁਧਿਆਣਾ) ਠਹਿਰੀ।

8 ਮਾਰਚ ਨੂੰ ਗੁਰਦੁਆਰਾ ਮੁਸ਼ਕਿਆਣਾ ਸਾਹਿਬ ਮੁਲਾਂਪੁਰ ਦਾਖਾਂ (ਲੁਧਿਆਣਾ) ਤੋਂ ਸਵੇਰ ਸਮੇਂ ਸ਼ਬਦ ਗੁਰੂ ਯਾਤਰਾ ਦੀ ਰਵਾਨਗੀ ਹੋਈ ਜੋ ਬੱਦੋਵਾਲ, ਇਆਲੀ ਚੌਂਕ, ਐਮ.ਬੀ.ਡੀ. ਮਾਲ, ਰਾਜਗੁਰੂ ਨਗਰ, ਗੁ: ਸਿੰਘ ਸਭਾ, ਗੁ: ਸਾਹਿਬ ਬਲਾਕ-ਜੇ, ਬਲਾਕ-01 ਚੌਂਕ, ਓਰੀਐਂਟਲ ਚੌਂਕ, ਗੁ: ਸਿੰਘ ਸਭਾ ਬਲਾਕ ਈ, ਪ੍ਰਾਚੀਨ ਮੰਦਰ, ਸੰਤ ਈਸ਼ਰ ਸਿੰਘ ਪਬਲਿਕ ਸਕੂਲ ਚੌਂਕ ਜੋਨ-ਡੀ, ਗੁਰੂ ਨਾਨਕ ਪਬਲਿਕ ਸਕੂਲ, ਗੁ: ਸਿੰਘ ਸਭਾ ਸਰਾਭਾ ਨਗਰ, ਮਲਹਾਰ ਰੋਡ, ਬਸੰਤ ਫਾਸਟ ਫੂਡ, ਸਰਕਟ ਹਾਊਸ, ਆਰਤੀ ਚੌਂਕ, ਗੁ: ਮਾਈ ਨੰਦ ਕੌਰ, ਘੁਮਾਰਮੰਡੀ, ਫੁਆਰਾ ਚੌਂਕ, ਮਾਲ ਰੋਡ, ਭਾਰਤ ਨਗਰ ਚੌਂਕ, ਦੁਰਗਾ ਮਾਤਾ ਮੰਦਰ ਚੌਂਕ ਹੁੰਦੇ ਹੋਏ ਗੁਰਦੁਆਰਾ ਦੂਖ ਨਿਵਾਰਨ ਸਾਹਿਬ ਜਗਰਾਉਂ ਪੁਲ (ਲੁਧਿਆਣਾ) ਪਹੁੰਚੀ ਜਿਥੇ ਸੰਗਤਾਂ ਨੇ ਰਾਤ ਵਿਸ਼ਰਾਮ ਕੀਤਾ।

9 ਮਾਰਚ ਨੂੰ ਸ਼ਬਦ ਗੁਰੂ ਯਾਤਰਾ ਗੁਰਦੁਆਰਾ ਦੂਖ ਨਿਵਾਰਨ ਸਾਹਿਬ (ਲੁਧਿਆਣਾ) ਤੋਂ ਰਵਾਨਾ ਹੋਈ ਜੋ ਘੰਟਾ ਘਰ ਚੌਂਕ, ਸਬਜ਼ੀ ਮੰਡੀ ਚੌਂਕ, ਸਲੇਮ ਟਾਬਰੀ ਚੌਂਕ, ਜਲੰਧਰ ਬਾਈ ਪਾਸ ਚੌਂਕ, ਸੇਖੇਵਾਲ ਚੌਂਕ, ਜੋਧੇਵਾਲ ਬਸਤੀ ਚੌਂਕ, ਸਮਰਾਲਾ ਚੌਂਕ, ਚੀਮਾਂ ਚੌਂਕ, ਕਾ. ਚੌਂਕ (ਪ੍ਰਤਾਪ ਚੌਂਕ), ਗਿੱਲ ਚੌਂਕ (ਉਪਰ ਦੀ), ਆਤਮ ਪਾਰਕ, ਜੌਹਰ ਦੀ ਕੋਠੀ, ਗੁ: ਸਿੰਘ ਸਭਾ (ਗੁਰੂ ਨਾਨਕ ਗਰਲਜ਼ ਕਾਲਜ ਚੌਂਕ), ਗੋਲਾਟੀ ਚੌਂਕ, ਚਾਰ ਖੰਬਾ ਰੋਡ, ਬਾਬਾ ਦੀਪ ਸਿੰਘ ਜੀ ਚੌਂਕ ਹੁੰਦੀ ਹੋਈ ਰਾਤ ਨੂੰ ਗੁਰਦੁਆਰਾ ਸਿੰਘ ਸਭਾ ਮਾਡਲ ਟਾਊਨ ਐਕਸਟੈਂਸ਼ਨ ਲੁਧਿਆਣਾ ਵਿਖੇ ਪਹੁੰਚੀ ਜਿਥੇ ਰਾਤ ਦਾ ਵਿਸ਼ਰਾਮ ਕੀਤਾ।

10 ਮਾਰਚ ਨੂੰ ਸ਼ਬਦ ਗੁਰੂ ਯਾਤਰਾ ਸਵੇਰੇ ਗੁਰਦੁਆਰਾ ਸਿੰਘ ਸਭਾ ਮਾਡਲ ਟਾਊਨ ਐਕਸਟੈਂਸ਼ਨ ਲੁਧਿਆਣਾ ਤੋਂ ਰਵਾਨਾ ਹੋਈ ਜੋ ਦੁੱਗਰੀ ਚੌਂਕ, ਦਾਣਾ ਮੰਡੀ ਰੋਡ, ਅਰੋੜਾ ਪੈਲਸ ਚੌਂਕ, ਡਾਬਾ ਚੌਂਕ, ਗਿੱਲ ਨਹਿਰ ਚੌਂਕ, ਦੁੱਗਰੀ ਪੁਲ ਚੌਂਕ, ਫੇਸ 1 ਚੌਂਕ, ਦੰਗਾਂ ਪੀੜ੍ਹਤ ਕਲੋਨੀ ਚੌਂਕ, ਦੁਰਗਾ ਮਾਤਾ ਮੰਦਰ ਰੋਡ, ਗੁ: ਸੁਖਮਨੀ ਸਾਹਿਬ ਫੇਜ਼ 2, ਬਸੰਤ ਇਨਕਲੇਵ ਚੌਂਕ, ਗਰੀਨ ਲੈਂਡ ਸਕੂਲ ਚੌਂਕ, ਵੂਮੈਨ ਸੈਲ ਚੌਂਕ, ਗੁ: ਗੁਰੂ ਨਾਨਕ ਪ੍ਰਕਾਸ਼ ਚੌਂਕ, ਭਾਈ ਹਿੰਮਤ ਸਿੰਘ ਨਗਰ ਰੋਡ, ਰੋਡੇ












ਫਾਟਕ, ਬਚਿੱਤਰ ਨਗਰ ਚੌਂਕ, ਗਿੱਲ ਪਿੰਡ, ਰਣੀਆਂ ਤੋਂ ਹੁੰਦੇ ਹੋਏ ਰਾਤ ਨੂੰ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਪਾ: ਦਸਵੀਂ ਆਲਮਗੀਰ (ਲੁਧਿਆਣਾ) ਵਿਖੇ ਪਹੁੰਚੀ ਜਿਥੇ ਰਾਤ ਵਿਸ਼ਰਾਮ ਕੀਤਾ।

11 ਮਾਰਚ ਨੂੰ ਸ਼ਬਦ ਗੁਰੂ ਯਾਤਰਾ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਪਾ: ਦਸਵੀਂ ਆਲਮਗੀਰ (ਲੁਧਿਆਣਾ) ਤੋਂ ਆਰੰਭ ਹੋਈ ਜੋ ਸ਼ਰੀਹ, ਕੈਂਡ ਪੁਲ, ਸਾਇਆ ਚੌਂਕ, ਡੇਹਲੋਂ, ਘਵੱਦੀ, ਟਿਬਾ ਚੌਂਕ, ਨਹਿਰੋਂ-ਨਹਿਰ ਦੋਰਾਹਾ ਹੁੰਦੀ ਹੋਈ ਗੁਰਦੁਆਰਾ ਮੰਜੀ ਸਾਹਿਬ ਪਾ: ਛੇਵੀਂ ਸਰਾਏ ਲਸ਼ਕਰੀ ਕੋਟਾਂ (ਲੁਧਿਆਣਾ) ਵਿਖੇ ਪਹੁੰਚੀ ਜਿਥੇ ਸੰਗਤਾਂ ਨੇ ਰਾਤ ਵਿਸ਼ਰਾਮ ਕੀਤਾ।



12 ਮਾਰਚ ਨੂੰ ਗੁਰਦੁਆਰਾ ਮੰਜੀ ਸਾਹਿਬ ਪਾ: ਛੇਵੀਂ ਸਰਾਏ ਲਸ਼ਕਰੀ ਕੋਟਾਂ (ਲੁਧਿਆਣਾ) ਤੋਂ ਸਵੇਰ ਸਮੇਂ ਸ਼ਬਦ ਗੁਰੂ ਯਾਤਰਾ ਦੀ ਆਰੰਭਤਾ ਹੋਈ। ਇਥੋਂ ਚੱਲ ਕੇ ਯਾਤਰਾ ਮਾਜਰੀ, ਪਾਇਲ, ਧਮੋਟ, ਸਿਹੋੜਾ, ਮਦਨੀਪੁਰ, ਬਾਬਰਪੁਰ, ਚੋਮੋ, ਮਲੌਦ, ਸੋਮਲਖੇੜੀ, ਗੋਸ਼ਲਾ, ਰੌਸ਼ੀਆਣਾ, ਪੰਧੇਰ ਖੇੜੀ, ਸਿਆੜ, ਝੰਮਟ, ਰਾੜਾ ਸਾਹਿਬ, ਘੁਡਾਣੀ ਕਲਾਂ, ਪਾਇਲ, ਕੱਦੋਂ, ਦੋਰਾਹਾ ਰਸਤੇ ਰਾਤ ਨੂੰ ਗੁਰਦੁਆਰਾ ਸਾਹਿਬ ਪਾ: ਛੇਵੀਂ ਅਤੇ ਦਸਵੀਂ ਪਿੰਡ ਕਟਾਣਾ ਸਾਹਿਬ (ਲੁਧਿਆਣਾ) ਵਿਖੇ ਪਹੁੰਚੀ ਜਿਥੇ ਰਾਤ ਵਿਸ਼ਰਾਮ ਕੀਤਾ।

13 ਮਾਰਚ ਨੂੰ ਗੁਰਦੁਆਰਾ ਸਾਹਿਬ ਪਾ: ਛੇਵੀਂ ਅਤੇ ਦਸਵੀਂ ਪਿੰਡ ਕਟਾਣਾ ਸਾਹਿਬ (ਲੁਧਿਆਣਾ) ਤੋਂ ਚੱਲ ਕੇ ਸ਼ਬਦ ਗੁਰੂ ਯਾਤਰਾ ਕਟਾਣੀ ਕਲਾਂ, ਭੈਣੀ ਸਾਹਿਬ, ਪ੍ਰਤਾਪਗੜ੍ਹ, ਕੂਮਖੁਰਦ, ਕੂਮਕਲਾਂ, ਰਤਨਗੜ੍ਹ, ਬਲੀਏਵਾਲ, ਬੁਥਗੜ੍ਹ ਜੱਟਾਂ, ਬੁਥਗੜ੍ਹ ਗੁਜਰਾਂ, ਕਾਲਸ ਖੁਰਦ, ਕਾਲਸ ਕਲਾਂ, ਘੁਮਾਣਾ, ਮੇਨ ਰੋਡ ਰਾਹੋਂ ਉਦੋਵਾਲ, ਝੜੌਦੀ, ਟਾਂਡਾ ਕੁਸ਼ਲ ਸਿੰਘ ਵਾਲਾ, ਮਾਣੇਵਾਲ, ਮਾਛੀਵਾੜਾ ਸ਼ਹਿਰ ਤੋਂ ਹੁੰਦੀ ਹੋਈ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਮਾਛੀਵਾੜਾ ਵਿਖੇ ਪਹੁੰਚੀ ਜਿਥੇ ਰਾਤ ਵਿਸ਼ਰਾਮ ਕੀਤਾ।

14 ਮਾਰਚ ਨੂੰ ਸ਼ਬਦ ਗੁਰੂ ਯਾਤਰਾ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਮਾਛੀਵਾੜਾ ਤੋਂ ਅਗਲੇ ਪੜਾਅ ਲਈ ਰਵਾਨਾ ਹੋਈ। ਇਥੋਂ ਚੱਲ ਕੇ ਗੜੀ ਬੇਟ, ਬੁਰਜ ਪੱਕਾ, ਸੇਰੀਆਂ-ਲੁਹਾਰੀਆਂ, ਹੱਬੋਵਾਲ ਬੇਟ, ਬੈਰਸਾਲ ਕਲਾਂ, ਸਲਾਣਾ, ਹੈਡੋ ਬੇਟ, ਕੁਟਾਲਾ ਬੇਟ, ਕੱਚਾ ਮਾਛੀਵਾੜਾ, ਸ਼ੇਰਗੜ੍ਹ, ਰੁਆੜਾ ਸ਼ੇਰਪੁਰ, ਸ਼ੇਰਪੁਰ ਬੇਟ, ਚੱਕ ਲੋਟ, ਸ਼ੇਰਪੁਰ, ਬਹਿਰਾਮਪੁਰ ਬੇਟ, ਡੱਲਾਂ, ਖੋਖਰਾਂ, ਬਜੀਦਪੁਰ, ਬੇਲਾ ਤੋਂ ਹੁੰਦੀ ਹੋਈ ਇਹ ਯਾਤਰਾ ਰਾਤ ਨੂੰ ਗੁਰਦੁਆਰਾ ਸ੍ਰੀ ਚਮਕੌਰ ਸਾਹਿਬ (ਰੋਪੜ) ਪਹੁੰਚੀ ਜਿਥੇ ਰਾਤ ਵਿਸ਼ਰਾਮ ਕੀਤਾ ਗਿਆ।

15 ਮਾਰਚ ਨੂੰ ਸ਼ਬਦ ਗੁਰੂ ਯਾਤਰਾ ਗੁਰਦੁਆਰਾ ਸ੍ਰੀ ਚਮਕੌਰ ਸਾਹਿਬ ਤੋਂ ਰਵਾਨਾ ਹੋਈ ਜੋ ਸਲੋ ਮਾਜਰਾ, ਗਗੋ ਦਦਰਾਮ, ਡਹਿਰ, ਡੁਗਰੀ, ਬੂਰ ਮਾਜਰਾ, ਸ਼ਾਲਾਪੁਰ ਚੌਂਕ, ਖਾਬੜਾਂ, ਸਿੰਘਾਂ, ਗੁ: ਸਾਹਿਬ ਪਿੰਡ ਸੋਲਕੀਆਂ, ਰੰਗੀਲਪੁਰ, ਭਿਉਰਾ, ਪਾਵਰ ਕਲੋਨੀ ਤੋਂ ਹੁੰਦੇ ਹੋਏ ਰਾਤ ਨੂੰ ਗੁਰਦੁਆਰਾ ਭੱਠਾ ਸਾਹਿਬ ਪਾ: ਦਸਵੀਂ ਰੋਪੜ ਪਹੁੰਚੀ ਜਿਥੇ ਸੰਗਤਾਂ ਨੇ ਰਾਤ ਵਿਸ਼ਰਾਮ ਕੀਤਾ।

16 ਮਾਰਚ ਨੂੰ ਗੁਰਦੁਆਰਾ ਭੱਠਾ ਸਾਹਿਬ ਪਾ: ਦਸਵੀਂ ਰੋਪੜ ਤੋਂ ਸ਼ਬਦ ਗੁਰੂ ਯਾਤਰਾ ਦੀ ਰਵਾਨਗੀ ਹੋਈ ਜੋ ਗੁਰਦੁਆਰਾ ਸਦਾ ਬਰਤ ਸਾਹਿਬ, ਘਨੌਲੀ ਬੈਰੀਅਰ, ਸਰਸਾ ਨੰਗਲ, ਭਰਤਗੜ੍ਹ, ਬੂੰਗਾ ਸਾਹਿਬ, ਕੀਰਤਪੁਰ ਸਾਹਿਬ, ਕੋਟਲਾ ਪਾਵਰ ਹਾਊਸ, ਖਾਲਸਾ ਕਾਲਜ ਏ.ਪੀ.ਐਸ. ਰਸਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਵਿਖੇ ਪਹੁੰਚੀ। ਹੋਲੇ ਮਹੱਲੇ ਦੇ ਸਮਾਗਮਾਂ ਦੇ ਲਈ ਸੰਗਤਾਂ ਦੀ ਮੰਗ 'ਤੇ 23 ਮਾਰਚ ਤੱਕ ਸ਼ਬਦ ਗੁਰੂ ਯਾਤਰਾ ਦਾ ਪੜਾਅ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੀ ਕੀਤਾ ਗਿਆ। ਸ੍ਰੀ ਅਨੰਦਪੁਰ ਸਾਹਿਬ ਤੋਂ ਅਗਲੇ ਪੜਾਅ ਲਈ ਸ਼ਬਦ ਗੁਰੂ ਯਾਤਰਾ ਦੀ ਰਵਾਨਗੀ 24 ਮਾਰਚ ਨੂੰ ਹੋਈ।

24 ਮਾਰਚ ਨੂੰ ਸ਼ਬਦ ਗੁਰੂ ਯਾਤਰਾ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਤੋਂ ਆਰੰਭ ਹੋ ਕੇ ਅਗੰਮਪੁਰਾ, ਸੰਗਤਪੁਰ, ਝੱਜ ਚੌਂਕ, ਨੂਰਪੁਰਬੇਦੀ, ਜੱਟਪੁਰ, ਕਰਤਾਰਪੁਰ, ਹਿਆਤਪੁਰ, ਘੜੀਵਾਲ, ਸੁਖੇ ਮਾਜਰਾ, ਕੱਟਾਮ ਬੋਰ, ਜੀਤਪੁਰ, ਲਹੌਰ ਟਿੱਬੀ, ਰਾਜੂ ਮਾਜਰਾ, ਟੱਪਰੀਆਂ, ਅਕਲਿਆਣਾ, ਧੌਲ, ਬਲਾਚੌਰ ਰਸਤੇ ਗੁਰਦੁਆਰਾ ਸਾਹਿਬ ਮਹਿਤਪੁਰ (ਬਲਾਚੌਰ) ਵਿਖੇ ਪਹੁੰਚੀ ਜਿਥੇ ਰਾਤ ਵਿਸ਼ਰਾਮ ਕੀਤਾ ਗਿਆ।

25 ਮਾਰਚ ਨੂੰ ਸ਼ਬਦ ਗੁਰੂ ਯਾਤਰਾ ਗੁਰਦੁਆਰਾ ਸਾਹਿਬ ਮਹਿਤਪੁਰ (ਬਲਾਚੌਰ) ਤੋਂ ਆਰੰਭ ਹੋਈ ਜੋ ਬੀਰੋਵਾਲ, ਜਾਡਲਾ, ਉਸਮਾਨ, ਰਾਹੋਂ ਦਾਣਾ ਮੰਡੀ, ਕੰਗ, ਮਲਪੁਰ, ਮਾਹਲ ਪੈਲਸ, ਔੜ, ਹਰਿਆਮ ਹੁੰਦੀ ਹੋਈ ਆਈ. ਟੀ. ਆਈ. ਨਵਾਂ ਸ਼ਹਿਰ ਵਿਖੇ ਪਹੁੰਚੀ ਜਿਥੇ ਰਾਤ ਨੂੰ ਸੰਗਤਾਂ ਦਾ ਠਹਿਰਾਉ ਕਰਵਾਇਆ ਗਿਆ।

26 ਮਾਰਚ ਨੂੰ ਸ਼ਬਦ ਗੁਰੂ ਯਾਤਰਾ ਆਈ. ਟੀ. ਆਈ. ਨਵਾਂ ਸ਼ਹਿਰ ਤੋਂ ਚੱਲ ਕੇ ਮਹਾਲੋਂ, ਮਲਪੁਰ, ਅੜਕਾਂ, ਕਾਹਮਾਂ, ਖਟਕਲ ਕਲਾਂ ਹੁੰਦੀ ਹੋਈ ਭਾਈ ਸੰਗਤ ਸਿੰਘ ਕਾਲਜ ਬੰਗਾ ਪਹੁੰਚੀ ਜਿਥੇ ਸੰਗਤਾਂ ਨੇ ਰਾਤ ਵਿਸ਼ਰਾਮ ਕੀਤਾ।

27 ਮਾਰਚ ਨੂੰ ਭਾਈ ਸੰਗਤ ਸਿੰਘ ਕਾਲਜ ਬੰਗਾ ਤੋਂ ਰਵਾਨਾ ਹੋਈ ਸ਼ਬਦ ਗੁਰੂ ਯਾਤਰਾ ਪਿੰਡ ਚੌੜਾ, ਦੀਨੋਵਾਲ, ਡੇਰੋਂ ਰਸਤੇ ਬੱਬਰ ਅਕਾਲੀ ਮੈਮੋਰੀਅਲ ਕਾਲਜ ਗੜ੍ਹਸ਼ੰਕਰ (ਹੁਸ਼ਿਆਰਪੁਰ) ਵਿਖੇ ਰਾਤ ਨੂੰ ਪਹੁੰਚੀ ਜਿਥੇ ਸੰਗਤ ਨੇ ਵਿਸ਼ਰਾਮ ਕੀਤਾ।

28 ਮਾਰਚ ਨੂੰ ਸ਼ਬਦ ਗੁਰੂ ਯਾਤਰਾ ਬੱਬਰ ਅਕਾਲੀ ਮੈਮੋਰੀਅਲ ਕਾਲਜ ਗੜ੍ਹਸ਼ੰਕਰ (ਹੁਸ਼ਿਆਰਪੁਰ) ਤੋਂ ਚੱਲ ਕੇ ਪਿੰਡ ਗੱਲੀਆਂ, ਸਤਨੌਰ, ਡਾਨਸੀਵਾਲ, ਸੈਲਾ, ਬਦੋਵਾਲ, ਸਰਦੂਲਪੁਰ, ਟੂਟੋ ਮਾਜਰਾ ਹੁੰਦੇ ਹੋਏ ਗੁਰਦੁਆਰਾ ਸਾਹਿਬ ਸ਼ਹੀਦਾਂ ਲੱਧੇਵਾਲ ਮਾਹਿਲਪੁਰ (ਹੁਸ਼ਿਆਰਪੁਰ) ਪਹੁੰਚੀ ਜਿਥੇ ਰਾਤ ਵਿਸ਼ਰਾਮ ਕੀਤਾ।



29 ਮਾਰਚ ਨੂੰ ਗੁਰਦੁਆਰਾ ਸਾਹਿਬ ਸ਼ਹੀਦਾਂ ਲੱਧੇਵਾਲ ਮਾਹਿਲਪੁਰ ਤੋਂ ਰਵਾਨਾ ਹੋਈ ਸ਼ਬਦ ਗੁਰੂ ਯਾਤਰਾ ਬਾਹੋਵਾਲ, ਜੈਦਪੁਰ, ਹੰਦੋਵਾਲ, ਚੱਬੇਵਾਲ, ਜੱਟਪੁਰ, ਚਗਰਾਂ, ਨੰਗਲ ਸ਼ਹੀਦਾਂ, ਕੈਂਪ ਛਾਉਣੀ ਹੁੰਦੇ ਹੋਏ ਰਾਤ ਨੂੰ ਗੁਰਦੁਆਰਾ ਸਾਹਿਬ ਪੁਰਹੀਰਾਂ ਪਾ: ਛੇਵੀਂ (ਹੁਸ਼ਿਆਰਪੁਰ) ਪਹੁੰਚੀ ਜਿਥੇ ਸੰਗਤਾਂ ਨੇ ਰਾਤ ਦਾ ਵਿਸ਼ਰਾਮ ਕੀਤਾ।

30 ਮਾਰਚ ਨੂੰ ਗੁਰਦੁਆਰਾ ਸਾਹਿਬ ਪੁਰਹੀਰਾਂ ਪਾ: ਛੇਵੀਂ (ਹੁਸ਼ਿਆਰਪੁਰ) ਤੋਂ ਆਰੰਭ ਹੋਈ ਸ਼ਬਦ ਗੁਰੂ ਯਾਤਰਾ ਖਾਨਪੁਰ, ਲਾਚੋਵਾਲ, ਸਠਿਆਲ, ਗੀਗਨਵਾਲ, ਦਸੜਕਾ, ਆਲੋਵਾਲ, ਬਾਹੋਵਾਲ, ਖਡਿਆਲਾ ਸੈਣੀਆਂ, ਬੂਰੇਜੱਟਾਂ, ਸੀਕਰੀ, ਨੈਨੋਵਾਲ, ਕੰਧਾਲਾ ਜੱਟਾਂ, ਅੱਡਾ ਸਰਾਂ ਤੋਂ ਹੁੰਦੀ ਹੋਈ ਡੇਰਾ ਤਪ-ਅਸਥਾਨ ਬਾਬਾ ਬਲਵੰਤ ਸਿੰਘ ਜੀ (ਟਾਂਡਾ) ਪਹੁੰਚੀ ਜਿਥੇ ਰਾਤ ਵਿਸ਼ਰਾਮ ਕੀਤਾ।

31 ਮਾਰਚ ਨੂੰ ਸਵੇਰੇ ਸ਼ਬਦ ਗੁਰੂ ਯਾਤਰਾ ਦੀ ਰਵਾਨਗੀ ਡੇਰਾ ਤਪ-ਅਸਥਾਨ ਬਾਬਾ ਬਲਵੰਤ ਸਿੰਘ ਜੀ (ਟਾਂਡਾ) ਤੋਂ ਅਗਲੇ ਪੜਾਅ ਲਈ ਹੋਈ। ਇਥੋਂ ਚੱਲ ਕੇ ਇਹ ਯਾਤਰਾ ਪੱਕਾਪੁਲ, ਮਿਆਣੀ, ਕਾਹਲਵਾਂ, ਆਲਮਪੁਰ, ਚੱਕਬਾਮੂ, ਭੂਸ਼ਾ, ਸਫਦਰਪੁਰ, ਦਸੂਹਾ ਸ਼ੂਗਰ ਮਿਲ, ਰੰਧਾਵਾ ਅੱਡਾ, ਬਰੇਛਾਂ ਰਸਤੇ ਗੁਰਦੁਆਰਾ ਗਰਨਾ ਸਾਹਿਬ ਬੋਦਲ (ਹੁਸ਼ਿਆਰਪੁਰ) ਵਿਖੇ ਪਹੁੰਚੀ ਜਿਥੇ ਸੰਗਤਾਂ ਨੇ ਰਾਤ ਵਿਸ਼ਰਾਮ ਕੀਤਾ।









